੧ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

| | |
|---|---|
| ਮੱਘਰ | ਨਾਨਕਸ਼ਾਹੀ ਸੰਮਤ ੫੪੯ |
| ਅੰਕ ੧੧ | ਜਿਲਦ ੯੪ |
| ਨਵੰਬਰ | ੨੦੧੭ |

**ਸੰਪਾਦਕ** **ਦਿਲਜੀਤ ਸਿੰਘ 'ਬੇਦੀ'**

**ਸਹਾਇਤਾ**

| **ਦੇਸ਼** | **ਵਿਦੇਸ਼** |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |

***Website : www.sgpc.net***
***E-mail : gurdwaragazette@gmail.com***
***info@sgpc.net***

***Phone: 0183-255 3956-60, Ext. 254***

## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

---

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੮ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

---

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***

# ਲੇਖ ਸੂਚੀ

| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, | |
| ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ | ੮ |
| ਸ਼ਹੀਦ ਬਾਬਾ ਦੀਪ ਸਿੰਘ ਜੀ | |
| *-ਪ੍ਰੋ. ਕਿਰਪਾਲ ਸਿੰਘ ਬਡੂੰਗਰ* | *੧੦* |
| ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹੀਦੀ | |
| *-ਗਿਆਨੀ ਸੋਹਣ ਸਿੰਘ ਸੀਤਲ* | *੧੪* |
| ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ | |
| *-ਸ. ਜੋਗਿੰਦਰ ਸਿੰਘ* | *੩੨* |
| ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ | |
| *-ਸ. ਦਿਲਜੀਤ ਸਿੰਘ ਬੇਦੀ* | *੩੬* |
| ਤਿੰਨ ਜੰਗੀ ਜਰਨੈਲਾਂ ਦੀਆਂ ਤਸਵੀਰਾਂ ਦੀ ਸਥਾਪਨਾ | |
| *-ਸ. ਹਰਵਿੰਦਰ ਸਿੰਘ ਖਾਲਸਾ* | *੩੮* |
| ਕਵਿਤਾ | *੪੦* |
| ਖ਼ਬਰਨਾਮਾ | ੪੨ |
| ਸੇਵਾ ਸਰਗਰਮੀਆਂ | ੬੮ |
| ਹਿਸਾਬ-ਕਿਤਾਬ | *੭੪* |

***English Section***

| | |
|---|---|
| Historical Events | *91* |
| Sri Guru Gobind singh Ji | |
| *- S. Surjit Singh 'Gandhi'* | 93 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਮੱਘਰ)

| | | |
|---|---|---|
| * | ਕਿਵਾੜ ਖੁੱਲ੍ਹਣ ਦਾ ਸਮਾਂ | ੩-੦੦ ਵਜੇ ਅੰਮ੍ਰਿਤ ਵੇਲੇ |
| * | ਕੀਰਤਨ ਆਰੰਭ | ੩-੦੦ ਵਜੇ ਅੰਮ੍ਰਿਤ ਵੇਲੇ |
| * | ਆਸਾ ਦੀ ਵਾਰ ਦਾ ਕੀਰਤਨ ਆਰੰਭ | ੪-੦੦ ਵਜੇ ਸਵੇਰੇ |
| * | ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੫-੦੦ ਵਜੇ ਸਵੇਰੇ |
| * | ਪਹਿਲਾ ਹੁਕਮਨਾਮਾ | ੫-੩੦ ਵਜੇ ਸਵੇਰੇ |
| * | ਪਹਿਲੀ ਅਰਦਾਸ | ੬-੦੦ ਵਜੇ ਸਵੇਰੇ |
| * | ਆਸਾ ਦੀ ਵਾਰ ਦੀ ਸਮਾਪਤੀ | ੭-੦੦ ਵਜੇ ਸਵੇਰੇ |
| * | ਦੂਸਰੀ ਅਰਦਾਸ ਤੇ ਹੁਕਮਨਾਮਾ | ੭-੧੫ ਵਜੇ ਤੱਕ ਸਵੇਰੇ |
| * | ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ। | |
| * | ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੩੦ ਵਜੇ ਰਾਤ |
| * | ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੯-੪੫ ਵਜੇ ਰਾਤ |
| * | ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੦੦ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਨਵੰਬਰ ਤੋਂ ੧੫ ਦਸੰਬਰ ਵਿਚਲੇ ਇਤਿਹਾਸਕ ਦਿਹਾੜੇ

| | | |
|---|---|---|
| ੧੬ ਨਵੰਬਰ | | ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਾਉਂਟਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਪੁੱਜੇ। (੧੬-੧੧-੧੬੮੮) |
| ੧੭ ਨਵੰਬਰ | (ੳ) | ਬਾਬਾ ਬੁੱਢਾ ਜੀ ਸ੍ਰੀ ਅੰਮ੍ਰਿਤਸਰ ਜ਼ਿਲ੍ਹੇ ਦੇ ਕਸਬਾ ਰਮਦਾਸ ਵਿਖੇ ਅਕਾਲ ਚਲਾਣਾ ਕਰ ਗਏ। (੧੭-੧੧-੧੬੩੧) |
| | (ਅ) | ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਦਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਸਕਾਰ ਕੀਤਾ ਗਿਆ। (੧੭-੧੧-੧੬੭੫) |
| | (ੲ) | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪਹਿਲੀ ਚੋਣ ਮੁਕੰਮਲ ਹੋਈ। (੧੭-੧੧-੧੯੨੦) |
| ੧੮ ਨਵੰਬਰ | (ੳ) | ਸਿੱਖਾਂ ਨੇ ਗੁਰੂ ਕੇ ਬਾਗ ਦਾ ਮੋਰਚਾ ਜਿੱਤ ਲਿਆ। (੧੮-੧੧-੧੯੨੨) |
| | (ਅ) | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਨੂੰ ਸਿੱਖਾਂ ਦਾ ਪੰਜਵਾਂ ਤਖ਼ਤ ਐਲਾਨਿਆ। (੧੮-੧੧-੧੯੬੬) |
| ੧੯ ਨਵੰਬਰ | (ੳ) | ਮਹਾਰਾਜਾ ਰਣਜੀਤ ਸਿੰਘ ਨੇ ਪੇਸ਼ਾਵਰ 'ਤੇ ਕਬਜ਼ਾ ਕੀਤਾ। (੧੯-੧੧-੧੮੧੮) |
| | (ਅ) | ਗੁਰਦੁਆਰਾ ਪੰਜਾ ਸਾਹਿਬ (ਹਸਨ ਅਬਦਾਲ) ਨੂੰ ਜਥੇਦਾਰ ਕਰਤਾਰ ਸਿੰਘ ਝੱਬਰ ਦੀ ਅਗਵਾਈ ਵਿਚ ਸਿੱਖਾਂ ਨੇ ਆਜ਼ਾਦ ਕਰਵਾਇਆ। (੧੯-੧੧-੧੯੨੦) |
| ੨੨ ਨਵੰਬਰ | | ਸਿੱਖਾਂ ਤੇ ਅੰਗਰੇਜ਼ਾਂ ਵਿਚ ਰਾਮ ਨਗਰ ਦੀ ਲੜਾਈ। (੨੨-੧੧-੧੮੪੮) |
| ੨੪ ਨਵੰਬਰ | (ੳ) | ਸ੍ਰੀ ਗੁਰੂ ਅਰਜਨ ਦੇਵ ਜੀ ਨੇ ਕਸਬਾ ਕਰਤਾਰਪੁਰ (ਜਲੰਧਰ) ਦਾ ਨੀਂਹ ਪੱਥਰ ਰੱਖਿਆ। (੨੪-੧੧-੧੫੯੪) |
| | (ਅ) | ਸਿੱਖਾਂ ਨੇ ਨਹਿਰੂ ਵੱਲੋਂ ਸਿੱਖਾਂ ਪ੍ਰਤੀ ਕੀਤੀਆਂ ਅਪਮਾਨਜਨਕ ਟਿੱਪਣੀਆਂ ਦੇ ਖ਼ਿਲਾਫ਼ ਦਿੱਲੀ ਵਿਚ ਇਕ ਵਿਸ਼ਾਲ ਰੋਸ ਮਾਰਚ ਕੀਤਾ। (੨੪-੧੧-੧੯੬੦) |
| ੨੫ ਨਵੰਬਰ | | ਅਕਾਲੀ ਦਲ ਦੀ ਸਿਲਵਰ ਜੁਬਲੀ ਕਾਨਫਰੰਸ ਜ਼ਿਲ੍ਹਾ ਜਲੰਧਰ ਦੇ ਕਸਬਾ ਜੰਡਿਆਲਾ ਵਿਖੇ ਹੋਈ, ਜਿਸ ਵਿਚ ਪਾਕਿਸਤਾਨ ਬਣਾਏ ਜਾਣ ਦੀ ਮੁਖ਼ਾਲਫ਼ਤ ਕੀਤੀ। (੨੫-੧੧-੧੯੪੪) |
| ੨੬ ਨਵੰਬਰ | | ਸਿੱਖ ਲੀਡਰਾਂ ਨੇ ਭਾਰਤ ਦੇ ਨਵੇਂ ਬਣੇ ਸੰਵਿਧਾਨ ਨੂੰ ਰੱਦ ਕਰਦਿਆਂ ਇਸ 'ਤੇ ਦਸਤਖ਼ਤ ਕਰਨ ਤੋਂ ਇਨਕਾਰ ਕਰ ਦਿੱਤਾ । (੨੬-੧੧-੧੯੪੯) |
| ੨੮ ਨਵੰਬਰ | | ਭਾਰਤ ਸਰਕਾਰ ਨੇ ਬਿਆਨ ਦਿੱਤਾ ਕਿ ਸ੍ਰੀ ਦਰਬਾਰ ਸਾਹਿਬ ਦੇ ਘੱਲੂਘਾਰੇ ਦੇ ਵਿਰੁੱਧ ਰੋਸ ਪ੍ਰਗਟ ਕਰਨ ਵਾਲੇ ਫੌਜੀਆਂ ਵਿੱਚੋਂ ੨੨੩੯ ਸਿੱਖ ਫੌਜੀ ਸਿਪਾਹੀਆਂ ਦਾ ਕੋਰਟ ਮਾਰਸ਼ਲ ਕੀਤਾ। ੯੮ ਸਿੱਖ ਫੌਜੀਆਂ ਨੂੰ ਬਗ਼ਾਵਤ ਦੇ ਦੋਸ਼ ਬਦਲੇ ਨੌਕਰੀਆਂ ਤੋਂ ਵਿਹਲੇ ਕਰ ਦਿੱਤਾ ਗਿਆ । (੨੮-੧੧-੧੯੮੫) |
| ੩ ਦਸੰਬਰ | | ਭਾਈ ਮਹਾਰਾਜ ਸਿੰਘ ਨੇ ਜਲੰਧਰ ਤੇ ਹੁਸ਼ਿਆਰਪੁਰ ਦੀਆਂ ਫੌਜੀ ਛਾਉਣੀਆਂ 'ਤੇ ਹਮਲਾ ਕਰਨ ਦੀ ਸਕੀਮ ਬਣਾਈ । (੩-੧੨-੧੮੪੯) |
| ੪ ਦਸੰਬਰ | | ਸਿੱਖਾਂ ਨੇ ਪੰਡਤ ਨਹਿਰੂ ਦੀ ਰਾਜਪੁਰਾ ਰੈਲੀ ਵਿਚ ਪੰਜਾਬੀ ਸੂਬੇ ਦੇ ਨਾਅਰੇ ਲਗਾਏ, ਜਿਸ |

| | | | |
|---|---|---|---|
| | | ਕਾਰਨ ੧੫ ਸਿੱਖ ਗ੍ਰਿਫਤਾਰ ਕਰ ਲਏ ਗਏ । | (੪-੧੨-੧੯੬੦) |
| ੭ ਦਸੰਬਰ | | ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੇ ੭੦੦ ਸਾਥੀਆਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ ਅਤੇ ਬੰਦੀ ਬਣਾ ਕੇ ਦਿੱਲੀ ਲਿਜਾਇਆ ਗਿਆ । | (੭-੧੨-੧੭੧੫) |
| ੮ ਦਸੰਬਰ | | ਸੈਂਟਰਲ ਸਿੱਖ ਲੀਗ ਲਾਹੌਰ ਵਿਖੇ ਸਥਾਪਤ ਕੀਤੀ ਗਈ । | (੮-੧੨-੧੯੧੯) |
| ੧੧ ਦਸੰਬਰ | | ਅਕਾਲੀ ਦਲ ਨੇ ਬਦਲੇ ਹੋਏ ਹਾਲਾਤਾਂ ਨੂੰ ਮੁਖ-ਰੱਖਦਿਆਂ 'ਦਲ' ਦੀਆਂ ਨੀਤੀਆਂ ਦਾ ਖਰੜਾ ਤਿਆਰ ਕਰਨ ਲਈ ਇਕ ਕਮੇਟੀ ਦਾ ਗਠਨ ਕੀਤਾ। ਇਸੇ ਕਮੇਟੀ ਨੇ ਇਤਿਹਾਸਕ ਮਤੇ 'ਅਨੰਦਪੁਰ ਸਾਹਿਬ ਦਾ ਮਤਾ' ਦਾ ਖਰੜਾ ਤਿਆਰ ਕੀਤਾ। | (੧੧-੧੨-੧੯੭੨) |
| ੧੨ ਦਸੰਬਰ | (ੳ) | ਸਿੱਖਾਂ ਤੋਂ ਬੁਰੀ ਤਰ੍ਹਾਂ ਹਾਰ ਜਾਣ 'ਤੇ ਅਹਿਮਦ ਸ਼ਾਹ ਅਬਦਾਲੀ ਆਪਣੇ ਵਤਨ ਵਾਪਸ ਚਲਾ ਗਿਆ ।ਕਾਬਲੀ ਮੱਲ ਪੰਜਾਬ ਦਾ ਗਵਰਨਰ ਬਣਿਆ ਤੇ ਸਿੱਖ ਪੰਜਾਬ ਦੇ ਅਸਲੀ ਮਾਲਕ ਬਣ ਗਏ । | (੧੨-੧੨-੧੭੬੨) |
| | (ਅ) | ੫੩ ਮਹੰਤਾਂ ਨੇ ਅੰਮ੍ਰਿਤਸਰ ਵਿਖੇ ਇਕ ਇਕੱਠ ਕਰਕੇ ਗੁਰਦੁਆਰਾ ਸੁਧਾਰ ਲਹਿਰ ਦਾ ਵਿਰੋਧ ਕਰਨ ਦਾ ਫੈਸਲਾ ਕੀਤਾ । | (੧੨-੧੨-੧੯੨੦) |

■

## ਮੱਘਰ ਮਹੀਨੇ ਦੇ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ

*ਗੁਰਪੁਰਬ:*

| | |
|---|---|
| * ਗੁਰਗੱਦੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ | ੬ ਮੱਘਰ |
| * ਸ਼ਹੀਦੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ | ੮ ਮੱਘਰ |

*ਇਤਿਹਾਸਕ ਦਿਹਾੜੇ:*

| | |
|---|---|
| * ਸਥਾਪਨਾ ਸ਼੍ਰੋਮਣੀ ਗੁ: ਪ੍ਰ: ਕਮੇਟੀ | ੧ ਮੱਘਰ |
| * ਅਕਾਲ ਚਲਾਣਾ ਭਾਈ ਮਰਦਾਨਾ ਜੀ | ੧੩ ਮੱਘਰ |
| * ਜਨਮ ਸਾਹਿਬਜ਼ਾਦਾ ਜੋਰਾਵਰ ਸਿੰਘ ਜੀ | ੧੫ ਮੱਘਰ |
| * ਸ਼ਹੀਦੀ ਬਾਬਾ ਗੁਰਬਖਸ਼ ਸਿੰਘ ਜੀ | ੧੯ ਮੱਘਰ |
| * ਜਨਮ ਸਾਹਿਬਜ਼ਾਦਾ ਫਤਿਹ ਸਿੰਘ ਜੀ | ੨੯ ਮੱਘਰ |
| * ਸਥਾਪਨਾ ਸ਼੍ਰੋਮਣੀ ਅਕਾਲੀ ਦਲ | ੨੯ ਮੱਘਰ |

**ਗੁਰਬਾਣੀ ਵਿਚਾਰ:**

# ਮੰਘਿਰਿ ਮਾਹਿ ਸੋਹੰਦੀਆ ...

**ਮੰਘਿਰਿ ਮਾਹਿ ਸੋਹੰਦੀਆ ਹਰਿ ਪਿਰ ਸੰਗਿ ਬੈਠੜੀਆਹ॥**
**ਤਿਨ ਕੀ ਸੋਭਾ ਕਿਆ ਗਣੀ ਜਿ ਸਾਹਿਬਿ ਮੇਲੜੀਆਹ॥**
**ਤਨੁ ਮਨੁ ਮਉਲਿਆ ਰਾਮ ਸਿਉ ਸੰਗਿ ਸਾਧ ਸਹੇਲੜੀਆਹ॥**
**ਸਾਧ ਜਨਾ ਤੇ ਬਾਹਰੀ ਸੇ ਰਹਨਿ ਇਕੇਲੜੀਆਹ॥**
**ਤਿਨ ਦੁਖੁ ਨ ਕਬਹੂ ਉਤਰੈ ਸੇ ਜਮ ਕੈ ਵਸਿ ਪੜੀਆਹ॥**
**ਜਿਨੀ ਰਾਵਿਆ ਪ੍ਰਭੁ ਆਪਣਾ ਸੇ ਦਿਸਨਿ ਨਿਤ ਖੜੀਆਹ॥**
**ਰਤਨ ਜਵੇਹਰ ਲਾਲ ਹਰਿ ਕੰਠਿ ਤਿਨਾ ਜੜੀਆਹ॥**
**ਨਾਨਕ ਬਾਂਛੈ ਧੂੜਿ ਤਿਨ ਪ੍ਰਭ ਸਰਣੀ ਦਰਿ ਪੜੀਆਹ॥**
**ਮੰਘਿਰਿ ਪ੍ਰਭੁ ਆਰਾਧਣਾ ਬਹੁੜਿ ਨ ਜਨਮੜੀਆਹ ॥੧੦॥**

*(ਪੰਨਾ ੧੩੫)*

ਮੱਘਰ (ਦੇ ਠੰਢੇ-ਮਿੱਠੇ) ਮਹੀਨੇ ਵਿਚ ਉਹ ਜੀਵ-ਇਸਤਰੀਆਂ ਸੋਹਣੀਆਂ ਲੱਗਦੀਆਂ ਹਨ, ਜੋ ਹਰੀ-ਪਤੀ ਦੇ ਨਾਲ ਬੈਠੀਆਂ ਹੁੰਦੀਆਂ ਹਨ। ਜਿਨ੍ਹਾਂ ਨੂੰ ਮਾਲਕ-ਪ੍ਰਭੂ ਨੇ ਆਪਣੇ ਨਾਲ ਮਿਲਾ ਲਿਆ, ਉਨ੍ਹਾਂ ਦੀ ਸ਼ੋਭਾ ਬਿਆਨ ਨਹੀਂ ਹੋ ਸਕਦੀ। ਸਤਸੰਗੀ ਸਹੇਲੀਆਂ ਦੀ ਸੰਗਤ ਵਿਚ ਪ੍ਰਭੂ ਦੇ ਨਾਲ (ਚਿੱਤ ਜੋੜ ਕੇ) ਉਨ੍ਹਾਂ ਦਾ ਤਨ, ਮਨ ਸਦਾ ਖਿੜਿਆ ਰਹਿੰਦਾ ਹੈ।

ਪਰ ਜਿਹੜੀਆਂ ਜੀਵ-ਇਸਤਰੀਆਂ ਸਤਸੰਗੀਆਂ (ਦੀ ਸੰਗਤ) ਤੋਂ ਵਾਂਝੀਆਂ ਰਹਿੰਦੀਆਂ ਹਨ, ਉਹ ਇਕੱਲੀਆਂ (ਛੁੱਟੜ) ਹੀ ਰਹਿੰਦੀਆਂ ਹਨ, ਜਿਵੇਂ ਸੜੇ ਹੋਏ ਤਿਲਾਂ ਦਾ ਬੂਟਾ ਪੈਲ਼ੀ ਵਿਚ ਨਿਖਸਮਾ ਰਹਿੰਦਾ ਹੈ। ਇਕੱਲੀ ਨਿਖਸਮੀ ਜ਼ਿੰਦ ਨੂੰ ਵੇਖ ਕੇ ਕਾਮਾਦਿਕ ਕਈ ਵੈਰੀ ਆ ਕੇ ਘੇਰ ਲੈਂਦੇ ਹਨ ਤੇ ਉਨ੍ਹਾਂ ਦਾ (ਵਿਕਾਰਾਂ ਤੋਂ ਉਪਜਿਆ) ਦੁੱਖ ਕਦੇ ਲਹਿੰਦਾ ਨਹੀਂ, ਉਹ ਜਮਾਂ ਦੇ ਵੱਸ ਪਈਆਂ ਰਹਿੰਦੀਆਂ ਹਨ।

ਜਿਨ੍ਹਾਂ ਜੀਵ-ਇਸਤਰੀਆਂ ਨੇ ਪਤੀ-ਪਰਮਾਤਮਾ ਦਾ ਸਾਥ ਮਾਣਿਆ ਹੈ, ਉਹ (ਵਿਕਾਰਾਂ ਦੇ ਹੱਲੇ ਵੱਲੋਂ) ਸਦਾ ਸੁਚੇਤ ਦਿੱਸਦੀਆਂ ਹਨ (ਵਿਕਾਰ ਉਨ੍ਹਾਂ ਉਤੇ ਚੋਟ ਨਹੀਂ ਕਰ ਸਕਦੇ, ਕਿਉਂਕਿ) ਪਰਮਾਤਮਾ ਦੇ ਗੁਣ ਉਨ੍ਹਾਂ ਦੇ ਹਿਰਦੇ ਵਿਚ ਪ੍ਰੋਤੇ ਰਹਿੰਦੇ ਹਨ, ਜਿਵੇਂ ਹੀਰੇ, ਜਵਾਹਰ ਤੇ ਲਾਲਾਂ ਦਾ ਹਾਰ ਗਲ ਵਿਚ ਪਾਇਆ ਹੁੰਦਾ ਹੈ।

ਗੁਰੂ ਜੀ ਉਨ੍ਹਾਂ ਸਤਸੰਗੀਆਂ ਦੇ ਚਰਨਾਂ ਦੀ ਧੂੜ ਮੰਗਦੇ ਹਨ, ਜੋ ਪ੍ਰਭੂ ਦੇ ਦਰ 'ਤੇ ਪਏ ਰਹਿੰਦੇ ਹਨ, ਜੋ ਪ੍ਰਭੂ ਦੀ ਸ਼ਰਨ ਵਿਚ ਰਹਿੰਦੇ ਹਨ। ਮੱਘਰ ਵਿਚ ਪਰਮਾਤਮਾ ਦਾ ਸਿਮਰਨ ਕੀਤਿਆਂ ਮੁੜ ਜਨਮ-ਮਰਨ ਦਾ ਗੇੜ ਨਹੀਂ ਵਾਪਰਦਾ॥੧੦॥

■

*ਸੰਪਾਦਕੀ...*

# ਸੀਸੁ ਦੀਆ ਪਰ ਸਿਰਰੁ ਨ ਦੀਆ

*ਹਿੰਦ ਦੀ ਚਾਦਰ, ਧਰਮ ਰੱਖਿਅਕ, ਤਿਲਕ ਜੰਞੂ ਦੇ ਰਾਖੇ, ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਮਨੁੱਖੀ ਅਜ਼ਾਦੀ ਦੇ ਰਹਿਨੁਮਾ ਅਤੇ ਤਿਆਗ ਦੀ ਬੇਮਿਸਾਲ ਮੂਰਤ ਸਨ। ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜਨਮ ਮਾਤਾ ਨਾਨਕੀ ਜੀ ਦੀ ਕੁੱਖੋਂ, ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗ੍ਰਿਹ 'ਗੁਰੂ ਕੇ ਮਹਿਲ' ਅੰਮ੍ਰਿਤਸਰ ਵਿਖੇ ਹੋਇਆ। ਆਪ ਜੀ ਦਾ ਮੁੱਢਲਾ ਨਾਮ ਤਿਆਗ ਮੱਲ ਸੀ, ਪਰ ਮੁਗ਼ਲਾਂ ਨਾਲ ਕਰਤਾਰਪੁਰ ਦੀ ਜੰਗ ਵਿਚ ਆਪ ਨੇ ਵੱਡੇ ਸੂਰਬੀਰਾਂ ਦੀ ਤਰ੍ਹਾਂ ਅਨੋਖੀ ਬਹਾਦਰੀ ਵਿਖਾਈ, ਜਿਸ ਕਰਕੇ ਉਨ੍ਹਾਂ ਦਾ ਨਾਮ ਤੇਗ਼ ਬਹਾਦਰ ਰੱਖ ਦਿੱਤਾ ਗਿਆ। ਆਪ ਜੀ ਦਾ ਵਿਆਹ ਕਰਤਾਰਪੁਰ ਨਿਵਾਸੀ ਸ੍ਰੀ ਲਾਲ ਚੰਦ ਜੀ ਦੀ ਸਪੁੱਤਰੀ ਗੁਜਰੀ ਜੀ ਨਾਲ ਹੋਇਆ। ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਵੱਲੋਂ ਦਿੱਲੀ ਵਿਖੇ ਜੋਤੀ-ਜੋਤਿ ਸਮਾਉਣ ਤੋਂ ਪਹਿਲਾਂ ਅਗਲੇ ਗੁਰੂ ਦੇ ਸੰਬੰਧ ਵਿਚ 'ਬਾਬਾ ਬਕਾਲੇ' ਦੇ ਸੰਕੇਤਕ ਬਚਨਾਂ ਦੇ ਸਨਮੁੱਖ ਭਾਈ ਮੱਖਣ ਸ਼ਾਹ ਲੁਬਾਣੇ ਨੇ ਆਪ ਜੀ ਨੂੰ ਪ੍ਰਗਟ ਕੀਤਾ। ਗੁਰੂ ਪਦਵੀ ਧਾਰਣ ਉਪਰੰਤ ਗੁਰੂ ਤੇਗ ਬਹਾਦਰ ਜੀ ਨੇ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਜਿੱਥੇ ਦੇਸ਼ ਦੇ ਵੱਖ-ਵੱਖ ਭਾਗਾਂ ਵਿਚ ਪ੍ਰਚਾਰ ਦੌਰੇ ਕੀਤੇ, ਉਥੇ ਸ਼ਿਵਾਲਕ ਦੀ ਰਮਣੀਕ ਵਾਦੀ ਵਿਚ ਦਰਿਆ ਸਤਲੁਜ ਦੇ ਕੰਢੇ 'ਤੇ ਅਨੰਦਪੁਰ ਨਗਰ ਦੀ ਸਿਰਜਣਾ ਵੀ ਕੀਤੀ।*

*ਇਤਿਹਾਸ ਅਨੁਸਾਰ ਕਸ਼ਮੀਰੋਂ ਆਏ ਪੰਡਿਤਾਂ ਦੇ ਵਫ਼ਦ ਨੇ ਅਨੰਦਪੁਰ ਸਾਹਿਬ ਵਿਖੇ ਆ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਔਰੰਗਜ਼ੇਬ ਦੀ ਹਕੂਮਤ ਵੱਲੋਂ ਕੀਤੀ ਜਾ ਰਹੀ ਜਬਰੀ ਧਰਮ ਤਬਦੀਲੀ ਦੀ ਦੁੱਖਾਂ ਭਰੀ ਦਾਸਤਾਨ ਸੁਣਾਈ ਤਾਂ ਸਤਿਗੁਰਾਂ ਨੇ ਉੱਤਰ ਦਿੱਤਾ ਕਿ ਕਿਸੇ ਪਵਿੱਤਰ ਆਤਮਾ ਦੀ ਕੁਰਬਾਨੀ ਨਾਲ ਹੀ ਹਕੂਮਤ ਦੇ ਅੱਤਿਆਚਾਰ ਰੁਕ ਸਕਣਗੇ। ਇਸ ਸਮੇਂ ਕੋਲ ਖਲੋਤੇ ੯ ਸਾਲਾਂ ਦੇ ਬਾਲਕ ਗੋਬਿੰਦ ਰਾਏ (ਸ੍ਰੀ ਗੁਰੂ ਗੋਬਿੰਦ ਸਿੰਘ ਜੀ) ਨੇ ਆਖਿਆ ਕਿ ਆਪ ਨਾਲੋਂ ਵਧੇਰੇ ਹੋਰ ਮਹਾਨ ਪੁਰਸ਼ ਕੌਣ ਹੋ ਸਕਦਾ ਹੈ? ਪਾਤਸ਼ਾਹ ਨੇ ਬਾਲ ਗੋਬਿੰਦ ਰਾਏ ਨੂੰ ਬੜੇ ਪ੍ਰਤਾਪੀ ਤੇ ਪ੍ਰਤੱਖ ਸਮਝ ਕੇ ਆਪਣੇ ਗਲੇ ਲਗਾ ਲਿਆ ਅਤੇ ਉਸੇ ਸਮੇਂ ਕਸ਼ਮੀਰੀ ਪੰਡਿਤਾਂ ਨੂੰ ਕਹਿ ਦਿੱਤਾ ਕਿ ਉਹ ਬਾਦਸ਼ਾਹ ਨੂੰ ਜਾ ਕੇ ਆਖ ਦੇਣ ਕਿ ਪਹਿਲਾਂ ਉਨ੍ਹਾਂ ਦੇ ਗੁਰੂ ਤੇਗ ਬਹਾਦਰ ਜੀ ਨੂੰ ਇਸਲਾਮ ਵਿਚ ਲੈ ਆਉਣ, ਫਿਰ ਆਪੇ ਹੀ ਸਭ ਮੁਸਲਮਾਨ ਬਣ ਜਾਣਗੇ। ਔਰੰਗਜ਼ੇਬ ਬਾਦਸ਼ਾਹ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਗ੍ਰਿਫਤਾਰੀ ਦਾ ਹੁਕਮ ਜਾਰੀ ਕਰ ਦਿੱਤਾ।*

*ਸ੍ਰੀ ਗੁਰੂ ਤੇਗ ਬਹਾਦਰ ਜੀ ਪਰਿਵਾਰ ਅਤੇ ਸਿੱਖ ਸੰਗਤਾਂ ਨੂੰ ਉਪਦੇਸ਼ ਦੇ ਕੇ ਕੁਝ ਚੋਣਵੇਂ ਸਿੱਖਾਂ ਨਾਲ ਦਿੱਲੀ ਲਈ ਰਵਾਨਾ ਹੋ ਗਏ। ਦੁਨੀਆਂ ਦੇ ਇਤਿਹਾਸ ਅੰਦਰ ਇਹ ਪਹਿਲੀ ਵਾਰ ਸੀ ਕਿ ਕੋਈ ਕਤਲ ਹੋਣ ਵਾਲਾ ਖੁਦ ਚਲ ਕੇ ਜਾਵੇ, ਉਹ ਵੀ ਕਿਸੇ ਦੂਸਰੇ ਧਰਮ ਦੀ ਰੱਖਿਆ ਲਈ। ਸੰਸਾਰ ਵਿਚ ਬਹੁਤ ਪੁਰਸ਼ਾਂ ਨੇ ਆਪਣੇ ਦੇਸ਼, ਕੌਮ ਜਾਂ ਆਪਣੇ ਧਰਮ ਨੂੰ ਬਚਾਉਣ ਲਈ ਕੁਰਬਾਨੀਆਂ ਦਿੱਤੀਆਂ ਹੋਣਗੀਆਂ, ਪਰ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹੋਰਨਾਂ ਦੇ ਧਰਮ ਨੂੰ ਬਚਾਉਣ ਲਈ ਅਤੇ ਮਨੁੱਖਤਾ ਦੇ ਮੁੱਢਲੇ ਅਧਿਕਾਰਾਂ ਲਈ ਕੁਰਬਾਨੀ ਦਿੱਤੀ।*

*ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਆਗਰੇ ਵਿਖੇ ਗ੍ਰਿਫਤਾਰੀ ਹੋਈ। ਗੁਰੂ ਜੀ ਨੂੰ ਇਥੋਂ ਦਿੱਲੀ*

*ਲਿਜਾਇਆ ਗਿਆ। ਉਨ੍ਹਾਂ ਦੇ ਨਾਲ ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਵੀ ਸਨ। ਹਕੂਮਤ ਨੇ ਪਹਿਲਾਂ ਤਾਂ ਬਹੁਤ ਡਰਾਵੇ ਤੇ ਲਾਲਚ ਦਿੱਤੇ ਕਿ ਉਹ ਮੁਸਲਮਾਨ ਬਣ ਜਾਣ, ਪਰ ਜਦੋਂ ਗੁਰੂ ਸਾਹਿਬ ਨਾ ਮੰਨੇ ਤਾਂ ਉਨ੍ਹਾਂ ਦੇ ਸਾਥੀਆਂ ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ ਨੂੰ ਗੁਰੂ ਸਾਹਿਬ ਜੀ ਦੀਆਂ ਅੱਖਾਂ ਦੇ ਸਾਹਮਣੇ ਬੜੇ ਤਸੀਹੇ ਦੇ ਕੇ ਸ਼ਹੀਦ ਕਰ ਦਿੱਤਾ ਗਿਆ। ਅਖੀਰ ਨਵੰਬਰ ੧੬੭੫ ਈ: ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਵੀ ਸ਼ਹੀਦ ਕਰ ਦਿੱਤਾ ਗਿਆ।*

*ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦਾ ਆਦਰਸ਼ ਜਿਥੇ ਮਾਨਵ ਧਰਮ ਦੀ ਸੁਰੱਖਿਆ ਅਤੇ ਬੁਨਿਆਦੀ ਹੱਕਾਂ-ਅਧਿਕਾਰਾਂ ਦੀ ਬਰਕਰਾਰੀ ਸੀ ਉੱਥੇ ਉਸ ਸਮੇਂ ਦੇ ਸਭ ਤੋਂ ਵੱਡੇ ਮੁਗ਼ਲ ਸਾਮਰਾਜ ਨੂੰ ਵੱਡੀ ਚੁਣੌਤੀ ਅਤੇ ਔਰੰਗਜ਼ੇਬ ਵੱਲੋਂ ਸਾਰੇ ਹਿੰਦੋਸਤਾਨ ਨੂੰ ਇਸਲਾਮ ਦੇ ਝੰਡੇ ਹੇਠ ਲਿਆਉਣ ਲਈ ਜਬਰੀ ਧਰਮ ਬਦਲਣ ਦੀ ਅਪਣਾਈ ਗਈ ਹਿੰਸਕ ਨੀਤੀ ਨੂੰ ਇਕ ਕਰੜੀ ਵੰਗਾਰ ਵੀ ਸੀ।*

*ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸੰਸਾਰ ਅੰਦਰ ਅਦੁੱਤੀ ਅਤੇ ਬੇਮਿਸਾਲ ਹੈ। ਇਸੇ ਕਰਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਚਿੱਤਰ ਨਾਟਕ ਵਿਚ ਫੁਰਮਾਇਆ ਹੈ:*

***ਠੀਕਰਿ ਫੋਰਿ ਦਿਲੀਸਿ ਸਿਰਿ ਪ੍ਰਭ ਪੁਰ ਕੀਯਾ ਪਯਾਨ॥***
***ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥***

*ਅੱਜ ਉਸ ਮਹਾਨ ਪੁਰਸ਼ ਦੀ ਸ਼ਹਾਦਤ ਵਾਲੇ ਸਥਾਨ 'ਤੇ ਹਰ ਰੋਜ਼ ਹਜ਼ਾਰਾਂ ਲੋਕਾਂ ਦੇ ਸੀਸ ਬੜੇ ਹੀ ਸਤਿਕਾਰ ਨਾਲ ਝੁਕਦੇ ਹਨ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਭਾਰਤੀ ਇਤਿਹਾਸ ਵਿਚ ਹੀ ਨਹੀਂ, ਸਗੋਂ ਸੰਸਾਰ ਦੇ ਇਤਿਹਾਸ ਵਿਚ ਇਕ ਅਲੌਕਿਕ ਤੇ ਬੇਮਿਸਾਲ ਘਟਨਾ ਹੈ। ਇਸ ਤਰ੍ਹਾਂ ਨੌਂਵੇਂ ਪਾਤਸ਼ਾਹ ਦੀ ਸ਼ਹਾਦਤ ਸਿੱਖ ਇਤਿਹਾਸ ਵਿਚ ਇਕ ਨਵਾਂ ਮੋੜ ਸੀ ਜੋ ਧਾਰਮਿਕ, ਰਾਜਨੀਤਿਕ ਅਤੇ ਆਰਥਿਕ ਅਜ਼ਾਦੀ ਦੀ ਖਾਤਿਰ ਹੋਈ। ਗੁਰੂ ਸਾਹਿਬ ਦੀ ਸ਼ਹਾਦਤ ਭਾਰਤ ਲਈ ਹੀ ਨਹੀਂ ਸਗੋਂ ਸਮੁੱਚੇ ਸੰਸਾਰ ਲਈ ਚਾਨਣ ਮੁਨਾਰੇ ਦਾ ਕਾਰਜ ਕਰ ਰਹੀ ਹੈ। ਸਾਨੂੰ ਵੀ ਗੁਰੂ ਸਾਹਿਬ ਦੀ ਸ਼ਹਾਦਤ ਤੋਂ ਕੁਝ ਸਿੱਖਣ ਦੀ ਲੋੜ ਹੈ।*

-ਦਿਲਜੀਤ ਸਿੰਘ 'ਬੇਦੀ'

## ਅੰਮ੍ਰਿਤ ਸੰਚਾਰ

**ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।**

# ਸ਼ਹੀਦ ਬਾਬਾ ਦੀਪ ਸਿੰਘ ਜੀ

*-ਪ੍ਰੋ. ਕਿਰਪਾਲ ਸਿੰਘ ਬਡੂੰਗਰ**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਜੇ ਖਾਲਸਾ ਪੰਥ ਨੇ ਹਿੰਦੋਸਤਾਨ ਅਤੇ ਹੱਕ-ਸੱਚ ਦੀ ਰਾਖੀ ਲਈ ਜੋ ਸੁਨਹਿਰੀ ਇਤਿਹਾਸ ਰਚਿਆ ਹੈ, ਇਸ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿਚ ਹੋਰ ਕਿਤੇ ਨਹੀਂ ਮਿਲਦੀ। ਅਮਨ-ਸ਼ਾਂਤੀ ਦੇ ਸਮੇਂ ਤਾਂ ਧਰਮ ਦੇ ਰਾਖੇ ਬਣ ਬੈਠਣਾ ਕੋਈ ਵੱਡੀ ਗੱਲ ਨਹੀਂ ਹੁੰਦੀ, ਸੁਆਦ ਤਾਂ ਉਸ ਸਮੇਂ ਰਾਖੇ ਬਣਨ ਦਾ ਹੁੰਦਾ ਹੈ, ਜਦੋਂ ਹੱਕ-ਸੱਚ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੋਵੇ ਤੇ ਧਰਮ ਦਾ ਨਾਂ ਲੈਣਾ ਵੀ ਜ਼ੁਲਮ ਸਮਝਿਆ ਜਾਂਦਾ ਹੋਵੇ। ਜ਼ੁਲਮ ਵੀ ਅਜਿਹਾ ਜਿਸ ਦੀ ਕੋਈ ਦਾਦ-ਫ਼ਰਿਆਦ ਨਾ ਹੋਵੇ ਤੇ ਕਿਸੇ ਤੋਂ ਨਿਆਂ ਦੀ ਕੋਈ ਆਸ ਨਾ ਹੋਵੇ। ਮੁਗ਼ਲ ਰਾਜ ਸਮੇਂ ਖਾਸ ਕਰਕੇ ਬਾਦਸ਼ਾਹ ਔਰੰਗਜ਼ੇਬ ਦੇ ਸਮੇਂ ਗ਼ੈਰ-ਮੁਸਲਮਾਨਾਂ 'ਤੇ ਅਨੇਕ ਪ੍ਰਕਾਰ ਦੀਆਂ ਬੰਦਸ਼ਾਂ ਲਗਾ ਦਿੱਤੀਆਂ ਗਈਆਂ ਤੇ ਤਲਵਾਰ ਦੇ ਜ਼ੋਰ ਨਾਲ ਗ਼ੈਰ-ਮੁਸਲਮਾਨਾਂ ਨੂੰ ਜਬਰੀ ਮੁਸਲਮਾਨ ਬਣਾਇਆ ਜਾਣ ਲੱਗਾ।

ਅਜਿਹੇ ਘੋਰ ਸੰਕਟ ਦੇ ਸਮੇਂ ਜਦੋਂ ਇਸ ਜ਼ੁਲਮ ਅੱਗੇ ਸਾਰੇ ਹਿੰਦੋਸਤਾਨ ਦੀ ਜਨਤਾ ਥਰ-ਥਰ ਕੰਬ ਰਹੀ ਸੀ, ਉਸ ਸਮੇਂ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਧਰਮ ਨੂੰ ਬਚਾਉਣ ਲਈ ਅਤੇ ਹੱਕ-ਸੱਚ ਦੀ ਰਾਖੀ ਲਈ ਜ਼ਾਲਮ ਹਕੂਮਤ ਨੂੰ ਠੱਲ੍ਹ ਪਾਉਣ ਲਈ ਖਾਲਸੇ ਦੀ ਸਾਜਣਾ ਕੀਤੀ। ਅਕਾਲ ਪੁਰਖ ਨੇ ਖਾਲਸਾ ਦਲਾਂ ਨੂੰ ਅਜਿਹਾ ਹੌਂਸਲਾ ਤੇ ਬਲ ਬਖ਼ਸ਼ਿਆ ਕਿ ਸੂਰਬੀਰ ਸਿੰਘਾਂ ਨੇ ਹਰ ਜ਼ੁਲਮ ਦਾ ਟਾਕਰਾ ਆਪਣਾ ਸਿਰ ਤਲੀ 'ਤੇ ਧਰ ਕੇ ਦੁਨੀਆਂ ਅੱਗੇ ਅਜਿਹੇ ਕਾਰਨਾਮੇ ਪੇਸ਼ ਕੀਤੇ ਕਿ ਲੋਕ ਮੂੰਹ ਵਿਚ ਉਂਗਲਾਂ ਪਾ ਕੇ ਸੋਚਣ ਲੱਗ ਪਏ।

ਸਿੱਖਾਂ ਦੀਆਂ ੧੨ ਮਿਸਲਾਂ 'ਚੋਂ ਸ਼ਹੀਦਾਂ ਦੀ ਮਿਸਲ ਦੇ ਬਾਨੀ ਬਾਬਾ ਦੀਪ ਸਿੰਘ ਜੀ ਦਾ ਜਨਮ ੧੬੮੨ ਈ. ਵਿਚ ਅੰਮ੍ਰਿਤਸਰ ਪਰਗਣੇ ਦੇ ਪਹੂਵਿੰਡ ਪਿੰਡ ਵਿਖੇ ਹੋਇਆ। ਜੁਆਨ ਅਵਸਥਾ ਵਿਚ ਆਪ ਖੰਡੇ-ਬਾਟੇ ਦੀ ਪਾਹੁਲ ਛਕ ਕੇ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੇਵਾ ਵਿਚ ਰਹਿਣ ਲੱਗ ਪਏ। ਜਥੇਦਾਰ ਬੁੱਢਾ ਸਿੰਘ ਜੀ ਵੀ ਆਪ ਜੀ ਦੇ ਸਾਥੀ ਸਨ।

ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਚਮਕੌਰ ਦੀ ਜੰਗ ਤੋਂ ਬਾਅਦ ਜੰਗਲਾਂ ਦੇ ਵਿਚ ਦੀ ਹੁੰਦੇ ਹੋਏ ਪਿੰਡਾਂ ਵਿਚ ਠਹਿਰਦੇ ਤਲਵੰਡੀ ਸਾਬੋ ਪਹੁੰਚੇ ਅਤੇ ਇਸ ਜਗ੍ਹਾ 'ਤੇ ਆ ਕੇ ਟਿਕ ਗਏ ਅਤੇ ਸਿੱਖਾਂ ਨੂੰ ਹੁਕਮਨਾਮੇ ਜਾਰੀ ਕੀਤੇ, ਜਿਸ ਕਾਰਨ ਇਸ ਜਗ੍ਹਾ ਦਾ ਨਾਂ ਦਮਦਮਾ ਸਾਹਿਬ ਪੈ ਗਿਆ। ਤਲਵੰਡੀ ਸਾਬੋ ਵਿਖੇ ਅੱਜ ਜਿੱਥੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਇਮਾਰਤ ਬਣੀ ਹੋਈ ਹੈ, ਇਸ ਜਗ੍ਹਾ 'ਤੇ ਗੁਰੂ ਜੀ ਦਰਬਾਰ ਸਜਾਇਆ ਕਰਦੇ ਸਨ। ਇਸੇ ਜਗ੍ਹਾ 'ਤੇ ਮਾਤਾ ਜੀ ਨੇ ਪੁੱਤਰਾਂ ਦੀ ਸ਼ਹੀਦੀ ਦਾ ਹਾਲ ਪੁੱਛਿਆ ਸੀ। ਤਲਵੰਡੀ ਸਾਬੋ ਵਿਚ ਗੁਰੂ ਸਾਹਿਬ ਦੇ ਕਾਫ਼ੀ ਸਮਾਂ ਟਿਕੇ ਰਹਿਣ ਕਰਕੇ ਇਸ ਜਗ੍ਹਾ ਦੇ ਕਈ ਸਥਾਨ ਗੁਰੂ ਸਾਹਿਬ ਦੀਆਂ ਯਾਦਾਂ ਨਾਲ ਜੁੜੇ ਹੋਏ ਹਨ ਅਤੇ ਦੂਰੋਂ-ਦੂਰੋਂ ਸਿੱਖ ਗੁਰੂ ਸਾਹਿਬ ਦੇ ਦਰਸ਼ਨਾਂ ਨੂੰ ਇਸ ਜਗ੍ਹਾ 'ਤੇ ਆਉਂਦੇ ਹਨ। ਉੱਚ-ਕੋਟੀ ਦੇ ਵਿਦਵਾਨ, ਨਾਮ-ਅਭਿਆਸੀ, ਕੁਰਬਾਨੀ ਦੇ ਪੁੰਜ, ਧਰਮੀ ਸੂਰਬੀਰ, ਸਿੱਖ ਪੰਥ ਦੇ ਅਣਖੀਲੇ ਜਥੇਦਾਰ ਬਾਬਾ ਦੀਪ ਸਿੰਘ ਜੀ ਵੀ ਇਸ ਜਗ੍ਹਾ 'ਪੁਰ ਗੁਰੂ ਜੀ ਪਾਸ ਰਹਿੰਦੇ ਰਹੇ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜਦੋਂ ਦੱਖਣ ਦੀ ਯਾਤਰਾ ਤੋਂ ਪਹਿਲਾਂ ਦਮਦਮਾ ਸਾਹਿਬ ਤਲਵੰਡੀ ਸਾਬੋ ਠਹਿਰੇ ਹੋਏ ਸਨ, ਉਸ ਸਮੇਂ ਉਨ੍ਹਾਂ ਨੇ ਇਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਵਿਚ ਪਿਤਾ ਗੁਰੂ, ਸ੍ਰੀ ਗੁਰੂ ਤੇਗ ਬਹਾਦਰ

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

ਸਾਹਿਬ ਜੀ ਦੀ ਬਾਣੀ ਦਰਜ ਕਰਵਾ ਕੇ ਨਵਾਂ ਸਰੂਪ ਤਿਆਰ ਕਰਵਾਇਆ। ਬਾਬਾ ਦੀਪ ਸਿੰਘ ਜੀ ਨੇ ਇਸ ਸਰੂਪ ਦੇ ਉਤਾਰੇ ਕੀਤੇ।

ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੱਖਣ ਯਾਤਰਾ 'ਤੇ ਗਏ ਤਾਂ ਬਾਬਾ ਦੀਪ ਸਿੰਘ ਜੀ ਅਤੇ ਜਥੇਦਾਰ ਬੁੱਢਾ ਸਿੰਘ ਜੀ ਦੀ ਡਿਊਟੀ ਦਮਦਮਾ ਸਾਹਿਬ ਵਿਖੇ ਸੇਵਾ-ਸੰਭਾਲ ਲਈ ਲਗਾਈ। ਦਮਦਮਾ ਸਾਹਿਬ ਵਿਖੇ ਸੇਵਾ-ਸੰਭਾਲ ਕਰਦਿਆਂ ਬਾਬਾ ਦੀਪ ਸਿੰਘ ਜੀ ਨੇ ਇਕ ਖੂਹ ਲਗਵਾਇਆ ਜੋ ਤਖ਼ਤ ਸਾਹਿਬ ਦੀ ਪਰਕਰਮਾ ਵਿਚ ਹੈ, ਜੋ ਸ਼ਹੀਦਾਂ ਦੇ ਖੂਹ ਨਾਲ ਜਾਣਿਆ ਜਾਂਦਾ ਹੈ। ਜਥੇਦਾਰ ਬੁੱਢਾ ਸਿੰਘ ਜੀ ਨੇ ਬੇਰੀਆਂ ਦੇ ਦਰੱਖ਼ਤ ਲਗਵਾਏ।

ਦੱਖਣ ਤੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਜੀ ਬਹਾਦਰ ਨੂੰ ਅੰਮ੍ਰਿਤ ਛਕਾ ਕੇ ਸਿੰਘ ਸਜਾ ਕੇ ਪੰਜਾਬ ਭੇਜਿਆ, ਉਸ ਸਮੇਂ ਬਾਬਾ ਦੀਪ ਸਿੰਘ ਜੀ ਨੇ ਆਪਣੇ ਸਾਥੀ ਸਿੰਘਾਂ ਸਮੇਤ ਬਾਬਾ ਬੰਦਾ ਸਿੰਘ ਜੀ ਬਹਾਦਰ ਦੀ ਸਹਾਇਤਾ ਕੀਤੀ। ਇਹ ਮੈਦਾਨ-ਏ-ਜੰਗ ਵਿਚ ਸਭ ਤੋਂ ਅੱਗੇ ਹੋ ਕੇ ਲੜਦੇ ਜਿਸ ਨਾਲ ਵਿਰੋਧੀਆਂ ਵਿਚ ਬਾਬਾ ਜੀ ਦਾ ਇਤਨਾ ਦਬਦਬਾ ਬੈਠ ਗਿਆ ਕਿ ਬਾਬਾ ਦੀਪ ਸਿੰਘ ਜੀ ਦਾ ਨਾਂ ਸੁਣ ਕੇ ਹੀ ਮੈਦਾਨ ਵਿੱਚੋਂ ਤਿੱਤਰ ਹੋ ਜਾਂਦੇ ਸਨ ਅਤੇ ਇਨ੍ਹਾਂ ਦੇ ਜਥੇ ਦਾ ਨਾਂ ਸ਼ਹੀਦੀ ਜਥਾ ਪ੍ਰਸਿੱਧ ਹੋ ਗਿਆ ਸੀ।

ਬਾਬਾ ਬੰਦਾ ਸਿੰਘ ਜੀ ਬਹਾਦਰ ਦੀ ਸ਼ਹੀਦੀ ਤੋਂ ਬਾਅਦ ਮੁਗ਼ਲ ਸਰਕਾਰ ਵੱਲੋਂ ਸਿੱਖਾਂ 'ਤੇ ਸਖ਼ਤੀਆਂ ਦਾ ਦੌਰ ਚੱਲਿਆ। ਜ਼ਕਰੀਆ ਖਾਨ ਦੇ ਸਮੇਂ ਇਹ ਸਖ਼ਤੀ ਇਕ ਭਿਆਨਕ ਸੰਘਰਸ਼ ਦਾ ਰੂਪ ਧਾਰਨ ਕਰ ਗਈ। ਉਸ ਸਮੇਂ ਖਾਲਸਾ ਪੰਥ ਇਕ ਜਥੇ ਦੇ ਰੂਪ ਵਿਚ ਵਿਚਰਦਾ ਸੀ ਅਤੇ ਬਾਬਾ ਦੀਪ ਸਿੰਘ ਜੀ ਨੂੰ ਜਥੇ ਦੇ ਮੁਖੀ ਸਿੰਘਾਂ ਵਿਚ ਗਿਣਿਆ ਜਾਂਦਾ ਸੀ। ਗਿਆਨੀ ਗਿਆਨ ਸਿੰਘ ਅਨੁਸਾਰ ਉਸ ਸਮੇਂ ਜਥੇਦਾਰ ਦਰਬਾਰਾ ਸਿੰਘ ਦੀਵਾਨ, ਜਥੇਦਾਰ ਸੰਗਤ ਸਿੰਘ ਖ਼ਜ਼ਾਨਚੀ, ਜਥੇਦਾਰ ਹਰੀ ਸਿੰਘ ਲਾਂਗਰੀ, ਜਥੇਦਾਰ ਭਗਤ ਸਿੰਘ ਮੋਦੀ, ਜਥੇਦਾਰ ਬੁੱਢਾ ਸਿੰਘ ਦੇਸੀ, ਜਥੇਦਾਰ ਹਰਦਿੱਤ ਸਿੰਘ, ਜਥੇਦਾਰ ਗਰਜਾ ਸਿੰਘ, ਜਥੇਦਾਰ ਸੱਜਨ ਸਿੰਘ, ਜਥੇਦਾਰ ਈਸ਼ਰ ਸਿੰਘ, ਜਥੇਦਾਰ ਗਿਆਨ ਸਿੰਘ, ਜਥੇਦਾਰ ਸਾਧੂ ਸਿੰਘ, ਜਥੇਦਾਰ ਦੇਵਾ ਸਿੰਘ, ਨਵਾਬ ਕਪੂਰ ਸਿੰਘ, ਜਥੇਦਾਰ ਹਰੀ ਸਿੰਘ ਸੁਖਈ, ਬਾਬਾ ਦੀਪ ਸਿੰਘ ਜੀ, ਜਥੇਦਾਰ ਗੁਰਬਖਸ਼ ਸਿੰਘ (ਸ਼ਹੀਦ), ਜਥੇਦਾਰ ਥਰਾਜ ਸਿੰਘ, ਜਥੇਦਾਰ ਜੱਸਾ ਸਿੰਘ, ਜਥੇਦਾਰ ਕਰਮ ਸਿੰਘ, ਜਥੇਦਾਰ ਭੋਲਾ ਸਿੰਘ, ਜਥੇਦਾਰ ਅਤਰ ਸਿੰਘ, ਜਥੇਦਾਰ ਸੀਹਾਂ ਸਿੰਘ, ਜਥੇਦਾਰ ਬਚਨ ਸਿੰਘ, ਜਥੇਦਾਰ ਕੇਹਰ ਸਿੰਘ, ਜਥੇਦਾਰ ਬ੍ਰਜ ਸਿੰਘ, ਜਥੇਦਾਰ ਘਨਘੋਰ ਸਿੰਘ ਅਤੇ ਜਥੇਦਾਰ ਅਮਰ ਸਿੰਘ ਆਦਿ ਮੁਖੀ ਸਿੰਘ ਸਨ।

੧੭੩੫ ਈ. ਵਿਚ ਜ਼ਕਰੀਆ ਖਾਨ ਨੇ ਸ੍ਰੀ ਅੰਮ੍ਰਿਤਸਰ ਦੇ ਇਰਦ-ਗਿਰਦ ਪਹਿਰੇ ਲਾ ਕੇ ਸ੍ਰੀ ਦਰਬਾਰ ਸਾਹਿਬ ਵੱਲ ਜਾਂਦੇ ਸਾਰੇ ਰਸਤੇ ਬੰਦ ਕਰ ਦਿੱਤੇ। ਭਾਈ ਮਨੀ ਸਿੰਘ ਜੀ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ ਅਤੇ ਜੰਡਿਆਲੇ ਦਾ ਤੁਅੱਲਕਦਾਰ ਮੱਸਾ ਰੰਘੜ ਹਰਿਮੰਦਰ ਸਾਹਿਬ ਦੀ ਬੇਅਦਬੀ ਕਰ ਰਿਹਾ ਸੀ। ਉਸ ਨੂੰ ਸਜ਼ਾ ਦੇਣ ਲਈ ਭਾਈ ਮਹਿਤਾਬ ਸਿੰਘ ਅਤੇ ਭਾਈ ਸੁਖਾ ਸਿੰਘ ਨੂੰ ਜਥੇਦਾਰ ਬੁੱਢਾ ਸਿੰਘ ਨੇ ਬੀਕਾਨੇਰ ਤੋਂ ਭੇਜਿਆ। ਉਹ ਜਾਂਦੇ ਸਮੇਂ ਬਾਬਾ ਦੀਪ ਸਿੰਘ ਜੀ ਪਾਸ ਦਮਦਮਾ ਸਾਹਿਬ ਠਹਿਰੇ ਸਨ ਅਤੇ ਮੱਸੇ ਰੰਘੜ ਨੂੰ ਉਸ ਦੇ ਕੀਤੇ ਦੀ ਸਜ਼ਾ ਦੇਣ ਤੋਂ ਬਾਅਦ ਉਸ ਦਾ ਸਿਰ ਨੇਜਿਆਂ 'ਤੇ ਟੰਗ ਕੇ ਲਿਜਾਂਦੇ ਹੋਏ ਵਾਪਸੀ 'ਤੇ ਵੀ ਦਮਦਮਾ ਸਾਹਿਬ ਵਿਖੇ ਬਾਬਾ ਦੀਪ ਸਿੰਘ ਜੀ ਪਾਸ ਠਹਿਰੇ।

ਜਦ ਅਦੀਨਾ ਬੇਗ ਦੇ ਮਰਨ ਪਿੱਛੋਂ ਜਲੰਧਰ ਸਿੱਖਾਂ ਦੇ ਕਬਜ਼ੇ ਵਿਚ ਆ ਗਿਆ ਉਸ ਸਮੇਂ ਬਾਬਾ ਦੀਪ ਸਿੰਘ ਜੀ ਨੇ ਸਿਆਲਕੋਟ ਦਾ ਇਲਾਕਾ ਮੁਹੰਮਦ ਅਮੀਨ ਤੋਂ ਫ਼ਤਹਿ ਕਰ ਕੇ ਆਪਣੇ ਸਾਥੀ ਭਾਈ ਦਿਆਲ ਸਿੰਘ ਤੇ ਭਾਈ ਨੱਥਾ ਸਿੰਘ ਸ਼ਹੀਦ ਨੂੰ ਦੇ ਦਿੱਤਾ, ਜੋ ਸ਼ਹੀਦ ਭਾਈ ਕਰਮ ਸਿੰਘ ਦੇ ਸਮੇਂ ਤਕ ਮਿਸਲ ਸ਼ਹੀਦਾਂ ਨੂੰ ਸਾਲਾਨਾ ਕੁਝ ਨਾ ਕੁਝ ਪਹੁੰਚਾਉਂਦੇ ਰਹੇ।

ਅਹਿਮਦਸ਼ਾਹ ਅਬਦਾਲੀ ਨੇ ਜਹਾਨ ਖਾਨ ਨੂੰ ਸਿੰਘਾਂ 'ਤੇ ਹਮਲਾ ਕਰਨ ਲਈ ਭੇਜਿਆ। ਦੁਰਾਨੀਆਂ ਦਾ

ਜ਼ੋਰ ਦੇਖ ਕੇ ਕੁਝ ਸਿੰਘ ਮਾਲਵੇ ਵੱਲ ਨੂੰ ਚਲੇ ਗਏ। ਜਹਾਨ ਖਾਨ ਅੰਮ੍ਰਿਤਸਰ ਵਿਖੇ ਡੇਰੇ ਲਾ ਕੇ ਬੈਠ ਗਿਆ ਅਤੇ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਲੱਗ ਪਿਆ। ਸ੍ਰੀ ਅੰਮ੍ਰਿਤਸਰ ਦਾ ਸਰੋਵਰ ਮਿੱਟੀ ਨਾਲ ਪੂਰ ਦਿੱਤਾ ਗਿਆ। ਜਦੋਂ ਬਾਬਾ ਦੀਪ ਸਿੰਘ ਜੀ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਆਪ ਨੇ ਉਸੇ ਵੇਲੇ ਅੰਮ੍ਰਿਤਸਰ ਪਹੁੰਚ ਕੇ ਬਦਲਾ ਲੈਣ ਦਾ ਫ਼ੈਸਲਾ ਕਰ ਲਿਆ। ਝਟਪਟ ਆਪਣੀ ਜਗ੍ਹਾ ਭਾਈ ਨੱਥਾ ਸਿੰਘ ਨੂੰ ਛੱਡ ਕੇ ਸ਼ਹੀਦ ਹੋਣ ਦੇ ਇਰਾਦੇ ਨਾਲ ਅੰਮ੍ਰਿਤਸਰ ਵੱਲ ਨੂੰ ਕੂਚ ਕਰ ਦਿੱਤਾ। ਉਸ ਸਮੇਂ ਆਪ ਜੀ ਦੇ ਨਾਲ ਸਿਰਫ਼ ੫੦੦ ਸਿੰਘਾਂ ਦਾ ਜਥਾ ਸੀ। ਰਸਤੇ ਵਿਚ ਲਾਗਲੇ ਪਿੰਡਾਂ ਜੋਗਾ, ਦੋਰਾਜ, ਭੁੱਚੋ, ਗੋਬਿੰਦਪੁਰਾ, ਲੱਖੀ ਜੰਗਲ, ਬਹਿਮਨ, ਮਾਹਨਵਾਲ, ਕੋਟ, ਪੰਜੋ ਕੇ, ਗੁਰੂ ਚੌਤਰਾ, ਫੂਲ, ਮਹਿਰਾਜ ਤੋਂ ਹੋਰ ਸਿੰਘ ਜਥੇ ਵਿਚ ਰਲਦੇ ਗਏ, ਇਸ ਤਰ੍ਹਾਂ ਤਰਨ ਤਾਰਨ ਪਹੁੰਚਣ ਤੀਕ ਉਨ੍ਹਾਂ ਨਾਲ ਪੰਜ ਹਜ਼ਾਰ ਜੁਝਾਰੂ ਸਿੰਘਾਂ ਦਾ ਜਥਾ ਬਣ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਜੋ ਗੁਰੂ ਦੇ ਰਾਹ 'ਤੇ ਸਿਰ ਦੇਣ ਲਈ ਤਿਆਰ ਹੈ ਉਹੀ ਉਨ੍ਹਾਂ ਨਾਲ ਆਵੇ। ਉਨ੍ਹਾਂ ਦੇ ਸੱਦੇ 'ਤੇ ਪੰਜ ਹਜ਼ਾਰ ਗੁਰੂ ਕੇ ਸਿੰਘ ਸ਼ਹੀਦ ਹੋਣ ਲਈ ਤਿਆਰ-ਬਰ-ਤਿਆਰ ਹੋ ਕੇ ਆ ਪਹੁੰਚੇ। ਉਧਰ ਲਾਹੌਰ ਦੇ ਸੂਬੇ ਨੂੰ ਵੀ ਖ਼ਬਰ ਲੱਗ ਗਈ ਕਿ ਸਿੱਖ ਦੀਵਾਲੀ ਦੇ ਮੌਕੇ 'ਤੇ ਅੰਮ੍ਰਿਤਸਰ ਇਕੱਠੇ ਹੋ ਰਹੇ ਹਨ। ਹਾਜੀ ਅਤਾਈ ਖਾਂ ਗਸ਼ਤੀ ਫ਼ੌਜ ਲੈ ਕੇ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਲਈ ਚੱਕਰ ਲਗਾ ਰਿਹਾ ਸੀ। ਅੰਮ੍ਰਿਤਸਰ ਪਹੁੰਚ ਕੇ ਸਿੱਖਾਂ ਨੂੰ ਦਬਾਉਣ ਦਾ ਹੁਕਮ ਹੋਇਆ। ਉਧਰੋਂ ਸੂਬੇ ਨੇ ਢੋਲ ਵਜਵਾ ਕੇ ਲਾਹੌਰ ਵਿਚ ਜਹਾਦ ਦਾ ਐਲਾਨ ਕਰਵਾ ਦਿੱਤਾ ਅਤੇ ਸਾਰੇ ਮੋਮਨਾਂ ਨੂੰ ਨਿੱਤਰਨ ਲਈ ਵੰਗਾਰਿਆ। ਲਾਹੌਰ ਦਾ ਫ਼ੌਜਦਾਰ ਜਹਾਨ ਖਾਂ ਦੋ ਹਜ਼ਾਰ ਸਵਾਰ ਲੈ ਕੇ ਅੰਮ੍ਰਿਤਸਰ ਵੱਲ ਚੱਲ ਪਿਆ। ਸਿੰਘਾਂ ਦੇ ਆਉਣ ਦੀ ਖ਼ਬਰ ਦੁਰਾਨੀ ਨੂੰ ਵੀ ਮਿਲ ਚੁੱਕੀ ਸੀ ਉਹ ਵੀ ਆਪਣੀ ਫ਼ੌਜ ਲੈ ਕੇ ਗੋਹਲਵੜ ਕੋਲ ਆਣ ਪਹੁੰਚਾ। ਦੋਵਾਂ ਦਲਾਂ ਦਾ ਮੁਕਾਬਲਾ ਗੋਹਲਵੜ ਕੋਲ ਹੋ ਗਿਆ। ਗਹਿਗੱਚ ਲੜਾਈ ਹੋਈ, ਛੇ ਕੋਹ ਦੇ ਵਿਚਕਾਰ ਲਾਸ਼ਾਂ ਹੀ ਲਾਸ਼ਾਂ ਵਿੱਛ ਗਈਆਂ। ਗਿਆਨੀ ਗਿਆਨ ਸਿੰਘ ਅਨੁਸਾਰ, 'ਚੱਬੇ ਪਿੰਡ ਦੇ ਕੋਲ ਸ਼ਾਹ ਜਮਾਲ ਨਾਲ ਬਾਬਾ ਜੀ ਦੀ ਇਤਨੀ ਭਿਆਨਕ ਲੜਾਈ ਹੋਈ ਕਿ ਬਾਬਾ ਜੀ ਸਿਰ ਤਲੀ 'ਤੇ ਧਰ ਕੇ ਲੜੇ ਅਤੇ ਸ੍ਰੀ ਅੰਮ੍ਰਿਤਸਰ ਪਹੁੰਚ ਕੇ ਬਾਬਾ ਜੀ ਸ਼ਹੀਦੀ ਪਾ ਗਏ।'

ਇਸੇ ਤਰ੍ਹਾਂ ਜਥੇਦਾਰ ਰਾਮ ਸਿੰਘ ਬਹੁਤਿਆਂ ਨੂੰ ਮਾਰ ਕੇ ਸ਼ਹੀਦ ਹੋ ਗਿਆ, ਜਿਨ੍ਹਾਂ ਦਾ ਸ਼ਹੀਦ ਗੰਜ ਰਾਮਗੜ੍ਹੀਆਂ ਦੇ ਕਟੜੇ ਵਿਚ ਹੈ। ਬਾਬਾ ਸੱਜਣ ਸਿੰਘ, ਬਾਬਾ ਬਹਾਦਰ ਸਿੰਘ ਤੇ ਕਈ ਹੋਰ ਸਿੰਘ ਗੁਰੂ ਦੇ ਬਾਗ਼ ਵਿਚ ਲੜਦੇ ਸ਼ਹੀਦ ਹੋ ਗਏ, ਉਨ੍ਹਾਂ ਦਾ ਸਥਾਨ ਬਾਗ਼ ਵਿਚ ਹੈ। ਬਾਗ਼ ਦੀ ਜਗ੍ਹਾ ਅੱਜਕਲ੍ਹ ਦੀਵਾਨ ਹਾਲ ਮੰਜੀ ਸਾਹਿਬ ਬਣ ਗਿਆ ਹੈ। ਇਨ੍ਹਾਂ ਸ਼ਹੀਦਾਂ ਦੀ ਯਾਦ ਵਿਚ ਮੰਜੀ ਸਾਹਿਬ ਦੇ ਨੇੜੇ ਨਿਸ਼ਾਨ ਸਾਹਿਬ ਝੁਲਾਇਆ ਹੋਇਆ ਹੈ, ਜਿਸ ਦੇ ਥੜ੍ਹੇ ਉੱਪਰ ਹੇਠ ਲਿਖੇ ਸਿੰਘਾਂ ਦੇ ਨਾਮ ਲਿਖੇ ਹੋਏ ਹਨ:

੧. ਬਾਬਾ ਦੀਪ ਸਿੰਘ ਜੀ ਸ਼ਹੀਦ ਹੈੱਡ ਜਥੇਦਾਰ
੨. ਬਾਬਾ ਬਲਵੰਤ ਸਿੰਘ ਜੀ ਸ਼ਹੀਦ ਜਥੇਦਾਰ
੩. ਬਾਬਾ ਹੀਰਾ ਸਿੰਘ ਜੀ ਸ਼ਹੀਦ ਜਥੇਦਾਰ
੪. ਬਾਬਾ ਗੰਡਾ ਸਿੰਘ ਜੀ ਸ਼ਹੀਦ ਜਥੇਦਾਰ
੫. ਬਾਬਾ ਲਹਿਣਾ ਸਿੰਘ ਜੀ ਸ਼ਹੀਦ ਜਥੇਦਾਰ
੬. ਬਾਬਾ ਰਣ ਸਿੰਘ ਜੀ ਸ਼ਹੀਦ ਜਥੇਦਾਰ
੭. ਬਾਬਾ ਗੁਪਾਲ ਸਿੰਘ ਜੀ ਸ਼ਹੀਦ ਜਥੇਦਾਰ
੮. ਬਾਬਾ ਭਾਗ ਸਿੰਘ ਜੀ ਸ਼ਹੀਦ ਜਥੇਦਾਰ
੯. ਬਾਬਾ ਸੱਜਣ ਸਿੰਘ ਜੀ ਸ਼ਹੀਦ ਜਥੇਦਾਰ
੧੦. ਬਾਬਾ ਬਹਾਦਰ ਸਿੰਘ ਜੀ ਸ਼ਹੀਦ ਜਥੇਦਾਰ

ਜਦੋਂ ਇਸ ਲੜਾਈ ਦਾ ਹਾਲ ਬਾਬਾ ਗੁਰਬਖਸ਼ ਸਿੰਘ ਅਤੇ ਭਾਈ ਦਰਗਾਹ ਸਿੰਘ ਨੇ ਸੁਣਿਆ ਤਾਂ ਉਹ ਉਸੇ ਵੇਲੇ ਅਨੰਦਪੁਰ ਸਾਹਿਬ ਤੋਂ ਦੋ ਹਜ਼ਾਰ ਸਵਾਰ ਲੈ ਕੇ ਚੜ੍ਹ ਆਏ ਤੇ ਵੈਰੀਆਂ ਨਾਲ ਲੜਦੇ-ਭਿੜਦੇ ਅੰਮ੍ਰਿਤਸਰ ਪਹੁੰਚ ਗਏ। ਸਿੰਘਾਂ ਨੂੰ ਪਵਿੱਤਰ ਗੁਰ-ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੀ ਇਮਾਰਤ ਨੂੰ ਦੇਖ ਕੇ ਬਹੁਤ ਦੁੱਖ ਹੋਇਆ। ਉਨ੍ਹਾਂ ਨੇ ਰਾਤ ਨੂੰ ਛਾਪੇ ਮਾਰ ਕੇ ਵੈਰੀਆਂ ਦੇ ਥਾਣੇ ਤਹਿਸੀਲਾਂ ਸਭ ਸਾੜ ਦਿੱਤੇ। ਸਿੰਘਾਂ ਦੇ ਮੁਕਾਬਲੇ ਲਈ ਹੋਰ ਮੁਗ਼ਲ ਫ਼ੌਜਾਂ ਬੁਲਾ ਲਈਆਂ ਗਈਆਂ ਅਤੇ ਸਿੰਘਾਂ ਦਾ ਖੁਰਾ-ਖੋਜ ਮਿਟਾਉਣ ਦਾ ਹੁਕਮ ਦੇ ਦਿੱਤਾ। ਸ਼ਾਹ ਨਾਜਮ ਦੀਨ, ਸਰ ਬੁਲੰਦ ਖਾਂ, ਜਾਬਰ ਖਾਂ, ਜਾਲਮ ਖਾਂ ਆਦਿ ਫ਼ੌਜਦਾਰ ੨੦ ਹਜ਼ਾਰ ਲੜਾਕੇ ਪਠਾਣਾਂ ਨੂੰ ਲੈ ਕੇ ਮੈਦਾਨ ਵਿਚ ਆ ਗਏ। ਉਧਰ ਜਥੇਦਾਰ ਗੁਰਬਖਸ਼ ਸਿੰਘ ਆਦਿ ਦੁਸ਼ਮਣ ਦੀ ਚੜ੍ਹਾਈ ਸੁਣ ਕੇ ਧਰਮ ਯੁੱਧ ਲਈ ਅਰਦਾਸ ਕਰ ਕੇ ਸ਼ਹੀਦ ਹੋਣ ਲਈ ਤਿਆਰ ਹੋ ਬੈਠੇ। ਦਿਨ ਚੜ੍ਹਦੇ ਤਕ ਪਠਾਣਾਂ ਦੀ ਚੰਗੀ ਫ਼ੌਜ ਅੰਮ੍ਰਿਤਸਰ ਪਹੁੰਚ ਗਈ। ਅੰਮ੍ਰਿਤਸਰ ਸਰੋਵਰ ਦੇ ਪਿਛਲੇ ਪਾਸੇ ਬੜੀ ਭਿਆਨਕ ਲੜਾਈ ਹੋਈ, ਜਿਸ ਵਿਚ ਬਾਬਾ ਗੁਰਬਖਸ਼ ਸਿੰਘ, ਬਾਬਾ ਨਿਹਾਲ ਸਿੰਘ, ਬਾਬਾ ਬਸੰਤ ਸਿੰਘ ਆਦਿ ਵੱਡੇ ਜਥੇਦਾਰ ਸ਼ਹੀਦ ਹੋ ਗਏ। ਦੁਰਾਨੀਆਂ ਦੀ ਫ਼ੌਜ ਪਿੱਛੋਂ ਹੋਰ ਆਉਂਦੀ ਗਈ ਤਾਂ ਸਿੰਘ ਬਸਰੇ ਦੇ ਜੰਗਲਾਂ ਵਿਚ ਚਲੇ ਗਏ ਅਤੇ ਦੁਰਾਨੀ ਮੈਦਾਨ ਖ਼ਾਲੀ ਦੇਖ ਕੇ ਅੰਮ੍ਰਿਤਸਰ ਵਿਚ ਖੜਦੁੰਮ ਮਚਾ ਕੇ ਵਾਪਸ ਚਲੇ ਗਏ। ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ ਬਾਬਾ ਬਸੰਤ ਸਿੰਘ ਦੇ ਥੜ੍ਹੇ ਦੇ ਪਾਸ ਬਾਬਾ ਗੁਰਬਖਸ਼ ਸਿੰਘ ਦੀ ਯਾਦਗਾਰ ਬਣੀ ਹੋਈ ਹੈ। ਬਾਬਾ ਨਿਹਾਲ ਸਿੰਘ ਚੁਰਸਤੀ ਅਟਾਰੀ ਦੇ ਪਾਸ ਸ਼ਹੀਦ ਹੋਏ ਸਨ, ਉਸੇ ਜਗ੍ਹਾ 'ਤੇ ਉਨ੍ਹਾਂ ਦੀ ਯਾਦਗਾਰ ਬਣੀ ਹੋਈ ਹੈ। ਇਹ ਸਥਾਨ ਹੁਣ ਅੰਮ੍ਰਿਤਸਰ ਵਿਚ ਸ਼ਹੀਦ ਗੰਜ ਦੇ ਨਾਂ ਨਾਲ ਮਸ਼ਹੂਰ ਹੈ।

ਇਸ ਜੰਗ ਵਿਚ ਭਾਵੇਂ ਬਾਬਾ ਦੀਪ ਸਿੰਘ ਜੀ ਸ਼ਹੀਦੀ ਪਾ ਗਏ ਪਰ ਉਹ ਆਪਣਾ ਪ੍ਰਣ ਨਿਭਾਉਣ ਵਿਚ ਸਫਲ ਰਹੇ। ਦੁਰਾਨੀ ਦੀਆਂ ਫ਼ੌਜਾਂ ਨੂੰ ਚੀਰਦੇ ਹੋਏ ਉਨ੍ਹਾਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਦਾ ਬਦਲਾ ਲੈਂਦਿਆਂ ਆਪਣਾ ਸੀਸ ਗੁਰੂ-ਚਰਨਾਂ ਵਿਚ ਭੇਟ ਕਰ ਦਿੱਤਾ:

**ਤੂ ਚਉ ਸਜਣ ਮੈਡਿਆ ਡੇਈ ਸਿਸੁ ਉਤਾਰਿ॥**
**ਨੈਣ ਮਹਿੰਜੇ ਤਰਸਦੇ ਕਦਿ ਪਸੀ ਦੀਦਾਰੁ॥** (ਪੰਨਾ ੧੦੯੪)

ਬਾਬਾ ਦੀਪ ਸਿੰਘ ਜੀ ਜੰਗਾਂ-ਯੁੱਧਾਂ ਦੇ ਨਾਲ-ਨਾਲ ਨਾਮ-ਸਿਮਰਨ ਦੇ ਵੀ ਪੱਕੇ ਅਭਿਆਸੀ ਸਨ। ਆਪਣੇ ਹੱਥਾਂ ਨਾਲ ਗੁਰਬਾਣੀ ਲਿਖਣ ਦੀ ਸੇਵਾ ਕਰਦੇ ਹੋਏ ਦਮਦਮਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਾਰ ਉਤਾਰੇ ਕੀਤੇ। ਉਨ੍ਹਾਂ ਦਾ ਮਨ ਪੂਰੀ ਤਰ੍ਹਾਂ ਬਾਣੀ ਦੇ ਰੰਗ ਵਿਚ ਰੰਗਿਆ ਰਹਿੰਦਾ ਸੀ। ਉਹ ਆਮ ਸੰਸਾਰੀ ਯੋਧਿਆਂ ਵਾਂਗ ਹੰਕਾਰ ਵਿਚ ਜਾਂ ਕ੍ਰੋਧ ਵੱਸ ਹੋ ਕੇ ਯੁੱਧ ਨਹੀਂ ਸੀ ਕਰਦੇ। ਯੁੱਧ ਕਰਦਿਆਂ ਉਨ੍ਹਾਂ ਦੀ ਅਵਸਥਾ ਠੀਕ ਉਸੇ ਤਰ੍ਹਾਂ ਹੁੰਦੀ ਜਿਸ ਬਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਫੁਰਮਾਇਆ ਹੈ:

**ਧੰਨਿ ਜੀਓ ਤਿਹ ਕੋ ਜਗ ਮੈ ਮੁਖ ਤੇ ਹਰਿ ਚਿਤ ਮੈ ਜੁੱਧੁ ਬਿਚਾਰੈ॥**
**ਦੇਹ ਅਨਿੱਤ ਨ ਨਿੱਤ ਰਹੈ ਜਸੁ ਨਾਵ ਚੜ੍ਹੈ ਭਵਸਾਗਰ ਤਾਰੈ॥**
**ਧੀਰਜ ਧਾਮ ਬਨਾਇ ਇਹੈ ਤਨ ਬੁੱਧਿ ਸੁ ਦੀਪਕ ਜਿਉ ਉਜੀਆਰੈ॥**
**ਗਿਆਨਹਿ ਕੀ ਬਢਨੀ ਮਨਹੁ ਹਾਥ ਲੈ ਕਾਤਰਤਾ ਕੁਤਵਾਰ ਬੁਹਾਰੈ॥**

(ਕ੍ਰਿਸ਼ਨਾਵਤਾਰ)

■

# ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹੀਦੀ

*-ਗਿਆਨੀ ਸੋਹਣ ਸਿੰਘ ਸੀਤਲ*

ਕਸ਼ਮੀਰ ਦੇ ਸੂਬੇਦਾਰ ਦਾ ਮੁਰਾਸਲਾ ਪੜ੍ਹ ਕੇ ਬਾਦਸ਼ਾਹ ਔਰੰਗਜ਼ੇਬ ਨੇ ਉਸ ਦੀ ਮਨਜ਼ੂਰੀ ਦੇ ਦਿੱਤੀ। ਔਰੰਗਜ਼ੇਬ ਨੇ ਸੋਚਿਆ, 'ਇਕ ਆਦਮੀ ਨੂੰ, ਭਾਵੇਂ ਉਹ ਕਿਤਨੀ ਵੀ ਮਹਾਨ ਸ਼ਖ਼ਸੀਅਤ ਦਾ ਮਾਲਕ ਹੋਵੇ, ਡਰਾ-ਧਮਕਾ ਤੇ ਲਾਲਚ ਦੇ ਕੇ ਮਨਾ ਲੈਣਾ ਮੁਸ਼ਕਲ ਨਹੀਂ। ਗੁਰੂ ਤੇਗ ਬਹਾਦਰ ਨੂੰ ਹਰ ਕੀਮਤ ਉੱਤੇ ਮੁਸਲਮਾਨ ਬਣਾ ਲਿਆ ਜਾਵੇਗਾ, ਭਾਵੇਂ ਉਸ ਦਾ ਕਿੰਨਾ ਵੀ ਮੁੱਲ ਤਾਰਨਾ ਪਵੇ, ਜਾਂ ਕਿੰਨਾ ਵੀ ਜ਼ੁਲਮ ਕਰਨਾ ਪਵੇ। ਇਕ ਤਾਂ ਸਾਰੇ ਹਿੰਦੂ ਆਪਣੇ ਆਪ ਮੁਸਲਮਾਨ ਬਣ ਜਾਣਗੇ ਤੇ ਦੂਸਰੇ ਸਾਰੇ ਦੇਸ਼ ਵਿਚ ਇੱਕੋ ਇਕ ਜਥੇਬੰਦ ਲਹਿਰ ਸਦਾ ਵਾਸਤੇ ਖ਼ਤਮ ਹੋ ਜਾਵੇਗੀ।'

ਬਾਦਸ਼ਾਹ ਨੇ ਸ਼ੇਰ ਅਰਫ਼ਾਨ ਨੂੰ ਹੁਕਮ ਲਿਖਵਾ ਦਿੱਤਾ, "ਬਾਦਸ਼ਾਹ ਸਲਾਮਤ ਤੇਰੇ ਮੁਰਾਸਲੇ ਦੀ ਮਨਜ਼ੂਰੀ ਦੇਂਦੇ ਹਨ। ਹਿੰਦੂਆਂ ਉੱਤੇ ਫਿਲਹਾਲ ਸਖ਼ਤੀ ਬੰਦ ਕਰ ਦਿੱਤੀ ਜਾਵੇ। ਉਨ੍ਹਾਂ ਨੂੰ ਪ੍ਰੇਰਿਆ ਜਾਵੇ ਕਿ ਉਹ ਆਪਣਾ ਅਸਰ ਪਾ ਕੇ ਗੁਰੂ ਨੂੰ ਮੁਸਲਮਾਨ ਹੋਣ ਵਾਸਤੇ ਬੇਨਤੀ ਕਰਨ। ਗੁਰੂ ਨੂੰ ਹਰ ਕੀਮਤ ਉੱਤੇ ਮੁਸਲਮਾਨ ਕਰ ਲਿਆ ਜਾਵੇਗਾ।"

ਦੂਸਰੇ ਪਾਸੇ ਬਾਦਸ਼ਾਹ ਨੇ ਗੁਰੂ ਜੀ ਨੂੰ ਲਿਆਉਣ ਵਾਸਤੇ 'ਅਹਿਦੀਏ' ਭੇਜਣ ਦਾ ਹੁਕਮ ਦੇ ਦਿੱਤਾ ਤੇ ਨਾਲ ਹੀ ਹਦਾਇਤ ਕੀਤੀ ਕਿ ਗੁਰੂ ਨੂੰ ਬੜੇ ਆਦਰ ਸਤਿਕਾਰ ਨਾਲ ਲਿਆਂਦਾ ਜਾਵੇ।

ਗੁਰੂ ਮਹਾਰਾਜ ਵੀ ਸਰਕਾਰੀ ਸੱਦੇ ਦੀ ਉਡੀਕ ਵਿਚ ਤਿਆਰੀ ਕਰ ਰਹੇ ਸਨ। ਸੰਗਤਾਂ ਵਿਚ ਰੋਜ਼ ਪ੍ਰਚਾਰ ਹੁੰਦਾ। ਮਾਤਾ ਨਾਨਕੀ ਜੀ ਬਹੁਤ ਉਦਾਸ ਰਹਿੰਦੇ। ਹੋਰ ਪਰਵਾਰ ਤੇ ਸੰਗਤਾਂ ਵੀ ਚਿੰਤਾ ਵਿਚ ਸਨ। ਗੁਰੂ ਮਹਾਰਾਜ ਨੇ ਜੋ ਜ਼ਿੰਮੇਵਾਰੀ ਚੁੱਕੀ ਸੀ, ਉਸ ਦਾ ਸਾਫ਼ ਅਰਥ ਸੀ ਕੁਰਬਾਨੀ, ਸ਼ਹੀਦੀ। ਇਸ ਵਰਤਣ ਵਾਲੇ ਭਾਣੇ ਦਾ ਸਭ ਨੂੰ ਯਕੀਨ ਸੀ। ਮਹਾਰਾਜ ਸਭ ਨੂੰ ਉਪਦੇਸ਼ ਦਿੰਦੇ, 'ਇਨਸਾਨ ਦਾ ਸਭ ਤੋਂ ਉੱਤਮ ਧਰਮ ਹੈ ਆਪਣਾ ਫ਼ਰਜ਼ ਨਿਭਾਉਣਾ। ਫ਼ਰਜ਼ ਦੀ ਪਾਲਣਾ ਕਰਦਿਆਂ ਸੀਸ ਜਾਵੇ, ਤਾਂ ਚਿੰਤਾ ਨਹੀਂ ਕਰਨੀ ਚਾਹੀਦੀ। ਭਾਣੇ ਵਿਚ ਰਾਜ਼ੀ ਰਹਿਣਾ ਹੀ ਧਰਮ ਹੈ।'

**ਅਹਿਦੀਏ ਅਨੰਦਪੁਰ ਆਏ**: ਸ਼ਾਹੀ ਹੁਕਮ ਲੈ ਕੇ 'ਅਹਿਦੀਏ' ਦਿੱਲੀ ਤੋਂ ਤੁਰ ਪਏ। 'ਅਹਿਦੀਏ' ਪਲੰਘਾਂ ਉੱਤੇ ਬਹਿ ਕੇ ਸਫ਼ਰ ਕਰਿਆ ਕਰਦੇ ਸਨ। ਜਿਸ ਪਿੰਡ ਉਹ ਜਾਂਦੇ, ਓਥੋਂ ਦੇ ਲੰਬਰਦਾਰ ਜਾਂ ਚੌਧਰੀ ਦਾ ਫ਼ਰਜ਼ ਹੁੰਦਾ ਕਿ ਉਹ ਅਹਿਦੀਏ ਦਾ ਪਲੰਘ ਚੁਕਵਾ ਕੇ ਅਗਲੇ ਪਿੰਡ ਪੁਚਾ ਦੇਵੇ। ਇਸ ਤਰ੍ਹਾਂ ਵੰਗਾਰਿਆਂ ਦੇ ਮੋਢਿਆਂ ਉੱਤੇ ਚੜ੍ਹ ਕੇ ਅਹਿਦੀਏ ਅਨੰਦਪੁਰ ਆ ਪਹੁੰਚੇ।

ਅਨੰਦਪੁਰ ਦੀ ਸ਼ਾਨ ਤੇ ਰਹਿਤ ਮਰਯਾਦਾ ਵੇਖ ਕੇ ਅਹਿਦੀਆਂ ਦੇ ਦਿਲਾਂ 'ਤੇ ਚੰਗਾ ਅਸਰ ਪਿਆ। ਉਹ ਬੜੇ ਸਤਿਕਾਰ ਨਾਲ ਮਹਾਰਾਜ ਦੇ ਪੇਸ਼ ਆਏ। ਬਾਦਸ਼ਾਹ ਵੱਲੋਂ ਹੁਕਮ ਵੀ ਐਸਾ ਹੀ ਸੀ।

ਸ਼ਾਹੀ ਹੁਕਮ ਸੁਣ ਕੇ ਗੁਰੂ ਮਹਾਰਾਜ ਨੇ ਫ਼ਰਮਾਇਆ, "ਪੁਰਸ਼ੋ! ਬਾਦਸ਼ਾਹ ਦਾ ਹੁਕਮ ਤੁਸਾਂ ਸੁਣਾ ਦਿੱਤਾ ਹੈ। ਅਸੀਂ ਅੱਗੇ ਹੀ ਉਡੀਕ ਵਿਚ ਬੈਠੇ ਸਾਂ। ਕਸ਼ਮੀਰ ਦੇ ਪੰਡਤਾਂ ਦਾ ਜੋ ਮੇਜਰਨਾਵਾਂ ਬਾਦਸ਼ਾਹ ਪਾਸ ਪੁੱਜਾ ਹੈ, ਅਸਾਂ ਉਸ ਦੀ ਹਾਮੀ ਭਰੀ ਹੈ। ਸਾਡੇ ਵੱਲੋਂ ਬਾਦਸ਼ਾਹ ਨੂੰ ਸੁਨੇਹਾ ਪੁਚਾ ਦੇਣਾ। ਅਸੀਂ ਸੰਗਤਾਂ ਦੇ ਦਰਸ਼ਨ ਕਰਦੇ ਆ ਰਹੇ ਹਾਂ। ਅਸੀਂ ਆਪ ਬਾਦਸ਼ਾਹ ਨੂੰ ਮਿਲ ਕੇ ਇਸ ਮਸਲੇ ਨੂੰ ਸੁਲਝਾਉਣਾ ਚਾਹੁੰਦੇ ਹਾਂ। ਫ਼ਿਕਰ ਨਾ ਕਰਨਾ, ਅਸੀਂ ਛੇਤੀ ਤੋਂ ਛੇਤੀ ਬਾਦਸ਼ਾਹ ਕੋਲ ਪੁੱਜਣ ਦਾ ਯਤਨ ਕਰਾਂਗੇ।"

**ਨੌਵੇਂ ਪਾਤਸ਼ਾਹ ਅਨੰਦਪੁਰ ਤੋਂ ਤੁਰੇ:** ਅਹਿਦੀਏ ਸਿਰ ਝੁਕਾ ਕੇ ਗਏ। ਗੁਰੂ ਮਹਾਰਾਜ ਵੀ ਤਿਆਰੀ ਕਰਨ ਲੱਗੇ,

ਪਰ ਸੰਗਤਾਂ ਤੇ ਪਰਵਾਰ ਤੋਂ ਵਿਦਿਆ ਹੁੰਦਿਆਂ ਕਾਫੀ ਸਮਾਂ ਲੱਗ ਗਿਆ। ਅੰਤ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਹਾੜ (੧੭੩੨ ਬਿ.) ਦੇ ਮਹੀਨੇ[1] ਅਨੰਦਪੁਰੋਂ ਤੁਰ ਗਏ। ਚੋਖੀ ਦੂਰ ਤਕ ਸੰਗਤਾਂ ਨਾਲ ਗਈਆਂ। ਇਹ ਸਾਰੇ ਹੀ ਸਮਝ ਰਹੇ ਸਨ ਕਿ ਇਹ ਦਰਸ਼ਨ ਆਖ਼ਰੀ ਹਨ। ਜਿਸ ਔਰੰਗਜ਼ੇਬ ਨੇ ਪਿਤਾ ਤੇ ਭਰਾਵਾਂ ਨਾਲ ਇਹ ਸਲੂਕ ਕੀਤਾ ਹੈ, ਸਰਮਦ ਵਰਗੇ ਫ਼ਕੀਰ ਤੇ ਅਘੋਰ ਨਾਥ ਵਰਗੇ ਸੰਤ ਕਤਲ ਕਰਵਾ ਦਿੱਤੇ ਹਨ, ਉਹ ਗੁਰੂ ਸਾਹਿਬ ਨਾਲ ਵੀ ਚੰਗਾ ਵਰਤਾਉ ਨਹੀਂ ਕਰੇਗਾ। ਗੁਰੂ ਸਾਹਿਬ ਸ਼ਹੀਦ ਹੋਣ ਵਾਸਤੇ ਜਾ ਰਹੇ ਹਨ, ਸ਼ਹੀਦ ਹੋ ਜਾਣਗੇ। ਇਸ ਵਿਚਾਰ ਅਧੀਨ ਸਭ ਸ਼ਰਧਾਲੂਆਂ ਦੇ ਨੇਤਰ ਹੰਝੂ ਵਹਾ ਰਹੇ ਸਨ। ਉਨ੍ਹਾਂ ਦਾ ਵੈਰਾਗ ਠੱਲ੍ਹਿਆ ਨਹੀਂ ਸੀ ਜਾਂਦਾ।

ਗੁਰੂ ਮਹਾਰਾਜ ਨੇ ਸਭ ਨੂੰ ਧੀਰਜ ਦਿੰਦਿਆਂ ਕਿਹਾ, "ਵੇਖੋ, ਸਤਿ ਪੁਰਸ਼ੋ! ਭਲਾ ਚਿੰਤਾ ਕਿਸ ਗੱਲ ਦੀ ਕਰ ਰਹੇ ਹੋ?

**ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ॥**
**ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ॥** (ਪੰਨਾ ੧੪੨੯)

"ਜਦ ਥਿਰ ਰਹਿਣ ਵਾਲੀ ਵਸਤੂ ਹੀ ਕੋਈ ਨਹੀਂ, ਬਣੇ ਹੋਏ ਸਰੀਰ ਨੇ ਬਿਨਸਣਾ ਹੀ ਹੈ, ਤਾਂ ਫਿਰ ਚਿੰਤਾ ਕਿਸ ਗੱਲ ਦੀ? ਅਕਾਲ ਪੁਰਖ ਦਾ ਭਾਣਾ ਮੰਨਣ ਵਿਚ ਹੀ ਕਲਿਆਣ ਹੈ। ਉਸ ਦੀ ਰਜ਼ਾ ਵਿਚ ਰਾਜ਼ੀ ਰਹਿਣਾ ਸਿੱਖੋ।"

ਸਭ ਨੂੰ ਧੀਰਜ ਦੇ ਕੇ ਮਹਾਰਾਜ ਨੇ ਬੜੀ ਮੁਸ਼ਕਲ ਨਾਲ ਵਾਪਸ ਮੋੜਿਆ। ਪਹਿਲਾ ਪੜਾਅ ਗੁਰਦੇਵ ਨੇ ਕੀਰਤਪੁਰ ਕੀਤਾ। ਸੂਰਜ ਮੱਲ ਦੇ ਪਰਵਾਰ ਨੇ ਮਹਾਰਾਜ ਦੀ ਬੜੀ ਸੇਵਾ ਕੀਤੀ। ਦੋ ਦਿਨ ਓਥੇ ਗੁਜ਼ਾਰ ਕੇ ਹਜ਼ੂਰ ਅੱਗੇ ਤੁਰ ਪਏ। ਭਰਤਗੜ੍ਹ, ਰੋਪੜ, ਮਕਾਰਾਂਪੁਰ, ਕਬੂਲਪੁਰ, ਨਨਹੇੜੀ ਆਦਿ ਥਾਵਾਂ 'ਤੇ ਸੰਗਤਾਂ ਨੂੰ ਨਿਹਾਲ ਕਰਦੇ ਹੋਏ ਮਹਾਰਾਜ ਸੈਫ਼ਾਬਾਦ, ਇਕ ਮੁਸਲਮਾਨ ਸ਼ਰਧਾਲੂ ਸੈਫ਼ ਅਲੀ ਖ਼ਾਂ ਦੇ ਘਰ ਜਾ ਟਿਕੇ। ਇਥੇ ਮਹਾਰਾਜ ਕਈ ਦਿਨ ਰਹੇ। ਗੁਰੂ ਸਾਹਿਬ ਬਾਰੇ ਸੁਣ ਕੇ ਇਥੇ ਹੀ ਸੰਗਤਾਂ ਇਕੱਠੀਆਂ ਹੋਣ ਲੱਗ ਪਈਆਂ। ਸੈਫ਼ ਅਲੀ ਖਾਂ ਗੁਰਦੇਵ ਦੀ ਤੇ ਸੰਗਤਾਂ ਦੀ ਸੇਵਾ ਬੜੀ ਸ਼ਰਧਾ ਭਾਵਨਾ ਨਾਲ ਕਰਦਾ।

ਓਥੋਂ ਵਿਦਿਆ ਹੋ ਕੇ ਗੁਰਦੇਵ ਪਟਿਆਲਾ, ਕਾਇਮਪੁਰ ਆਦਿ ਥਾਵਾਂ 'ਤੇ ਇਕ-ਇਕ, ਦੋ-ਦੋ ਦਿਨ ਬਿਸਰਾਮ ਕਰਦੇ ਹੋਏ ਸਮਾਣੇ ਜਾ ਉਤਰੇ। ਓਥੋਂ ਦਾ ਨਾਮਵਰ ਚੌਧਰੀ ਮੁਹੰਮਦ ਬਖ਼ਸ਼ ਗੁਰੂ ਜੀ ਦਾ ਸ਼ਰਧਾਲੂ ਸੀ। ਅਸਲ ਵਿਚ ਓਸੇ ਦੇ ਪ੍ਰੇਮ ਕਰਕੇ ਮਹਾਰਾਜ ਸਮਾਣੇ ਗਏ ਸਨ।

ਸਿਰਫ਼ ਸਿੱਖ ਜਾਂ ਹਿੰਦੂ ਹੀ ਨਹੀਂ, ਕਈ ਖੁੱਲ੍ਹੇ ਦਿਲ ਵਾਲੇ ਮੁਸਲਮਾਨ ਵੀ ਗੁਰੂ ਜੀ ਦੇ ਸ਼ਰਧਾਲੂ ਸਨ ਤੇ ਮੁਸਲਮਾਨਾਂ ਵਿਚ ਗੁਰੂ ਜੀ ਦਾ ਅਸਰ-ਰਸੂਖ਼ ਔਰੰਗਜ਼ੇਬ ਨੂੰ ਵਧੇਰੇ ਰੜਕਦਾ ਸੀ। ਔਰੰਗਜ਼ੇਬ ਅਜਿਹੀ ਤੁਅੱਸਬ ਵਾਲੀ ਨੀਤੀ ਅਖ਼ਤਿਆਰ ਨਾ ਕਰਦਾ, ਤਾਂ ਸਿੱਖ ਧਰਮ, ਮੁਸਲਮਾਨਾਂ ਤੇ ਹਿੰਦੂਆਂ ਵਿਚ ਮਿਲਾਪ ਪੈਦਾ ਕਰਨ ਦਾ ਸਭ ਤੋਂ ਵੱਡਾ ਵਸੀਲਾ ਸਾਬਤ ਹੁੰਦਾ!

ਗੁਰਦੇਵ ਸਮਾਣੇ ਤੋਂ ਤੁਰੇ, ਤਾਂ ਬਹੁਤ ਸਾਰੀਆਂ ਸੰਗਤਾਂ ਨਾਲ ਹੋ ਤੁਰੀਆਂ। ਗੁਰੂ ਜੀ ਨੇ ਸਖ਼ਤ ਹੁਕਮ ਦਿੱਤਾ, "ਵੇਖੋ, ਭਲੇ ਪੁਰਸ਼ੋ! ਗੁਰੂ ਨੂੰ ਮੰਨਣ ਦਾ ਅਰਥ ਹੈ, ਗੁਰੂ ਦਾ ਹੁਕਮ ਮੰਨਣਾ। ਅਸੀਂ ਹੁਕਮ ਦੇਂਦੇ ਹਾਂ ਕਿ ਅਨੰਦਪੁਰੋਂ ਨਾਲ ਤੁਰਨ ਵਾਲੇ ਪੰਜਾਂ ਸਿੱਖਾਂ ਤੋਂ ਬਿਨਾਂ ਹੋਰ ਕੋਈ ਸ਼ਰਧਾਲੂ ਸਾਡੇ ਨਾਲ ਅੱਗੇ ਨਾ ਆਵੇ।"

ਹੁਣ ਹੁਕਮ ਅੱਗੇ ਕੋਈ ਵਿਹਰ ਨਹੀਂ ਸੀ। ਸਭ ਸੰਗਤਾਂ ਅੱਥਰੂ ਵਹਾਉਂਦੀਆਂ ਪਿੱਛੇ ਮੁੜ ਗਈਆਂ। ਦੀਵਾਨ ਮਤੀ ਦਾਸ, ਭਾਈ ਗੁਰਦਿੱਤਾ (ਬਾਬੇ ਬੁੱਢੇ ਕਾ), ਭਾਈ ਦਿਆਲਾ (ਭਾਈ ਮਨੀ ਸਿੰਘ ਦਾ ਚਾਚਾ[2]) ਭਾਈ ਊਦਾ ਰਠੌੜ ਤੇ ਭਾਈ ਜੈਤਾ (ਪਿੱਛੋਂ ਅੰਮ੍ਰਿਤ ਛਕ ਕੇ ਜੀਵਨ ਸਿੰਘ) ਮਜ਼ਹਬੀ, ਇਹ ਪੰਜ ਸਿੱਖ ਮਹਾਰਾਜ ਦੇ ਨਾਲ ਗਏ। ਸਮਾਣੇ ਤੋਂ ਚੱਲ ਕੇ ਕਰਹਾਲੀ, ਚੀਕੇ, ਕੀਰ੍ਹੇ, ਪਹੇਵੇ, ਰਹੇੜੇ, ਲਾਖਣ ਮਾਜਰੇ, ਰੋਹਤਕ ਤੇ ਕਨੌੜ ਆਦਿ ਥਾਵਾਂ ਦੇ ਸ਼ਰਧਾਲੂਆਂ ਨੂੰ ਦਰਸ਼ਨ ਦੇਂਦੇ ਹੋਏ ਮਹਾਰਾਜ ਆਗਰੇ ਜਾ ਪਹੁੰਚੇ।

**ਰਸਤੇ ਵਿਚ ਪ੍ਰਚਾਰ:** ਅਨੰਦਪੁਰ ਤੋਂ ਚੱਲ ਕੇ ਸਿੱਧੇ ਦਿੱਲੀ ਪਹੁੰਚਣ ਦੀ ਥਾਂ ਏਨਾ ਲੰਮਾ ਚੱਕਰ ਕੱਟਣ ਦਾ ਇਕ ਖ਼ਾਸ

ਮੰਤਵ ਸੀ। ਇਹ ਗੱਲ ਸਾਫ਼ ਸੀ ਕਿ ਗੁਰੂ ਮਹਾਰਾਜ ਧਰਮ ਦੀ ਰੱਖਿਆ ਵਾਸਤੇ ਸ਼ਹੀਦ ਹੋਣ ਚੱਲੇ ਹਨ। ਸੰਗਤਾਂ ਵੀ ਇਸ ਮਨੋਰਥ ਨੂੰ ਸਮਝਦੀਆਂ ਸਨ। ਮਹਾਰਾਜ ਵੱਧ ਤੋਂ ਵੱਧ ਇਲਾਕੇ ਵਿਚ ਇਸ ਗੱਲ ਦਾ ਪ੍ਰਚਾਰ ਕਰ ਕੇ ਲੋਕ-ਰਾਏ ਆਪਣੇ ਹੱਕ ਵਿਚ ਕਰਨਾ ਚਾਹੁੰਦੇ ਸਨ। ਹਜ਼ੂਰ ਥਾਂ-ਥਾਂ ਇੱਕੋ ਸਿਧਾਂਤ ਦਾ ਪ੍ਰਚਾਰ ਕਰਦੇ ਜਾਂਦੇ, 'ਬਾਦਸ਼ਾਹ ਦਾ ਧਰਮ ਹੈ, ਪਰਜਾ ਦੀ ਰੱਖਿਆ ਕਰਨਾ, ਦੋਸ਼ੀਆਂ ਨੂੰ ਸਜ਼ਾ ਦੇਣਾ, ਮਾੜਿਆਂ ਨਾਲ ਇਨਸਾਫ਼ ਕਰਨਾ। ਰੱਖਿਆ ਦਾ ਅਰਥ ਹੈ, ਹਰ ਪੱਖ ਤੋਂ ਰੱਖਿਆ ਕਰਨਾ। ਜਿੱਥੇ ਪਰਜਾ ਦੇ ਮਾਲ-ਧਨ, ਇੱਜ਼ਤ, ਅਮਨ ਦੀ ਰੱਖਿਆ ਜ਼ਰੂਰੀ ਹੈ, ਓਥੇ ਲੋਕਾਂ ਦੇ ਧਰਮ ਦੀ ਰੱਖਿਆ ਕਰਨਾ ਵੀ ਬਾਦਸ਼ਾਹ ਦਾ ਫ਼ਰਜ਼ ਹੈ। ਸਰਕਾਰ ਨੂੰ ਸਦਾ ਧਰਮ-ਨਿਰਪੱਖ ਹੋਣਾ ਚਾਹੀਦਾ ਹੈ। ਕਿਸੇ ਇਕ ਮਜ਼ਹਬ, ਇਕ ਫ਼ਿਰਕੇ, ਇਕ ਜਾਤੀ ਜਾਂ ਬਿਰਾਦਰੀ ਨਾਲ ਰਿਆਇਤ ਜਾਂ ਵਿਤਕਰਾ ਕਰਨ ਦੀ ਨੀਤੀ ਬਾਦਸ਼ਾਹ ਨੂੰ ਬੇਇਨਸਾਫ਼ ਬਣਾ ਦਿੰਦੀ ਹੈ। ਬੇਇਨਸਾਫ਼ ਹੁਕਮਰਾਨ ਨਾ ਲੋਕਾਂ ਦਾ ਪਿਆਰ ਪ੍ਰਾਪਤ ਕਰ ਸਕਦਾ ਹੈ, ਨਾ ਖ਼ੁਦਾ ਦਾ।

'ਸ਼ੁਭ ਕਰਮਾਂ ਦੁਆਰਾ ਖ਼ੁਦਾ ਦੀ ਪ੍ਰਾਪਤੀ ਦਾ ਨਾਮ ਹੀ ਧਰਮ ਹੈ। ਹਿੰਦੂ ਧਰਮ, ਮੁਸਲਮਾਨ ਮਜ਼ਹਬ, ਬੁੱਧ ਮੱਤ, ਸਿੱਖ ਧਰਮ, ਇਹ ਤਾਂ ਵੱਖ-ਵੱਖ ਰਸਤੇ ਹਨ ਪਰਮਾਤਮਾ ਤਕ ਪਹੁੰਚਣ ਦੇ। ਹਰ ਕੋਈ ਆਪਣੇ ਰਸਤੇ ਜਾਂ ਧਰਮ ਨੂੰ ਸ੍ਰੇਸ਼ਟ ਮੰਨਦਾ ਹੈ। ਸਾਡੀ ਰਾਏ ਅਨੁਸਾਰ ਹਰ ਇਕ ਨੂੰ ਐਸਾ ਸਮਝਣ ਦਾ ਹੱਕ ਹੈ। ਧਰਮ ਇਕ ਨਿੱਜੀ ਮਸਲਾ ਹੈ। ਕਿਸੇ ਨੂੰ ਦੂਸਰੇ ਦੇ ਧਰਮ ਵਿਚ ਦਖ਼ਲ ਦੇਣ ਦਾ ਕੋਈ ਹੱਕ ਨਹੀਂ। ਬਾਦਸ਼ਾਹ ਕੋਲ ਵੀ ਅਸੀਂ ਇਹ ਨਿਸ਼ਾਨਾ ਲੈ ਕੇ ਜਾ ਰਹੇ ਹਾਂ। ਉਹ ਸਾਰੇ ਲੋਕਾਂ ਦਾ ਸਾਂਝਾ ਹੈ। ਕਿਸੇ ਦੇ ਧਰਮ ਵਿਚ ਦਖ਼ਲ ਦੇਣ ਦਾ ਨਾ ਉਹਨੂੰ ਹੱਕ ਹੈ ਤੇ ਨਾ ਹੀ ਐਸਾ ਕਰਨਾ ਉਸ ਨੂੰ ਸ਼ੋਭਾ ਦੇਂਦਾ ਹੈ।

'ਸਾਡੇ ਵਾਸਤੇ ਹਿੰਦੂ, ਮੁਸਲਮਾਨ, ਸਾਰੇ ਇੱਕੋ ਜਿਹੇ ਹਨ। ਅਸੀਂ ਚਾਹੁੰਦੇ ਹਾਂ, ਨਾ ਹਿੰਦੂ ਮੁਸਲਮਾਨਾਂ ਦੇ ਮਜ਼ਹਬ ਵਿਚ ਦਖ਼ਲ ਦੇਣ, ਨਾ ਮੁਸਲਮਾਨ ਹਿੰਦੂਆਂ ਦੇ ਧਰਮ ਵਿਚ। ਸਾਰੇ ਆਪੋ-ਆਪਣੇ ਅਕੀਦੇ ਮੁਤਾਬਕ ਉਸ ਸਰਬ ਸ਼ਕਤੀਮਾਨ ਦੀ ਉਪਾਸਨਾ ਕਰਨ।'

ਇਨ੍ਹਾਂ ਵਿਚਾਰਾਂ ਦਾ ਸਾਫ਼-ਦਿਲ ਲੋਕਾਂ ਉੱਤੇ ਅਸਰ ਵੀ ਕਾਫ਼ੀ ਪੈਂਦਾ ਸੀ। ਇਸ ਕਰਕੇ ਜਿਥੇ ਹੀ ਮਹਾਰਾਜ ਗਏ, ਹਿੰਦੂ ਮੁਸਲਮਾਨ, ਸਭ ਨੇ ਮਹਾਰਾਜ ਦਾ ਸਤਿਕਾਰ ਕੀਤਾ। ਆਪਣੇ ਸਰਬ-ਸਾਂਝੇ ਸਿਧਾਂਤਾਂ ਦਾ ਪ੍ਰਚਾਰ ਕਰਨਾ ਹੀ ਗੁਰਦੇਵ ਦਾ ਮਨੋਰਥ ਸੀ। ਸੋ, ਮਹਾਰਾਜ ਨੇ ਰਾਹ ਵਿਚ ਵੱਧ ਤੋਂ ਵੱਧ ਸਮਾਂ ਲਾਇਆ।

ਆਗਰੇ ਪਹੁੰਚਣ ਦਾ ਇਕ ਖ਼ਾਸ ਕਾਰਨ ਵੀ ਸੀ। ਰਸਤੇ ਵਿਚ ਮਹਾਰਾਜ ਨੂੰ ਖ਼ਬਰ ਮਿਲੀ ਕਿ ਬਾਦਸ਼ਾਹ ਆਗਰੇ ਹੈ। ਗੁਰਦੇਵ ਦਿੱਲੀ ਤੋਂ ਪਾਸੇ-ਪਾਸੇ ਆਗਰੇ ਜਾ ਪਹੁੰਚੇ। ਉਸ ਸਮੇਂ ਦਿੱਲੀ ਤੇ ਆਗਰਾ ਦੋਹਾਂ ਸ਼ਹਿਰਾਂ ਵਿਚ ਰਾਜਧਾਨੀ ਸੀ। ਕਦੇ ਬਾਦਸ਼ਾਹ ਦਿੱਲੀ ਰਹਿੰਦਾ ਸੀ, ਕਦੇ ਆਗਰੇ।

**ਧੀਰਮੱਲ ਤੇ ਰਾਮ ਰਾਏ**: ਗੁਰਦੇਵ ਦੀ ਸ਼ਹੀਦੀ ਵਿਚ ਉਨ੍ਹਾਂ ਦੇ 'ਆਪਣਿਆਂ' ਦਾ ਵੀ ਹੱਥ ਸੀ। ਰਾਮ ਰਾਏ ਦਾ ਔਰੰਗਜ਼ੇਬ ਨਾਲ ਕਾਫ਼ੀ ਨੇੜ ਸੀ। ਬਾਦਸ਼ਾਹ ਵੱਲੋਂ ਰਾਮ ਰਾਏ ਨੂੰ ਡੇਹਰਾਦੂਨ ਵਿਚ ਜਾਗੀਰ ਵੀ ਮਿਲੀ ਹੋਈ ਸੀ। ਸ੍ਰੀ ਗੁਰੂ ਹਰਿ ਰਾਇ ਸਾਹਿਬ ਦਾ ਵੱਡਾ ਪੁੱਤਰ ਹੋਣ ਦੇ ਨਾਤੇ ਰਾਮ ਰਾਏ ਗੁਰਗੱਦੀ ਉੱਤੇ ਆਪਣਾ ਹੱਕ ਸਮਝਦਾ ਸੀ। ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦੇ ਵਿਰੁੱਧ ਉਸ ਨੇ ਬਾਦਸ਼ਾਹ ਪਾਸ ਦਾਅਵਾ ਵੀ ਕੀਤਾ ਸੀ। ਹੁਣ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ ਵਿਰੁੱਧ ਵੀ ਉਸ ਨੇ ਬਾਦਸ਼ਾਹ ਪਾਸ ਅਪੀਲ ਕੀਤੀ। ਕਸ਼ਮੀਰੀ ਪੰਡਤਾਂ ਦੇ ਮੇਜਰਨਾਵੇਂ ਦੀ ਖ਼ਬਰ ਸੁਣ ਕੇ ਵੀ ਉਹਨੇ ਗੁਰੂ ਮਹਾਰਾਜ ਦੇ ਵਿਰੁੱਧ ਜ਼ਹਿਰ ਉਗਲਿਆ।

ਰਾਮ ਰਾਏ ਕਹਿੰਦਾ, "ਇਹ ਸਭ ਕੁਝ ਗੁਰੂ ਤੇਗ਼ ਬਹਾਦਰ ਹਿੰਦੂਆਂ ਦਾ ਲੀਡਰ ਬਣ ਕੇ ਰਾਜਸੀ ਤਾਕਤ ਹਾਸਲ ਕਰਨ ਵਾਸਤੇ ਕਰ ਰਿਹਾ ਹੈ। ਨਹੀਂ ਤਾਂ ਗੁਰੂ ਨਾਨਕ ਦੇ ਮੱਤ ਅਨੁਸਾਰ ਸਾਡੇ ਵਾਸਤੇ ਹਿੰਦੂ ਮੁਸਲਮਾਨ ਬਰਾਬਰ ਹਨ। ਸਾਨੂੰ ਦੋਹਾਂ ਦੇ ਆਪਸੀ ਝਗੜੇ ਨਾਲ ਕੋਈ ਵਾਸਤਾ ਨਹੀਂ।"

ਅਹਿਦੀਏ ਅਨੰਦਪੁਰ ਗਏ ਤੇ ਖ਼ਾਲੀ ਵਾਪਸ ਆ ਗਏ। ਰਾਮ ਰਾਏ ਨੂੰ ਫਿਰ ਮੌਕਾ ਮਿਲ ਗਿਆ ਬਾਦਸ਼ਾਹ ਨੂੰ ਭੜਕਾਉਣ ਦਾ। ਰਾਮ ਰਾਏ ਕਹਿੰਦਾ, "ਜੋ ਆਪਣੇ ਆਪ ਨੂੰ 'ਸੱਚਾ ਪਾਤਸ਼ਾਹ' ਅਖਵਾਉਂਦਾ ਹੈ, ਉਹ ਬਾਦਸ਼ਾਹ ਦੇ

ਸੱਦੇ 'ਤੇ ਕਦੋਂ ਹਾਜ਼ਰ ਹੋਣ ਲੱਗਾ ਹੈ? ਉਹਨੇ ਆਉਣਾ ਹੁੰਦਾ, ਤਾਂ ਉਹ ਅਹਿਦੀਆਂ ਦੇ ਨਾਲ ਆ ਜਾਂਦਾ।"

**ਦੁਬਾਰਾ ਅਹਿਦੀਏ ਭੇਜੇ:** ਕੁਝ ਸਮਾਂ ਉਡੀਕ ਕੇ ਬਾਦਸ਼ਾਹ ਨੇ ਦੁਬਾਰਾ ਅਹਿਦੀਏ ਭੇਜੇ, ਪਰ ਕੁਝ ਸਖ਼ਤ ਹੁਕਮ ਦੇ ਕੇ। ਅਹਿਦੀਏ ਅਨੰਦਪੁਰ ਤੇ ਅੰਮ੍ਰਿਤਸਰ ਭਾਲ ਕੇ ਮੁੜ ਗਏ। ਹੁਣ ਵਿਰੋਧੀਆਂ ਦੀ ਵਧੇਰੇ ਚੜ੍ਹ ਮੱਚੀ। ਰਾਮ ਰਾਏ ਤੇ ਸਭ ਦਰਬਾਰੀ ਮੌਲਵੀਆਂ ਨੇ ਇਕ ਆਵਾਜ਼ ਕਿਹਾ, "ਗੁਰੂ ਭਗੌੜਾ ਹੋ ਗਿਆ ਹੈ। ਪੰਜਾਬ ਦੇ ਜੱਟਾਂ ਤੇ ਰਾਜਪੂਤਾਨੇ ਦੇ ਰਾਜਪੂਤਾਂ ਉੱਤੇ ਗੁਰੂ ਮਹਾਰਾਜ ਦਾ ਬਹੁਤ ਅਸਰ ਹੈ। ਇਥੇ ਹੀ ਬਸ ਨਹੀਂ, ਸਾਰੇ ਉੱਤਰੀ ਹਿੰਦੁਸਤਾਨ ਦੇ ਹਿੰਦੂ ਗੁਰੂ ਮਹਾਰਾਜ ਦੇ ਹੁਕਮ ਉੱਤੇ ਜਾਨ ਦੇਂਦੇ ਹਨ। ਫਿਰ ਹੁਣ ਜਦ ਉਹਨੇ ਹਿੰਦੂਆਂ ਦੇ ਧਰਮ ਦੀ ਰੱਖਿਆ ਕਰਨ ਦੀ ਜ਼ਿੰਮੇਵਾਰੀ ਆਪਣੇ ਸਿਰ ਲੈ ਲਈ ਹੈ, ਤਾਂ ਹਿੰਦੂ ਵਧੇਰੇ ਉਸ ਦੇ ਹੁਕਮ ਵਿਚ ਚੱਲਣ ਲਈ ਤਿਆਰ ਹੋ ਜਾਣਗੇ। ਗੁਰੂ ਇਸ ਵਾਸਤੇ ਲੁਕ ਗਿਆ ਹੈ ਕਿ ਉਹ ਤਾਕਤ ਇਕੱਠੀ ਕਰ ਕੇ ਬਾਦਸ਼ਾਹ ਦੇ ਵਿਰੁੱਧ ਬਗ਼ਾਵਤ ਕਰਾ ਸਕੇ। ਐਸਾ ਨਾ ਹੁੰਦਾ, ਤਾਂ ਗੁਰੂ ਕੀਤੇ ਹੋਏ ਵਾਅਦੇ ਅਨੁਸਾਰ ਹੁਣ ਤਕ ਹਾਜ਼ਰ ਹੋ ਜਾਂਦਾ।"

**ਗੁਰੂ ਜੀ ਦੀ ਗ੍ਰਿਫ਼ਤਾਰੀ ਦਾ ਹੁਕਮ:** ਔਰੰਗਜ਼ੇਬ ਦੇ ਮਨ ਵਿਚ ਕੁਝ ਹੋਰ ਹੀ ਸੀ। ਉਹ ਇਸਲਾਮੀ ਦੁਨੀਆਂ ਵਿਚ ਵੱਡਾ ਬਣਨ ਵਾਸਤੇ, ਹਰ ਗ਼ੈਰ-ਮੁਸਲਮਾਨ ਉੱਤੇ ਹਰ ਕਿਸਮ ਦਾ ਜ਼ੁਲਮ ਕਰਨ ਲਈ ਤਿਆਰ ਸੀ। ਉਹ ਸਖ਼ਤ ਕਿਸਮ ਦਾ ਕੱਟੜਪੰਥੀ (ਤੁਅੱਸਬੀ) ਸੀ। ਕਿਸੇ ਨੇਕ ਤੋਂ ਨੇਕ ਇਨਸਾਨ ਵਾਸਤੇ ਵੀ ਉਹਦੇ ਦਿਲ ਵਿਚ ਸਤਿਕਾਰ ਜਾਂ ਰਹਿਮ ਨਹੀਂ ਸੀ। ਦਰਬਾਰੀਆਂ ਦੀ ਸਲਾਹ ਉਹਦੇ ਹੱਕ ਵਿਚ ਸੀ। ਉਹਨੇ ਗੁਰੂ ਮਹਾਰਾਜ ਨੂੰ ਸ਼ਾਹੀ ਭਗੌੜਾ ਕਰਾਰ ਦੇ ਕੇ ਗ੍ਰਿਫ਼ਤਾਰੀ ਦਾ ਐਲਾਨ ਕਰ ਦਿੱਤਾ। ਇਹ ਹੁਕਮ ਸਾਰੇ ਦੇਸ਼ ਵਿਚ ਆਹਲਾ ਅਫ਼ਸਰਾਂ ਨੂੰ ਭੇਜ ਦਿੱਤਾ ਗਿਆ। ਉਨ੍ਹਾਂ ਅੱਗੇ ਆਪਣੇ-ਆਪਣੇ ਹਲਕੇ ਵਿਚ ਢੰਢੋਰਾ ਕਰ ਦਿੱਤਾ।

**ਗੁਰੂ ਜੀ ਆਗਰੇ ਵਿਚ ਗ੍ਰਿਫ਼ਤਾਰ:** ਗੁਰੂ ਮਹਾਰਾਜ ਪਾਸ ਇਹ ਸਾਰੀਆਂ ਖ਼ਬਰਾਂ ਆਗਰੇ ਪਹੁੰਚੀਆਂ। ਗੁਰਦੇਵ ਨੇ ਸਾਥੀ ਸਿੱਖਾਂ ਨਾਲ ਸਲਾਹ ਕਰ ਕੇ ਆਪਣੇ-ਆਪ ਨੂੰ ਸਰਕਾਰ ਦੇ ਹਵਾਲੇ ਕਰਨ ਦਾ ਫੈਸਲਾ ਕਰ ਲਿਆ। ਹਜ਼ੂਰ ਨੂੰ ਪਸੰਦ ਨਹੀਂ ਸੀ ਕਿ ਉਨ੍ਹਾਂ ਦੇ ਵਿਰੋਧੀਆਂ ਦੇ ਦਿਲ ਵਿਚ ਵੀ ਅਜਿਹਾ ਖਿਆਲ ਪੈਦਾ ਹੋਵੇ ਕਿ ਗੁਰੂ ਮਹਾਰਾਜ ਕਿਸੇ ਭੈਅ ਕਾਰਨ ਲੁਕੇ ਫਿਰਦੇ ਹਨ। ਗੁਰਦੇਵ ਇਕ ਬਾਗ਼ ਵਿਚ ਬੈਠੇ ਸਨ। ਮਹਾਰਾਜ ਨੇ ਇਕ ਅਯਾਲੀ ਨੂੰ ਹੀਰੇਜੜੀ ਮੁੰਦਰੀ ਤੇ ਪਸ਼ਮੀਨੇ ਦਾ ਦੁਸ਼ਾਲਾ ਦੇ ਕੇ ਹਲਵਾਈ ਦੀ ਦੁਕਾਨ ਤੋਂ ਮਠਿਆਈ ਲੈਣ ਵਾਸਤੇ ਭੇਜਿਆ। ਇਹ ਇਕ ਬਹਾਨਾ ਸੀ ਸਰਕਾਰੀ ਕਰਮਚਾਰੀਆਂ ਤਕ ਖ਼ਬਰ ਪਹੁੰਚਾਉਣ ਦਾ।

ਹਜ਼ੂਰ ਦੀ ਤਜਵੀਜ਼ ਠੀਕ ਬੈਠੀ। ਹਲਵਾਈ ਨੇ ਕੇਵਲ ਦੋ ਰੁਪਏ ਦੀ ਮਠਿਆਈ ਬਦਲੇ ਹੀਰੇ ਦੀ ਮੁੰਦਰੀ ਦੇਣ ਵਾਲੇ ਉੱਤੇ ਸ਼ੱਕ ਕਰ ਕੇ, ਉਸ ਨੂੰ ਪੁਲੀਸ ਦੇ ਹਵਾਲੇ ਕਰ ਦਿੱਤਾ। ਅਯਾਲੀ ਨੇ ਸਾਰੀ ਕਹਾਣੀ ਪੁਲੀਸ ਕਰਮਚਾਰੀਆਂ ਨੂੰ ਕਹਿ ਸੁਣਾਈ। ਕਿਲ੍ਹੇ ਦਾ ਦਰੋਗਾ ਦੱਸੀ ਥਾਂ 'ਤੇ ਸਿਪਾਹੀ ਲੈ ਕੇ ਜਾ ਪੁੱਜਾ। ਪੰਜਾਂ ਸਿੱਖਾਂ ਸਮੇਤ ਗੁਰੂ ਜੀ ਨੂੰ ਗ੍ਰਿਫ਼ਤਾਰ ਕਰ ਕੇ ਉਹਨੇ ਕਿਲ੍ਹੇ ਵਿਚ ਜਾ ਨਜ਼ਰਬੰਦ ਕੀਤਾ।

**ਆਗਰੇ ਤੋਂ ਦਿੱਲੀ:** ਗੁਰੂ ਜੀ ਦੀ ਗ੍ਰਿਫਤਾਰੀ ਦੀ ਖ਼ਬਰ ਦਿੱਲੀ ਪੁੱਜੀ, ਤਾਂ ਬਾਦਸ਼ਾਹ ਨੇ ਫੌਜਦਾਰ ਸਦਰਦੀਨ ਨੂੰ ਬਾਰਾਂ ਸੌ ਅਸਵਾਰ ਦੇ ਕੇ ਭੇਜਿਆ। ਨਾਲ ਹੀ ਉਸ ਨੂੰ ਹੁਕਮ ਦਿੱਤਾ ਗਿਆ ਕਿ ਉਹ ਗੁਰੂ ਜੀ ਨੂੰ ਲਿਆਉਣ ਲੱਗਾ ਜ਼ਰਾ ਖ਼ਬਰਦਾਰ ਰਹੇ। ਬਾਦਸ਼ਾਹ ਨੂੰ ਖ਼ਤਰਾ ਸੀ ਕਿ ਗੁਰੂ ਜੀ ਨੱਸ ਨਾ ਜਾਣ[੩]।

ਗੁਰੂ ਜੀ ਦਾ ਜਾਟਾਂ ਤੇ ਰਾਜਪੂਤਾਂ ਵਿਚ ਬੜਾ ਅਸਰ-ਰਸੂਖ਼ ਸੀ। ਇਸ ਗੱਲ ਦਾ ਵੀ ਭੈਅ ਸੀ ਕਿ ਉਹ ਲੋਕ ਹਮਲਾ ਕਰ ਕੇ ਗੁਰੂ ਜੀ ਨੂੰ ਛੁਡਾ ਨਾ ਲੈਣ।

ਦਿੱਲੀ ਲਿਆ ਕੇ ਗੁਰੂ ਜੀ ਨੂੰ ਇਕ ਸੁੰਞੀ ਹਵੇਲੀ ਵਿਚ ਭੁੱਖੇ-ਤਿਹਾਏ ਕੈਦ ਰੱਖਿਆ ਗਿਆ। ਮੁਸਲਮਾਨਾਂ ਦਾ ਵਹਿਮ ਸੀ ਕਿ ਉਸ ਹਵੇਲੀ ਵਿਚ ਭੂਤ-ਪ੍ਰੇਤ ਰਹਿੰਦੇ ਹਨ। ਔਰੰਗਜ਼ੇਬ ਆਪਣੇ ਨਾਲ ਮੁਲਾਕਾਤ ਦਾ ਸਮਾਂ ਦੇਣ ਤੋਂ ਪਹਿਲਾਂ ਚਾਹੁੰਦਾ ਸੀ ਕਿ ਗੁਰੂ ਜੀ ਨਾਲ ਕੁਝ ਸਖ਼ਤ ਵਰਤਾਉ ਕੀਤਾ ਜਾਏ, ਤਾਂਕਿ ਗੁਰੂ ਜੀ ਸਮਝ ਲੈਣ ਕਿ ਉਨ੍ਹਾਂ ਨਾਲ ਸਖ਼ਤੀ ਵੀ ਹੋ ਸਕਦੀ ਹੈ।

**ਔਰੰਗਜ਼ੇਬ ਨਾਲ ਮੁਲਾਕਾਤ:** ਦੋ ਦਿਨ ਪਿੱਛੋਂ ਔਰੰਗਜ਼ੇਬ ਨੇ ਗੁਰੂ ਜੀ ਨੂੰ ਦਰਬਾਰ ਵਿਚ ਬੁਲਾਇਆ।[੪] ਨੀਤੀਵਾਨ

ਬਾਦਸ਼ਾਹ ਗੁਰੂ ਜੀ ਦੇ ਸਾਹਮਣੇ ਬੜੀ ਨਰਮੀ ਨਾਲ ਪੇਸ਼ ਆਇਆ। ਇਹ ਉਸ ਦੀ ਚਲਾਕੀ ਸੀ। ਉਹਨੇ ਬੜੇ ਆਦਰ-ਸਤਿਕਾਰ ਨਾਲ ਗੁਰੂ ਜੀ ਨੂੰ ਆਪਣੇ ਮੁਰਸ਼ਦ ਵਾਲੀ ਚੰਦਨ ਦੀ ਚੌਂਕੀ ਉੱਤੇ ਬਿਠਾਇਆ। ਪਹਿਲਾਂ ਤਾਂ ਬਾਦਸ਼ਾਹ ਨੇ ਆਪਣੇ ਕਰਮਚਾਰੀਆਂ ਵੱਲੋਂ ਭੁੱਲ ਵਿਚ ਹੋਏ ਨਾਵਾਜਬ ਸਲੂਕ ਲਈ ਮੁਆਫ਼ੀ ਮੰਗੀ ਤੇ ਫਿਰ ਆਪਣੀ ਸ਼ਰਧਾ ਪ੍ਰਗਟ ਕਰਨ ਲੱਗ ਪਿਆ, 'ਹੇ ਵਲੀ ਅੱਲਾਹ! ਆਪ ਠੀਕ ਹੀ ਇਕ ਮਹਾਨ ਪੁਰਸ਼ ਹੋ। ਦੇਸ਼ ਦੇ ਸਾਰੇ ਹਿੰਦੂ ਆਪ ਜੀ ਨੂੰ ਗੁਰੂ ਮੰਨਦੇ ਹਨ। ਆਪ ਬਾਬਾ ਨਾਨਕ ਦੇ ਗੱਦੀ-ਨਸ਼ੀਨ ਹੋ। ਮੈਂ, ਬਾਬੇ ਨਾਨਕ ਦੇ ਸੇਵਕ ਬਾਬਰ ਦੀ ਔਲਾਦ ਹਾਂ। ਇਹ ਮੇਰੀ ਹਜ਼ੂਰ ਵਾਸਤੇ ਅਕੀਦਤ ਹੈ ਕਿ ਮੈਂ ਆਪ ਜੀ ਨੂੰ ਆਪਣੇ ਮੁਰਸ਼ਦ ਦੀ ਗੱਦੀ ਉੱਤੇ ਬਿਠਾਇਆ ਹੈ। ਮੇਰੀ ਖ਼ਾਹਸ਼ ਹੈ ਕਿ ਆਪ ਹਿੰਦੂਆਂ ਦੇ ਨਾਲ-ਨਾਲ ਮੁਸਲਮਾਨਾਂ ਦੇ ਵੀ ਪੀਰ ਬਣ ਜਾਉ। ਏਸ ਤਰ੍ਹਾਂ ਆਪਣਾ ਸਾਰਿਆਂ ਦਾ ਭਲਾ ਹੈ। ਸਗੋਂ ਸਾਰੇ ਦੇਸ਼ ਦਾ ਭਲਾ ਹੈ। ਮੇਰਾ ਮਤਲਬ ਆਪ ਸਮਝ ਗਏ ਹੋ। ਮੇਰੀ ਖ਼ਾਹਿਸ਼ ਹੈ ਕਿ ਆਪ ਸੱਚਾ ਦੀਨ ਇਸਲਾਮ ਪਰਵਾਨ ਕਰ ਲਵੋ, ਤਾਂ ਸਾਰੇ ਹਿੰਦੂ ਮੁਸਲਮਾਨ ਹੋ ਜਾਣਗੇ। ਫਿਰ ਸਾਰੇ ਦੇਸ਼ ਦਾ ਇੱਕੋ ਮਜ਼ਹਬ ਹੋਵੇਗਾ ਤੇ ਆਪ ਹੋਵੋਗੇ ਸਾਰੇ ਦੇਸ਼, ਸਗੋਂ ਸਾਰੀ ਇਸਲਾਮੀ ਦੁਨੀਆਂ ਦੇ ਪੀਰ। ਮੈਂ ਆਸ ਕਰਦਾ ਹਾਂ ਕਿ ਆਪ ਮੇਰਾ ਹੰਮਾਂ ਨਹੀਂ ਤੋੜੋਗੇ।"

"ਐ ਬਾਦਸ਼ਾਹ!" ਗੁਰਦੇਵ ਨੇ ਬੜੇ ਠਰ੍ਹੰਮੇ ਨਾਲ ਉੱਤਰ ਦਿੱਤਾ, "ਆਪ ਜੋ ਚਾਹੁੰਦੇ ਹੋ, ਅਸਾਂ ਸਮਝ ਲਿਆ ਹੈ। ਹਰ ਇਨਸਾਨ ਆਪਣੀ ਮਰਜ਼ੀ ਦਾ ਬਹੁਤ ਕੁਝ ਚਾਹੁੰਦਾ ਹੈ। ਪਰ ਹੁੰਦਾ ਓਹ ਹੈ, ਜੋ ਅਕਾਲ ਪੁਰਖ ਨੂੰ ਮਨਜ਼ੂਰ ਹੋਵੇ। ਉਹ ਸਾਥੋਂ ਤੁਹਾਥੋਂ ਬਹੁਤ ਵੱਡਾ ਹੈ। ਆਪਣੀਆਂ ਖ਼ਾਹਿਸ਼ਾਂ 'ਤੇ ਕਾਬੂ ਪਾ ਕੇ ਇਨਸਾਨ ਨੂੰ ਰਜ਼ਾ ਵਿਚ ਚੱਲਣ ਦਾ ਯਤਨ ਕਰਨਾ ਚਾਹੀਦਾ ਹੈ। ਹਿੰਦੂ, ਮੁਸਲਮਾਨ, ਸਿੱਖ, ਬੋਧੀ ਸਭ ਓਸੇ ਦੇ ਕੀਤੇ ਹਨ। ਉਸ ਨੂੰ ਨਾ ਭਾਵੇ, ਤਾਂ ਕੋਈ ਇਕ ਪਲ ਨਾ ਰਹਿ ਸਕੇ। ਜੇ ਉਸ ਨੂੰ ਇਹ ਮਨਜ਼ੂਰ ਹੁੰਦਾ ਕਿ ਸਭ ਲੋਕ ਇੱਕੋ ਮਜ਼ਹਬ ਨੂੰ ਮੰਨਣ ਵਾਲੇ ਹੋਣ, ਤਾਂ ਸ਼ੁਰੂ ਤੋਂ ਹੀ ਇੱਕੋ ਮਜ਼ਹਬ ਹੁੰਦਾ! ਦੂਸਰਾ ਕੋਈ ਧਰਮ ਵਜੂਦ ਵਿਚ ਹੀ ਨਾ ਆਉਂਦਾ! ਅਸਲ ਵਿਚ ਮਜ਼ਹਬ ਤਾਂ ਇਕ ਰਸਤਾ ਹੈ, ਪੰਥ ਹੈ, ਉਸ ਸਰਬ ਸ਼ਕਤੀਮਾਨ ਦੇ ਦਰਬਾਰ ਤਕ ਪਹੁੰਚਣ ਦਾ। ਤੇ ਹਰ ਇਕ ਨੂੰ ਆਪਣਾ-ਆਪਣਾ ਰਸਤਾ ਭਾਵ ਪੰਥ ਪਿਆਰਾ ਲੱਗਦਾ ਹੈ। ਰੱਬ ਦੂਸਰੇ ਦੇ ਰਾਹ ਵਿਚ ਰੁਕਾਵਟ ਪਾਉਣ ਨਾਲ ਖੁਸ਼ ਨਹੀਂ ਹੁੰਦਾ, ਸਗੋਂ ਦੂਸਰੇ ਦੇ ਖਿਆਲਾਂ ਨੂੰ ਬਰਦਾਸ਼ਤ ਕਰਨ ਵਿਚ ਰਾਜ਼ੀ ਹੈ। ਸਾਡੇ ਵਿਚਾਰ ਅਨੁਸਾਰ ਹਰ ਇਕ ਨੂੰ ਆਪਣੇ-ਆਪਣੇ ਨਿਸ਼ਚੇ ਮੁਤਾਬਕ ਉਸ ਦੀ ਅਰਾਧਨਾ ਕਰਨ ਦਾ ਹੱਕ ਹੈ। ਬਾਦਸ਼ਾਹ ਪਰਜਾ ਦਾ ਪਿਤਾ ਹੁੰਦਾ ਹੈ। ਉਸ ਨੂੰ ਆਪਣੇ ਸਾਰੇ ਬੱਚਿਆਂ ਨੂੰ ਇੱਕੋ ਜਿਹਾ ਸਮਝਣਾ ਚਾਹੀਦਾ ਹੈ, ਸਭ ਨੂੰ ਇੱਕੋ ਤਰ੍ਹਾਂ ਪਿਆਰ ਕਰਨਾ ਚਾਹੀਦਾ ਹੈ। ਅਸੀਂ ਤੁਹਾਡੇ ਪਾਸ ਵੀ ਇਹੋ ਆਸ ਲੈ ਕੇ ਆਏ ਹਾਂ। ਆਪ ਦੇਸ਼ ਦੇ ਬਾਦਸ਼ਾਹ ਹੋ। ਹਿੰਦੂ, ਮੁਸਲਮਾਨ, ਸਭ ਤੁਹਾਡੀ ਪਰਜਾ ਹਨ। ਆਪ ਨੂੰ ਚਾਹੀਦਾ ਹੈ, ਸਭ ਨੂੰ ਇੱਕੋ ਜਿਹਾ ਸਮਝੋ। ਕਿਸੇ ਨਾਲ ਵੀ ਧੱਕਾ ਜਾਂ ਵਿਤਕਰਾ ਸ਼ੋਭਾ ਨਹੀਂ ਦਿੰਦਾ। ਜਿਵੇਂ ਮੁਸਲਮਾਨ ਨੂੰ ਆਪਣੇ ਅਸੂਲਾਂ ਮੁਤਾਬਕ ਖ਼ੁਦਾ ਦੀ ਪ੍ਰਸਤਸ਼ ਕਰਨ ਦਾ ਹੱਕ ਹੈ, ਉਸੇ ਤਰ੍ਹਾਂ ਹਿੰਦੂ ਨੂੰ ਵੀ ਆਪਣੀ ਸ਼ਰਧਾ ਅਨੁਸਾਰ ਭਗਵਾਨ ਦੀ ਪੂਜਾ ਕਰਨ ਦੀ ਆਗਿਆ ਹੋਣੀ ਚਾਹੀਦੀ ਹੈ।"

"ਮਹਾਰਾਜ!" ਬਾਦਸ਼ਾਹ ਨੇ ਰਾਹੋਂ ਗੱਲ ਟੋਕ ਕੇ ਕਿਹਾ, "ਆਪ ਹਿੰਦੂ ਨਹੀਂ ਹੋ। ਨਾ ਆਪ ਤਿਲਕ ਲਗਾਉਂਦੇ ਹੋ, ਨਾ ਜਨੇਊ ਪਹਿਨਦੇ ਹੋ। ਨਾ ਹੀ ਆਪ ਉਨ੍ਹਾਂ ਵਾਂਗ ਵਰਣ ਆਸ਼ਰਮ, ਜਾਤ-ਪਾਤ ਮੰਨਦੇ ਹੋ, ਨਾ ਬੁੱਤ ਪੂਜਦੇ ਹੋ। ਆਪ ਤਾਂ ਇਕ ਨਿਰੰਕਾਰ ਦੇ ਪੁਜਾਰੀ ਹੋ, ਤੌਹੀਦਪ੍ਰਸਤ। ਫਿਰ ਆਪ ਪੱਥਰ-ਪੂਜ ਹਿੰਦੂਆਂ ਦੀ ਸਿਫ਼ਾਰਿਸ਼ ਕਿਉਂ ਕਰਦੇ ਹੋ?"

"ਠੀਕ ਹੈ। ਨਾ ਅਸੀਂ ਬੁੱਤ ਪੂਜਦੇ ਹਾਂ, ਨਾ ਤਿਲਕ-ਜੰਞੂ ਦੇ ਧਾਰਨੀ ਹਾਂ। ਪਰ ਅਸੀਂ ਕਹਿੰਦੇ ਹਾਂ ਕਿ ਜਿਵੇਂ ਮੋਮਨ ਨੂੰ ਸੰਗਿ-ਅਸਵਦ ਨਾਲ ਅਕੀਦਤ ਹੈ, ਓਸੇ ਤਰ੍ਹਾਂ ਹਿੰਦੂ ਨੂੰ ਆਪਣੇ ਠਾਕਰਾਂ ਵਿਚ ਸ਼ਰਧਾ ਹੈ। ਦੂਸਰਾ, ਦੂਸਰੇ ਦੀ ਸ਼ਰਧਾ ਵਿਚ ਕਿਉਂ ਦਖ਼ਲ ਦੇਵੇ? ਸਾਡੀ ਰਾਏ ਅਨੁਸਾਰ ਧਰਮ ਦੇ ਮਸਲੇ ਵਿਚ ਹਰ ਇਕ ਨੂੰ ਆਜ਼ਾਦੀ ਹੋਣੀ ਚਾਹੀਦੀ ਹੈ। ਧਰਮ ਇਨਸਾਨ ਦੀ ਨਿੱਜੀ ਵਸਤੂ ਹੈ। ਇਸ ਦਾ ਸੰਬੰਧ ਸਰੀਰ ਨਾਲੋਂ ਵਧੇਰੇ ਆਤਮਾ ਨਾਲ ਹੈ। ਧੱਕੇ ਨਾਲ ਕਿਸੇ ਦਾ ਧਰਮ ਖੋਹਣਾ ਇਨਸਾਫ਼ ਨਹੀਂ। ਪ੍ਰਚਾਰ ਤੇ ਪਿਆਰ ਨਾਲ ਕਿਸੇ ਨੂੰ ਆਪਣੇ ਮਜ਼ਹਬ ਵਿਚ ਲੈ ਆਉਣਾ ਮਾੜਾ ਨਹੀਂ, ਪਰ ਤਲਵਾਰ ਦੇ ਜ਼ੋਰ ਕਿਸੇ ਦਾ ਧਰਮ ਖੋਹਣਾ ਪਾਪ ਹੈ। ਪਾਪ ਕਦੇ ਵੀ ਰੱਬ ਨੂੰ ਨਹੀਂ ਭਾਉਂਦਾ।"

*(ਬਾਕੀ ਪੰਨਾ ੨੨ 'ਤੇ)*



ਅੰਤ੍ਰਿੰਗ ਕਮੇਟੀ ਦੀ ਮੀਟਿੰਗ ਦੀ ਆਰੰਭਤਾ ਸਮੇਂ ਅਰਦਾਸ ਕਰਦੇ ਹੋਏ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ
ਅਤੇ ਅਰਦਾਸ ਵਿਚ ਸ਼ਾਮਲ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਅਤੇ ਸ਼੍ਰੋਮਣੀ ਕਮੇਟੀ ਦੇ ਹੋਰ ਅਹੁਦੇਦਾਰ।

(10 ਅਕਤੂਬਰ 2017)



ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਬਾਬਾ ਕੂਰਮ ਜੀ ਨਿਵਾਸ ਦੇ ਨੀਂਹ ਪੱਥਰ ਤੋਂ ਪਰਦਾ ਹਟਾਉਂਦੇ ਹੋਏ
ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ। ਉਨ੍ਹਾਂ ਨਾਲ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਹੋਰ।

(13 ਅਕਤੂਬਰ 2017)





ਬੰਦੀਛੋੜ ਦਿਵਸ ਮੌਕੇ ਕੌਮ ਦੇ ਨਾਂਅ ਸੰਦੇਸ਼ ਦਿੰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਅਤੇ ਵਿਚਾਰਾਂ ਸਾਂਝੀਆਂ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਗਿਆਨੀ ਜਗਤਾਰ ਸਿੰਘ ਤੇ ਗਿਆਨੀ ਹਰਨਾਮ ਸਿੰਘ ਖ਼ਾਲਸਾ।

(ਹੇਠਾਂ) ਬੰਦੀਛੋੜ ਦਿਵਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ।

(19 ਅਕਤੂਬਰ 2017)



ਬੰਦੀ-ਛੋੜ ਦਿਵਸ (ਦੀਵਾਲੀ) ਮੌਕੇ ਗੁਰੂ ਕੀ ਲਾਡਲੀਆਂ ਫ਼ੌਜਾਂ (ਨਿਹੰਗ ਸਿੰਘ ਦਲਾਂ ਦੇ ਮੁਖੀਆਂ) ਨੂੰ ਸਨਮਾਨਿਤ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ।

(19 ਅਕਤੂਬਰ 2017)



ਗੁਰਦੁਆਰਾ ਦੇਗਸਰ ਕਟਾਣਾ ਸਾਹਿਬ ਵਿਖੇ ਕਰਵਾਏ ਗਏ ਦਸਤਾਰ ਮੁਕਾਬਲੇ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਮੈਂਬਰ ਸ਼੍ਰੋਮਣੀ ਕਮੇਟੀ ਜਥੇ. ਹਰਪਾਲ ਸਿੰਘ ਜੱਲ੍ਹਾ, ਜਥੇ. ਰਘਬੀਰ ਸਿੰਘ ਅਤੇ ਹੋਰ।



ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲੈਫਟੀਨੈਂਟ ਜਨਰਲ ਜਗਜੀਤ ਸਿੰਘ ਅਰੋੜਾ, ਜਨਰਲ ਹਰਬਖਸ਼ ਸਿੰਘ ਤੇ ਏਅਰ ਮਾਰਸ਼ਲ ਸ. ਅਰਜਨ ਸਿੰਘ ਦੀਆਂ ਤਸਵੀਰਾਂ ਤੋਂ ਪਰਦਾ ਹਟਾਉਣ ਸਮੇਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਪ੍ਰੋ: ਕਿਰਪਾਲ ਸਿੰਘ ਬਡੂੰਗਰ, ਭਾਈ ਅਮਰਜੀਤ ਸਿੰਘ ਚਾਵਲਾ ਤੇ ਸ਼੍ਰੋਮਣੀ ਕਮੇਟੀ ਅਹੁਦੇਦਾਰ। (31 ਅਕਤੂਬਰ 2017)



ਪ੍ਰੋ: ਪਿਆਰਾ ਸਿੰਘ ਪਦਮ ਦੀ ਤਸਵੀਰ ਤੋਂ ਪਰਦਾ ਹਟਾਉਂਦੇ ਹੋਏ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਤੇ ਪ੍ਰੋ: ਕਿਰਪਾਲ ਸਿੰਘ ਬਡੂੰਗਰ।

(6 ਅਕਤੂਬਰ 2017)



ਸਢੌਰਾ ਵਿਖੇ ਗੁਰਮਤਿ ਸਮਾਗਮ ਦੌਰਾਨ ਗਿਆਨੀ ਹਰਪ੍ਰੀਤ ਸਿੰਘ ਨੂੰ ਸਨਮਾਨਿਤ ਕਰਦੇ ਹੋਏ
ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ. ਬਲਦੇਵ ਸਿੰਘ ਕਾਇਮਪੁਰ ਅਤੇ ਹੋਰ।

(9 ਅਕਤੂਬਰ)



ਸ਼੍ਰੋਮਣੀ ਕਮੇਟੀ ਵੱਲੋਂ ਨਵੇਂ ਆਈ.ਟੀ. ਵਿੰਗ ਦਾ ਉਦਘਾਟਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ।
ਉਨ੍ਹਾਂ ਨਾਲ ਭਾਈ ਅਮਰਜੀਤ ਸਿੰਘ ਚਾਵਲਾ ਤੇ ਹੋਰ।

(27 ਅਕਤੂਬਰ 2017)



ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸਮੇਂ ਪ੍ਰਧਾਨਗੀ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਇਕੱਤਰਤਾ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਤੇ ਅਧਿਕਾਰੀ।

(10 ਅਕਤੂਬਰ)



ਇਕੱਤਰਤਾ ਉਪਰੰਤ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਸ. ਬਲਦੇਵ ਸਿੰਘ ਕਾਇਮਪੁਰ, ਬਾਬਾ ਬੂਟਾ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਸੁਰਜੀਤ ਸਿੰਘ ਭਿੱਟੇਵਡ ਅਤੇ ਹੋਰ।

(10 ਅਕਤੂਬਰ)



ਖ਼ਾਲਸਾਈ ਖੇਡ ਉਤਸਵ ਦੇ ਅਰੰਭਤਾ ਸਮੇਂ ਦੀਆਂ ਵੱਖ-ਵੱਖ ਝਲਕੀਆਂ (14 ਅਕਤੂਬਰ)



ਖਾਲਸਾਈ ਖੇਡਾਂ ਦੌਰਾਨ ਗੁਰੂ ਨਾਨਕ ਖਾਲਸਾ ਕਾਲਜ ਬੁਢਲਾਡਾ ਨੂੰ ਓਵਰਆਲ ਟਰਾਫੀ ਦਿੰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਸ. ਬਲਦੇਵ ਸਿੰਘ ਕਾਇਮਪੁਰ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਹੋਰ।(16 ਅਕਤੂਬਰ)

(ਪੰਨਾ ੧੮ ਦਾ ਬਾਕੀ)

"ਮਹਾਰਾਜ!" ਔਰੰਗਜ਼ੇਬ ਜ਼ਰਾ ਤਲਖ਼ੀ ਨਾਲ ਬੋਲਿਆ। "ਆਪ ਨੂੰ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਆਪ ਔਰੰਗਜ਼ੇਬ ਆਲਮਗੀਰ ਨਾਲ ਗੱਲ ਕਰ ਰਹੇ ਹੋ। ਖ਼ੁਦਾ ਦੇ ਸੱਚੇ ਮਜ਼ਹਬ ਵਾਸਤੇ ਮੈਂ ਸਭ ਕੁਝ ਕਰਨ ਲਈ ਤਿਆਰ ਹਾਂ। ਆਪ ਝੂਠੇ ਬੁੱਤ-ਪੂਜਾਂ ਦੀ ਤਰਫ਼ਦਾਰੀ ਕਰ ਕੇ ਆਪਣੇ ਵਾਸਤੇ ਮੁਸ਼ਕਲਾਂ ਪੈਦਾ ਕਰ ਰਹੇ ਹੋ। ਆਪ ਵਾਸਤੇ ਹਿੰਦੂ ਮੁਸਲਮਾਨ ਬਰਾਬਰ ਹਨ। ਫਿਰ ਆਪ ਇਕ ਫ਼ਿਰਕੇ ਦੀ ਮਦਦ 'ਤੇ ਕਿਉਂ ਖੜ੍ਹੇ ਹੋ?"

"ਅਸੀਂ ਹਿੰਦੂਆਂ ਦੀ ਮਦਦ ਇਸ ਵਾਸਤੇ ਕਰ ਰਹੇ ਹਾਂ, ਕਿਉਂਕਿ ਉਹ ਕਮਜ਼ੋਰ ਹਨ, ਮਜ਼ਲੂਮ ਹਨ। ਕਦੇ ਮੁਸਲਮਾਨ ਨਿਰਬਲ ਹੁੰਦੇ ਤੇ ਕੋਈ ਜਰਵਾਣਾ ਹਿੰਦੂ ਉਨ੍ਹਾਂ ਉੱਤੇ ਧੱਕਾ ਕਰਦਾ, ਤਾਂ ਅਸੀਂ ਮੁਸਲਮਾਨਾਂ ਦੀ ਵੀ ਇਸੇ ਤਰ੍ਹਾਂ ਮਦਦ ਕਰਦੇ। ਅਸੀਂ ਤਾਂ ਸਿਰਫ਼ ਇਸ ਗੱਲ ਦੀ ਮੰਗ ਕਰਦੇ ਹਾਂ ਕਿ ਹਰ ਇਕ ਨੂੰ ਆਪਣੀ ਮਰਜ਼ੀ ਮੁਤਾਬਕ ਰੱਬ ਦੀ ਪੂਜਾ ਕਰਨ ਦਾ ਹੱਕ ਹੋਣਾ ਚਾਹੀਦਾ ਹੈ। ਸਰਕਾਰ ਨੂੰ ਕਿਸੇ ਦੇ ਧਰਮ ਵਿਚ ਦਖ਼ਲ ਨਹੀਂ ਦੇਣਾ ਚਾਹੀਦਾ।"

"ਐ ਹਿੰਦ ਦੇ ਪੀਰ!" ਬਾਦਸ਼ਾਹ ਜ਼ਰਾ ਗੁੱਸੇ ਨਾਲ ਬੋਲਿਆ, "ਸ਼ਹਿਨਸ਼ਾਹ ਸਲਾਮਤ ਕੋਲ ਬੇਫ਼ਾਇਦਾ ਬਹਿਸ ਵਿਚ ਗੁਆਉਣ ਜੋਗਾ ਵਕਤ ਨਹੀਂ। ਸਾਨੂੰ ਮਤਲਬ ਦੀਆਂ ਗੱਲਾਂ ਦਾ ਫ਼ੈਸਲਾ ਕਰਨਾ ਚਾਹੀਦਾ ਹੈ। ਕਸ਼ਮੀਰ ਦੇ ਪੰਡਤਾਂ ਦਾ ਮੇਜਰਨਾਵਾਂ ਸਾਡੇ ਸਾਹਮਣੇ ਹੈ। ਕੀ ਆਪ ਨੇ ਉਨ੍ਹਾਂ ਨੂੰ ਕੋਈ ਭਰੋਸਾ ਦੁਆਇਆ ਸੀ?"

"ਹਾਂ। ਗੁਰੂ ਨਾਨਕ ਦੇ ਦਰ 'ਤੇ ਆਏ ਕਿਸੇ ਨੂੰ ਵੀ ਨਿਰਾਸ ਨਹੀਂ ਮੋੜਿਆ ਜਾ ਸਕਦਾ। ਬੇ-ਸਹਾਰੇ ਦੀ ਸਹਾਇਤਾ ਕਰਨਾ ਸਾਡਾ ਧਰਮ ਹੈ।"

"ਪਰ ਤੁਸਾਂ ਕਿਸ ਮਾਣ ਉੱਤੇ ਇਹ ਜ਼ਿੰਮੇਵਾਰੀ ਚੁੱਕੀ?"

"ਮਾਣ ਤਾਂ ਸਭ ਨੂੰ ਉਸ ਅਕਾਲ ਪੁਰਖ ਦਾ ਹੈ। ਸਾਡਾ ਵਿਚਾਰ ਸੀ ਕਿ ਆਪ ਇਕ ਇਨਸਾਫ਼ ਵਾਲੀ ਮੰਗ ਪ੍ਰਵਾਨ ਕਰ ਲਵੋਗੇ।"

"ਪਰ ਹੁਣ ਤਾਂ ਤੁਹਾਨੂੰ ਯਕੀਨ ਹੋ ਗਿਆ ਹੋਵੇਗਾ ਕਿ ਤੁਹਾਡੀ ਮੰਗ ਠੁਕਰਾਈ ਗਈ ਹੈ, ਕਿਉਂਕਿ ਉਹ ਇਨਸਾਫ਼ ਵਾਲੀ ਨਹੀਂ।"

"ਠੁਕਰਾਈ ਗਈ ਹੈ, ਪਰ ਇਸ ਨੂੰ ਬੇਇਨਸਾਫ਼ੀ ਵਾਲੀ ਨਹੀਂ ਕਿਹਾ ਜਾ ਸਕਦਾ।"

"ਮਹਾਰਾਜ! ਆਪ ਵਿਦਵਾਨ ਹੋ, ਤੇ ਆਪਣਾ ਨਫ਼ਾ ਨੁਕਸਾਨ ਸੋਚ ਸਕਦੇ ਹੋ। ਹੁਣ ਬਾਦਸ਼ਾਹ ਦਾ ਹੁਕਮ ਸੁਣ ਲਵੋ। ਮੇਜਰਨਾਵੇਂ ਵਿਚ ਲਿਖਿਆ ਹੈ ਕਿ ਹਿੰਦ ਦਾ ਪੀਰ ਮੁਸਲਮਾਨ ਹੋ ਜਾਵੇ, ਤਾਂ ਸਾਰੇ ਹਿੰਦੂ ਮੁਸਲਮਾਨ ਹੋ ਜਾਣਗੇ। ਇਸ ਦਾ ਮਤਲਬ ਕਿ ਇਹ ਸਵਾਲ ਹੁਣ ਸਾਰੇ ਦੇਸ਼ ਦਾ ਬਣ ਗਿਆ ਹੈ। ਸੋ, ਮੇਰੀਆਂ ਤਿੰਨ ਸ਼ਰਤਾਂ ਹਨ: ਆਪ ਇਸਲਾਮ ਪ੍ਰਵਾਨ ਕਰ ਲਵੋ, ਤਾਂ ਕਿ ਸਾਰੇ ਹਿੰਦੂ ਮੁਸਲਮਾਨ ਹੋ ਜਾਣ। ਮੈਂ ਤੁਹਾਨੂੰ ਮੂੰਹ-ਮੰਗੀ ਜਾਗੀਰ ਦੇ ਕੇ ਸਾਰੇ ਇਸਲਾਮ ਦਾ ਪੀਰ ਬਣਾ ਦਿਆਂਗਾ। ਦੂਸਰੀ ਸ਼ਰਤ : ਆਪ ਕਰਾਮਾਤ ਵਿਖਾਓ, ਜਿਸ ਤੋਂ ਪਤਾ ਲੱਗ ਸਕੇ ਕਿ ਆਪ ਖ਼ੁਦਾ ਦੇ ਭੇਜੇ ਹੋਏ ਪੈਗ਼ੰਬਰ ਹੋ। ਇਹ ਦੋਵੇਂ ਸ਼ਰਤਾਂ ਮਨਜ਼ੂਰ ਨਹੀਂ, ਤਾਂ ਆਪਣੀ ਜਾਨ ਦੇਣ ਵਾਸਤੇ ਤਿਆਰ ਹੋ ਜਾਓ[੫]।"

"ਬਾਦਸ਼ਾਹ! ਪਹਿਲੀਆਂ ਦੋਵੇਂ ਸ਼ਰਤਾਂ ਪ੍ਰਵਾਨ ਨਹੀਂ। ਅਸੀਂ ਕਿਸੇ ਦੇ ਧਰਮ ਨੂੰ ਬੁਰਾ ਨਹੀਂ ਕਹਿੰਦੇ, ਪਰ ਆਪਣਾ ਧਰਮ ਛੱਡਣ ਵਾਸਤੇ ਕਿਸੇ ਕੀਮਤ 'ਤੇ ਵੀ ਤਿਆਰ ਨਹੀਂ। ਤੇ ਕਰਾਮਾਤ ਵਿਖਾਉਣੀ? ਇਹ ਤਾਂ ਖ਼ੁਦਾ ਦੇ ਹੁਕਮ ਨੂੰ ਅਦੂਲਣ ਦੇ ਬਰਾਬਰ ਹੈ। ਖ਼ੁਦਾ ਦੇ ਬੰਦੇ ਕਰਾਮਾਤਾਂ ਦੇ ਝਮੇਲੇ ਵਿਚ ਨਹੀਂ ਪੈਂਦੇ। ਆਖ਼ਰੀ ਗੱਲ ਰਹੀ ਜਾਨ ਦੇਣ ਦੀ। ਭਲਾ ਇਸ ਗੱਲ ਦੀ ਕੀ ਚਿੰਤਾ? ਸਾਡਾ ਨਿਸ਼ਚਾ ਹੈ:

**- ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ॥** (ਪੰਨਾ ੧੪੨੯)

**- ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ॥**
**ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ॥** (ਪੰਨਾ ੧੪੨੯)

ਸੋ, ਅਸੀਂ ਹਰ ਪ੍ਰੀਖਿਆ ਵਾਸਤੇ ਤਿਆਰ ਹਾਂ।"

"ਐ ਹਿੰਦ ਦੇ ਪੀਰ! ਜ਼ਬਾਨੀ ਐਸਾ ਕਹਿ ਲੈਣਾ ਸੌਖਾ ਹੈ, ਪਰ ਪਤਾ ਲੱਗਦਾ ਹੈ, ਇਮਤਿਹਾਨ ਵਿਚ

ਪਿਆਂ। ਜਾਣਦੇ ਹੋ, ਤੁਹਾਡੇ ਨਾਲ ਕਿੰਨੀ-ਕੁ ਸਖ਼ਤੀ ਹੋ ਸਕਦੀ ਹੈ?" ਬਾਦਸ਼ਾਹ ਨੇ ਧਮਕੀ ਭਰੇ ਲਹਿਜ਼ੇ ਵਿਚ ਕਿਹਾ।

"ਹਾਂ, ਚੰਗੀ ਤਰ੍ਹਾਂ ਜਾਣਦੇ ਹਾਂ।" ਗੁਰਦੇਵ ਨੇ ਓਸੇ ਤਰ੍ਹਾਂ ਠਰ੍ਹੰਮੇ ਨਾਲ ਕਿਹਾ। "ਅਨੰਦਪੁਰੋਂ ਤੁਰਨ ਤੋਂ ਪਹਿਲਾਂ ਹੀ ਸਭ ਕੁਝ ਸੋਚ ਲਿਆ ਸੀ। ਸਗੋਂ ਹਰ ਸਖ਼ਤੀ ਸਹਿਣ ਵਾਸਤੇ ਆਪਣੇ-ਆਪ ਨੂੰ ਤਿਆਰ ਕਰ ਲਿਆ ਸੀ। ਅਸੀਂ ਤਿਆਰ ਹਾਂ। ਪਰ ਇਕ ਸ਼ਰਤ ਸਾਡੀ ਵੀ ਹੈ।"

"ਕਹੋ।"

"ਜੇ ਆਪ ਮਨ-ਚਾਹਿਆ ਜ਼ੁਲਮ ਕਰ ਕੇ ਵੀ ਸਾਡਾ ਧਰਮ ਨਾ ਖੋਹ ਸਕੋ, ਤਾਂ ਨਿਰਬਲ ਹਿੰਦੂਆਂ ਉੱਤੇ ਜ਼ੁਲਮ ਛੱਡ ਦਿਉਗੇ। ਅਸੀਂ ਸਾਰੇ ਮਜ਼ਲੂਮਾਂ ਵੱਲੋਂ ਆਪਣੇ ਆਪ ਨੂੰ ਪੇਸ਼ ਕਰਦੇ ਹਾਂ। ਆਪ ਸਾਰੀ ਤਾਕਤ ਲਾ ਕੇ ਅਜ਼ਮਾ ਲਵੋ।"

ਇਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸਭ ਤੋਂ ਵੱਡੀ ਬਹਾਦਰੀ ਸੀ। ਜਾਂ ਸਮਝੋ, ਧਰਮ ਵੱਲੋਂ ਜ਼ੁਲਮ ਨੂੰ ਇਕ ਵੰਗਾਰ ਸੀ। ਇਸ ਤਜਰਬੇ ਵਾਸਤੇ ਗੁਰੂ ਮਹਾਰਾਜ ਨੇ ਖੁਸ਼ੀ ਨਾਲ ਆਪਣੇ ਆਪ ਨੂੰ ਪੇਸ਼ ਕੀਤਾ ਸੀ।

**ਗੁਰੂ ਜੀ ਜੇਲ੍ਹ ਵਿਚ ਬੰਦ:** ਔਰੰਗਜ਼ੇਬ ਵੱਲੋਂ ਗੁਰਦੇਵ 'ਤੇ ਸਖ਼ਤੀ ਸ਼ੁਰੂ ਹੋ ਗਈ। ਹਜ਼ੂਰ ਨੂੰ ਜੇਲ੍ਹ ਵਿਚ ਡੱਕ ਦਿੱਤਾ ਗਿਆ। ਕੁਝ ਸਖ਼ਤ ਸੁਭਾਉ ਦੇ ਕਾਜ਼ੀਆਂ ਨੂੰ ਗੁਰੂ ਜੀ ਦੀ ਨਿਗਰਾਨੀ ਰੱਖਣ ਦਾ ਹੁਕਮ ਦੇ ਦਿੱਤਾ ਗਿਆ। ਦਿੱਲੀ ਦੇ ਸਿੱਖਾਂ ਦਾ ਮਿਲਣਾ ਬੰਦ ਕਰ ਦਿੱਤਾ ਗਿਆ।

ਗੁਰਦੇਵ ਇਸ ਸਖ਼ਤੀ ਨੂੰ ਬੜੇ ਧੀਰਜ ਨਾਲ ਸਹਿ ਰਹੇ ਸਨ। ਨਾ ਉਨ੍ਹਾਂ ਦੀ ਜ਼ਬਾਨ 'ਤੇ ਕਿਸੇ ਦੇ ਵਿਰੁੱਧ ਗਿਲਾ ਸੀ, ਨਾ ਅਫ਼ਸੋਸ। ਮਹਾਰਾਜ ਸ਼ਾਂਤ ਸਨ। ਹਰ ਵੇਲੇ ਆਪ ਬਾਣੀ ਪੜ੍ਹਦੇ ਰਹਿੰਦੇ। ਇਸ ਉੱਚੀ ਅਵਸਥਾ ਦਾ ਅਸਰ ਜੇਲ੍ਹ ਦੇ ਦਰੋਗਾ ਖ੍ਵਾਜਾ ਅਬਦੁੱਲਾ ਤੇ ਉਸ ਦੇ ਮਾਤਹਿਤ ਮੈਮੂੰ ਖਾਂ ਉੱਤੇ ਬਹੁਤ ਪਿਆ। ਦਿਲੋਂ ਉਹ ਗੁਰਦੇਵ ਦੇ ਸ਼ਰਧਾਲੂ ਹੋ ਗਏ। ਜਿੰਨਾ ਹੋ ਸਕਦਾ, ਉਹ ਗੁਰਦੇਵ ਦੀ ਸੇਵਾ ਕਰਦੇ। ਪਰ ਬਾਦਸ਼ਾਹ ਤੇ ਉਹਦੇ ਸੂਹੀਆਂ ਤੋਂ ਡਰਦੇ ਉਹ ਵਧੇਰੇ ਕੁਝ ਨਹੀਂ ਸਨ ਕਰ ਸਕਦੇ।

**ਭਾਈ ਮਤੀਦਾਸ ਦੀ ਸ਼ਹੀਦੀ:** ਇਕ ਦਿਨ ਭਾਈ ਮਤੀ ਦਾਸ ਨੇ ਬੇਨਤੀ ਕੀਤੀ, "ਸੱਚੇ ਪਾਤਸ਼ਾਹ! ਆਪ ਕਰਨ-ਕਾਰਨ ਸਮਰੱਥ ਹੋ। ਜ਼ਾਲਮ ਬਾਦਸ਼ਾਹ ਕਰਾਮਾਤ ਹੀ ਵੇਖਣਾ ਚਾਹੁੰਦਾ ਹੈ, ਤਾਂ ਆਪ ਅਜਿਹੀ ਕਰਾਮਾਤ ਵਿਖਾਉ ਕਿ ਜ਼ਾਲਮ ਦਾ ਕੁਲ ਨਾਸ਼ ਕਰ ਦਿਓ। ਹਜ਼ਾਰਾਂ ਦੁਖੀ, ਸੁਖ ਦਾ ਸਾਹ ਲੈਣਗੇ।"

"ਮਤੀ ਦਾਸ ਜੀ!" ਮਹਾਰਾਜ ਓਵੇਂ ਧੀਰਜ ਨਾਲ ਬੋਲੇ, "ਤੁਹਾਡੇ ਅੰਦਰ ਬਦਲੇ ਦੀ ਭਾਵਨਾ ਪੈਦਾ ਹੋ ਗਈ ਹੈ। ਸ਼ਾਂਤ ਹੋਵੋ। ਕਿਸੇ ਦਾ ਕੁਲ-ਨਾਸ਼ ਕਰਨਾ ਜਾਂ ਰੱਖਣਾ ਅਕਾਲ ਪੁਰਖ ਦੇ ਵੱਸ ਹੈ। ਆਪਾਂ ਉਹਦੇ ਕੰਮਾਂ ਵਿਚ ਕਿਉਂ ਦਖ਼ਲ ਦੇਈਏ? ਸਾਡਾ ਧਰਮ ਹੈ, 'ਹੁਕਮਿ ਰਜਾਈ ਚਲਣਾ।' ਜੋ ਕੁਝ ਹੋ ਰਿਹਾ ਹੈ, ਸਭ ਉਸ ਦੇ ਰੰਗ ਹਨ।"

ਸੂਹੀਏ ਕਾਜ਼ੀ ਨੇ ਇਹ ਖ਼ਬਰ ਬਾਦਸ਼ਾਹ ਤਕ ਜਾ ਪਹੁੰਚਾਈ। ਬਾਦਸ਼ਾਹ ਨੂੰ ਦਿਲ ਦਾ ਕਹਿਰ ਕੱਢਣ ਦਾ ਮੌਕਾ ਮਿਲ ਗਿਆ। ਅਗਲੇ ਦਿਨ ਉਹਨੇ ਭਾਈ ਮਤੀ ਦਾਸ ਹੋਰਾਂ ਨੂੰ ਦਰਬਾਰ ਵਿਚ ਬੁਲਾ ਲਿਆ। ਭਾਈ ਮਤੀ ਦਾਸ ਕਹੇ ਸ਼ਬਦਾਂ ਤੋਂ ਮੁੱਕਰਿਆ ਨਹੀਂ। ਉਹਨੇ ਬਹਾਦਰਾਂ ਵਾਂਗ ਉੱਤਰ ਦਿੱਤਾ, "ਐ ਔਰੰਗਜ਼ੇਬ! ਮੇਰੇ ਗੁਰਦੇਵ ਸਮਰੱਥ ਹਨ। ਉਹ ਜੋ ਚਾਹੁਣ, ਕਰ ਸਕਦੇ ਹਨ। ਪਰ ਉਹ ਧਰਤੀ ਵਰਗੇ ਧੀਰਜ ਦੇ ਵੀ ਮਾਲਕ ਹਨ। ਉਹ ਸ਼ਾਂਤ ਰਹਿੰਦੇ ਹੋਏ ਸਭ ਕੁਝ ਸਹਾਰਨ ਦੀ ਸ਼ਕਤੀ ਰੱਖਦੇ ਹਨ। ਉਹ ਤੇਰੇ ਹਰ ਤਰ੍ਹਾਂ ਦੇ ਜ਼ੁਲਮ ਸਹਾਰ ਲੈਣਗੇ, ਪਰ ਜ਼ੁਲਮ ਕਰਨ ਵਾਲੇ ਦਾ ਤਾਂ ਨਾਸ਼ ਹੋਵੇਗਾ ਹੀ। ਅਸੀਂ ਆਪਣੇ-ਆਪ ਦੀ ਕੁਰਬਾਨੀ ਦੇਣ ਵਾਸਤੇ ਆਏ ਹਾਂ। ਸੋ ਹਾਜ਼ਰ ਹਾਂ।"

ਸੁਣ ਕੇ ਬਾਦਸ਼ਾਹ ਨੂੰ ਅੱਗ ਲੱਗ ਉੱਠੀ। ਉਹਨੇ ਮੌਤ ਦਾ ਹੁਕਮ ਦੇਂਦਿਆਂ ਮੁਫ਼ਤੀ ਦੀ ਰਾਏ ਪੁੱਛੀ ਕਿ ਅਜਿਹੇ ਬਾਗ਼ੀ ਨੂੰ ਕਿਸ ਮੌਤੇ ਮਾਰਨਾ ਚਾਹੀਦਾ ਹੈ। ਮੁਫ਼ਤੀ ਨੇ ਆਰੇ ਨਾਲ ਚੀਰਨ ਦੀ ਸਲਾਹ ਦਿੱਤੀ। ਇਹ ਸਾਕਾ ਆਮ ਲੋਕਾਂ ਦੇ ਸਾਹਮਣੇ ਕੀਤਾ ਗਿਆ।

ਮੌਤ ਦੇ ਸਬਰ ਦੇ ਦੰਗਲ ਵਾਸਤੇ ਬੰਦੀਖ਼ਾਨੇ ਦੇ ਸਾਹਮਣੇ ਚਾਂਦਨੀ ਚੌਂਕ ਵਿਚ ਖੁੱਲ੍ਹਾ ਥਾਂ ਚੁਣਿਆ ਗਿਆ। ਹਜ਼ਾਰਾਂ ਲੋਕ ਵੇਖਣ ਵਾਸਤੇ ਇਕੱਠੇ ਹੋ ਗਏ। ਸ੍ਰੀ ਗੁਰੂ ਤੇਗ਼ ਬਹਾਦਰ ਜੀ ਤੇ ਬਾਕੀ ਸਿੱਖ ਕੈਦੀ ਵੀ ਸਾਹਮਣੇ ਲਿਆਂਦੇ

ਗਏ। ਉਦਾਲੇ ਫੌਜ ਦਾ ਸਖ਼ਤ ਪਹਿਰਾ ਸੀ। ਅਜਿਹੇ ਕਾਰੇ ਖੁੱਲ੍ਹੇ-ਆਮ ਇਸ ਵਾਸਤੇ ਕੀਤੇ ਜਾਂਦੇ ਸਨ, ਤਾਂ ਕਿ ਵੇਖਣ ਵਾਲਿਆਂ ਦੇ ਦਿਲਾਂ 'ਤੇ ਸਰਕਾਰ ਦਾ ਭੈਅ ਬਣਿਆ ਰਹੇ। ਸ਼ਖ਼ਸੀ ਹਕੂਮਤਾਂ ਦੇ ਜ਼ਮਾਨੇ ਦੁਨੀਆਂ ਦੇ ਹਰ ਹਿੱਸੇ ਵਿਚ ਅਜਿਹਾ ਕਹਿਰ ਰਿਹਾ ਹੈ।

ਭਾਈ ਮਤੀ ਦਾਸ ਨੂੰ ਲੱਕੜੀ ਦੇ ਦੋ ਫੱਟਿਆਂ ਵਿਚ ਕੱਸ ਕੇ ਬੰਨ੍ਹ ਦਿੱਤਾ ਗਿਆ। ਆਖ਼ਰੀ ਵਾਰ ਉਸ ਨੂੰ ਇਸਲਾਮ ਜਾਂ ਮੌਤ ਵਿੱਚੋਂ ਚੋਣ ਕਰਨ ਵਾਸਤੇ ਕਿਹਾ ਗਿਆ। ਭਾਈ ਮਤੀ ਦਾਸ ਨੇ ਉੱਤਰ ਦਿੱਤਾ, "ਧਰਮ ਵਾਸਤੇ ਸ਼ਹੀਦ ਹੋਣ ਵਾਲੇ ਕਦੇ ਡੋਲੇ ਨਹੀਂ। ਤੁਸੀਂ ਛੇਤੀ ਆਪਣਾ ਕਾਰਜ ਕਰੋ। ਅਜਿਹੀ ਮੌਤ ਕਿਸੇ ਭਾਗਾਂ ਵਾਲੇ ਨੂੰ ਨਸੀਬ ਹੁੰਦੀ ਹੈ। ਭਲਾ ਮੈਂ ਇਸ ਤੋਂ ਕਿਉਂ ਮੂੰਹ ਮੋੜਾਂ? ਮੈਂ ਤਿਆਰ ਹਾਂ।"

ਦਿਲ ਹਿਲਾ ਦੇਣ ਵਾਲਾ ਸਾਕਾ ਹੋਇਆ। ਜਲਾਦਾਂ ਨੇ ਆਰਾ ਖਿੱਚਣਾ ਸ਼ੁਰੂ ਕੀਤਾ ਤੇ ਸਿੱਖ ਨੇ 'ਜਪੁਜੀ' ਸਾਹਿਬ ਦਾ ਪਾਠ। ਖੂਨ ਦੀਆਂ ਧਾਰਾਂ ਵਹਿ ਤੁਰੀਆਂ। ਗੁਰਦੇਵ ਤੇ ਸਿੱਖ ਅਡੋਲ ਸਨ, ਪਰ ਉਦਾਲੇ ਵੇਖਣ ਵਾਲੇ ਕਈ ਆਹੀਂ ਭਰ ਰਹੇ ਸਨ। ਅੱਖਾਂ ਦੇ ਹੰਝੂ ਵਿੱਚੇ-ਵਿੱਚ ਪੀ ਰਹੇ ਸਨ। ਸਰਕਾਰ ਤੋਂ ਡਰਦੇ ਉਹ ਉੱਚੀ ਰੋ ਵੀ ਨਹੀਂ ਸਨ ਸਕਦੇ। ਲੱਕੜ ਦੀ ਗੇਲੀ ਵਾਂਗ ਮਤੀ ਦਾਸ ਨੂੰ ਦੋ-ਫਾੜ ਚੀਰ ਦਿੱਤਾ ਗਿਆ।

**ਭਾਈ ਦਿਆਲਾ ਜੀ ਦੀ ਸ਼ਹੀਦੀ:** ਇਹ ਕਹਿਰ ਵੇਖ ਕੇ ਭਾਈ ਦਿਆਲਾ ਜੀ ਤੋਂ ਸਹਾਰਿਆ ਨਾ ਗਿਆ। ਉਹ ਰੋਹ ਵਿਚ ਬੋਲ ਉਠੇ, "ਤੁਸਾਂ ਇਕ ਸਿਦਕੀ ਸਿੱਖ ਨੂੰ ਨਹੀਂ ਚੀਰਿਆ, ਮੁਗ਼ਲ ਰਾਜ ਦੀਆਂ ਜੜ੍ਹਾਂ ਚੀਰ ਦਿੱਤੀਆਂ ਹਨ। ਹੁਣ ਇਹ ਰਾਜ ਬਹੁਤਾ ਚਿਰ ਨਹੀਂ ਟਿਕੇਗਾ।"

ਮੁਫ਼ਤੀ ਵੱਲੋਂ ਭਾਈ ਦਿਆਲਾ ਜੀ ਵਾਸਤੇ ਵੀ ਫ਼ਤਵਾ ਸੁਣਾ ਦਿੱਤਾ ਗਿਆ ਜਿਉਂਦੇ-ਜੀਅ ਦੇਗ ਵਿਚ ਉਬਾਲ ਕੇ ਸ਼ਹੀਦ ਕਰਨ ਦਾ। ਅਮਾਨਸਿਕ ਨਿਰਦੈਤਾ। ਸੰਤ ਸਰੂਪ ਭਾਈ ਦਿਆਲਾ ਜੀ ਨੂੰ ਦੇਗ ਵਿਚ ਬਿਠਾ ਕੇ ਉਬਾਲ ਦਿੱਤਾ ਗਿਆ। ਰਿੱਝਰਿੱਝ ਕੇ ਹੱਡੀਆਂ ਨਾਲੋਂ ਮਾਸ ਅਲੱਗ ਹੋ ਗਿਆ। ਪਰ ਸੂਰਮੇ ਸਿੱਖ ਨੇ ਮੂੰਹੋਂ 'ਸੀਅ' ਨਹੀਂ ਕੀਤੀ। ਇਹ ਜ਼ੁਲਮ ਵੇਖ ਕੇ ਸਾਰਾ ਸ਼ਹਿਰ ਕੰਬ ਉੱਠਿਆ।

**ਗੁਰੂ ਜੀ ਨੂੰ ਧਮਕੀ:** ਮੁਫ਼ਤੀ ਨੇ ਮੱਥੇ 'ਤੇ ਤਿਉੜੀ ਪਾ ਕੇ ਗੁਰਦੇਵ ਨੂੰ ਬੜੀ ਧਮਕੀ ਭਰੀ ਸੁਰ ਵਿਚ ਕਿਹਾ, "ਮਹਾਰਾਜ! ਜੋ ਤੁਹਾਡੇ ਸਿੱਖਾਂ ਦਾ ਹਾਲ ਹੋਇਆ ਹੈ, ਤੁਸਾਂ ਵੇਖ ਲਿਆ ਹੈ। ਬਾਦਸ਼ਾਹ ਸਲਾਮਤ ਆਪ ਜੀ ਨੂੰ ਸੋਚਣ ਵਾਸਤੇ ਕੁਝ ਹੋਰ ਸਮਾਂ ਦੇਣਾ ਚਾਹੁੰਦੇ ਹਨ। ਯਾਦ ਰੱਖੋ, ਜਾਂ ਇਸਲਾਮ, ਜਾਂ ਫਿਰ ਇਸ ਤੋਂ ਵੱਧ ਕਸ਼ਟ।"

"ਹੇ ਭਲੇ ਪੁਰਸ਼! ਇਹ ਸਭ ਉਸ ਮਾਲਕ ਦੇ ਹੱਥ ਹੈ। ਸਾਡਾ ਫ਼ਰਜ਼ ਤਾਂ ਉਸ ਦੀ ਰਜ਼ਾ ਵਿਚ ਰਾਜ਼ੀ ਰਹਿਣਾ ਹੈ।" ਮਹਾਰਾਜ ਓਵੇਂ ਸ਼ਾਂਤ ਸਨ।

**ਗੁਰੂ ਜੀ ਲੋਹੇ ਦੇ ਪਿੰਜਰੇ ਵਿਚ:** ਖ੍ਵਾਜਾ ਅਬਦੁੱਲਾ[੭] ਦੀ ਸਹਾਇਤਾ ਨਾਲ ਬਾਕੀ ਤਿੰਨੇ ਸਿੱਖ ਜੇਲ੍ਹ ਵਿੱਚੋਂ ਨਿਕਲ ਗਏ। ਉਨ੍ਹੀਂ ਦਿਨੀਂ ਅਜਿਹਾ ਆਮ ਹੋਇਆ ਕਰਦਾ ਸੀ। ਔਰੰਗਜ਼ੇਬ ਨੂੰ ਖ਼ਬਰ ਪਹੁੰਚੀ ਤਾਂ ਉਹ ਬਹੁਤ ਖ਼ਫਾ ਹੋਇਆ। ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਨੂੰ ਲੋਹੇ ਦੇ ਪਿੰਜਰੇ ਵਿਚ ਬੰਦ ਕਰ ਦਿੱਤਾ ਗਿਆ। ਲੋਹੇ ਦਾ ਪਿੰਜਰਾ, ਜਿਸ ਦੇ ਅੰਦਰ ਨੂੰ ਸੂਲਾਂ ਵਰਗੇ ਤਿੱਖੇ ਕਿੱਲ ਮੁੜੇ ਹੋਏ ਸਨ। ਨਾ ਉਸ ਵਿਚ ਆਦਮੀ ਆਰਾਮ ਨਾਲ ਬੈਠ ਸਕਦਾ ਸੀ, ਨਾ ਸਿੱਧਾ ਖੜ੍ਹਾ ਹੋ ਸਕਦਾ ਸੀ। ਹਜ਼ੂਰ ਨੂੰ ਉਸ ਵਿਚ ਕੁੱਬੇ ਹੋ ਕੇ ਖਲੋਣਾ ਪਿਆ। ਇਹ ਸਜ਼ਾ ਏਨੀ ਸਖ਼ਤ ਸੀ, ਜਿਸ ਨੂੰ ਕੋਈ ਸਾਧਾਰਨ ਆਦਮੀ ਨਹੀਂ ਸਹਾਰ ਸਕਦਾ। ਕੁਝ ਦਿਨ ਮਹਾਰਾਜ ਨੂੰ ਉਸ ਪਿੰਜਰੇ ਵਿਚ ਕੁੱਬੇ ਲੱਕ ਖਲੋ ਕੇ ਭੁੱਖਿਆਂ-ਤਿਹਾਇਆਂ ਕੱਟਣੇ ਪਏ।

**ਬਾਦਸ਼ਾਹ ਨਾਲ ਦੂਸਰੀ ਮੁਲਾਕਾਤ:** ਕੁਝ ਦਿਨਾਂ ਪਿੱਛੋਂ ਔਰੰਗਜ਼ੇਬ ਨੇ ਗੁਰੂ ਜੀ ਨੂੰ ਫਿਰ ਸਾਹਮਣੇ ਬੁਲਾਇਆ। ਪਹਿਲੀ ਪੇਸ਼ੀ ਵਾਲੇ ਸਵਾਲ-ਜਵਾਬ ਫਿਰ ਦੁਹਰਾਏ ਗਏ।

"ਜਿਸ ਢੰਗ ਨਾਲ ਤੁਹਾਡੇ ਸਿੱਖ ਸ਼ਹੀਦ ਕੀਤੇ ਗਏ ਹਨ, ਆਸ ਹੈ, ਉਹ ਤੁਹਾਨੂੰ ਭੁੱਲੇ ਨਹੀਂ ਹੋਣਗੇ।" ਔਰੰਗਜ਼ੇਬ ਨੇ ਧਮਕੀ ਭਰੀ ਸੁਰ ਵਿਚ ਕਿਹਾ।

"ਸਾਡੇ ਵਿਚਾਰ ਅਨੁਸਾਰ, ਉਹ ਕਈ ਸਦੀਆਂ ਤਕ ਸਾਰੇ ਦੇਸ਼ ਨੂੰ ਯਾਦ ਰਹਿਣਗੇ!" ਗੁਰਦੇਵ ਨੇ ਬੜੇ

ਧੀਰਜ ਨਾਲ ਉੱਤਰ ਦਿੱਤਾ। "ਕੀ ਤੁਸੀਂ ਸਮਝਦੇ ਹੋ, ਤੁਹਾਡੇ ਨਾਲ ਉਸ ਤੋਂ ਘੱਟ ਹੋਵੇਗੀ?"

"ਜੋ ਵੀ ਹੋਵੇ, ਅਸੀਂ ਉਸ ਵਾਸਤੇ ਤਿਆਰ ਹੋ ਕੇ ਆਏ ਹਾਂ।"

"ਕੀ ਤੁਹਾਡੇ ਮਨ ਵਿਚ ਭੈਅ ਨਹੀਂ?"

"ਗੁਰੂ ਨਾਨਕ ਦੀ ਕਿਰਪਾ ਨਾਲ ਸਾਨੂੰ ਕੁਝ ਗਿਆਨ ਹੋ ਗਿਆ ਹੈ ਤੇ ਗਿਆਨਵਾਨ ਪੁਰਸ਼ ਨਾ ਕਿਸੇ ਤੋਂ ਡਰਦਾ ਹੈ, ਨਾ ਕਿਸੇ ਨੂੰ ਡਰਾਉਂਦਾ ਹੈ।" ਗੁਰੂ ਜੀ ਨੇ ਕਿਹਾ:

**"ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ॥**
**ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ॥"**

ਦੋ ਮਿੰਟ ਚੁੱਪ ਰਹਿਣ ਪਿੱਛੋਂ ਔਰੰਗਜ਼ੇਬ ਨੇ ਫਿਰ ਕਿਹਾ, "ਮਹਾਰਾਜ! ਜ਼ਰਾ ਠੰਢੇ ਦਿਲ ਨਾਲ ਸੋਚ ਲਵੋ। ਇਸਲਾਮ ਪ੍ਰਵਾਨ ਕਰ ਲੈਣ ਬਦਲੇ ਸਾਰੀ ਇਸਲਾਮੀ ਦੁਨੀਆਂ ਦੇ ਪੀਰ ਬਣਾ ਦਿੱਤੇ ਜਾਉਗੇ, ਤੇ ਇਨਕਾਰ ਕਰਨ ਬਦਲੇ ਅਣਿਆਈਂ ਮੌਤ।"

"ਐ ਬਾਦਸ਼ਾਹ! ਜੋ ਆਇਆ ਹੀ ਸ਼ਹੀਦ ਹੋਣ ਵਾਸਤੇ ਹੈ, ਉਸ ਨੂੰ ਵਾਰ-ਵਾਰ ਇਹ ਸਵਾਲ ਪੁੱਛਣ ਦਾ ਕੀ ਫ਼ਾਇਦਾ? ਅਸੀਂ ਤਿਆਰ ਹਾਂ।"

"ਫਿਰ ਕਰਾਮਾਤ ਵਿਖਾ ਦਿਓ। ਜਾਨ ਬਖ਼ਸ਼ੀ ਜਾਏਗੀ।"

"ਇਨਸਾਨੀ ਜੀਵਨ ਦੀ ਸਭ ਤੋਂ ਵੱਡੀ ਕਰਾਮਾਤ ਇਹ ਹੈ ਕਿ ਆਪਣੇ ਧਰਮ ਬਦਲੇ ਜਾਨ ਦੇ ਦਿੱਤੀ ਜਾਵੇ।"

"ਇਕ ਸਵਾਲ ਹੋਰ ਪੁੱਛਣਾ ਚਾਹੁੰਦਾ ਹਾਂ। ਆਪ ਜੀ ਦਾ ਨਾਮ 'ਤੇਗ਼ ਬਹਾਦਰ' ਹੈ। ਇਸ ਦਾ ਅਰਥ?"

"ਅਰਥ ਇਹ ਹੈ ਕਿ ਤੇਰੇ ਜ਼ੁਲਮ ਦੀ ਤੇਗ਼ ਸਾਹਮਣੇ ਅਸੀਂ ਬਹਾਦਰਾਂ ਵਾਂਗ ਛਾਤੀ ਤਾਣ ਕੇ ਖੜ੍ਹੇ ਹਾਂ।"

"ਮੈਂ ਨਹੀਂ ਸਾਂ ਚਾਹੁੰਦਾ ਕਿ ਤੁਹਾਡੇ ਵਰਗੀ ਨੇਕ ਹਸਤੀ ਨੂੰ ਮਿਟਾ ਦਿੱਤਾ ਜਾਵੇ। ਮੈਂ ਆਪ ਜੀ ਨੂੰ ਆਪਣੇ ਮੁਰਸ਼ਦ ਦੀ ਗੱਦੀ 'ਤੇ ਬਿਠਾਇਆ ਸੀ। ਇਹ ਮੇਰੀ ਦਿਲੀ ਅਕੀਦਤ ਸੀ। ਪਰ ਮੈਂ ਇਹ ਵੀ ਬਰਦਾਸ਼ਤ ਨਹੀਂ ਕਰ ਸਕਦਾ ਕਿ ਆਪ ਜੈਸਾ ਨੇਕ ਇਨਸਾਨ ਇਸਲਾਮ ਦੇ ਦਾਇਰੇ ਤੋਂ ਬਾਹਰ ਰਹੇ। ਪਰ ਆਪ ਨੇ ਹਠ ਕਰ ਕੇ ਨਫ਼ਾ ਨੁਕਸਾਨ ਨਹੀਂ ਸੋਚਿਆ। ਚਾਰ ਪਹਿਰ ਹੋਰ ਮੁਹਲਤ ਹੈ ਸੋਚਣ ਵਾਸਤੇ। ਕੱਲ੍ਹ ਆਪ ਜੀ ਦੇ ਜੀਵਨ ਦਾ ਫੈਸਲਾ ਕਰ ਦਿੱਤਾ ਜਾਵੇਗਾ।" ਬਾਦਸ਼ਾਹ ਨੇ ਆਖ਼ਰੀ ਹੁਕਮ ਸੁਣਾ ਦਿੱਤਾ।

ਅਗਲੇ ਦਿਨ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਨੂੰ ਚਾਂਦਨੀ ਚੌਂਕ ਵਿਚ (ਜਿੱਥੇ ਅੱਜਕਲ੍ਹ ਗੁਰਦੁਆਰਾ ਸੀਸ ਗੰਜ ਸਾਹਿਬ ਹੈ) ਸ਼ਹੀਦ ਹੋਣ ਵਾਸਤੇ ਲਿਆਂਦਾ ਗਿਆ। ਉਸ ਦਿਨ ਵੀਰਵਾਰ ਸੀ, ਮਿਤੀ ਗਿਆਰਾਂ ਮੱਘਰ, ਮੱਘਰ ਸੁਦੀ ਪੰਜ, ਸੰਮਤ ੧੭੩੨ ਬਿ. (੧੧ ਨਵੰਬਰ, ੧੬੭੫ ਈ.)। ਮਹਾਰਾਜ ਸਵੇਰ ਤੋਂ ਹੀ ਇਸ਼ਨਾਨ ਤੇ ਪਾਠ ਕਰ ਕੇ ਤਿਆਰ ਸਨ। ਔਰੰਗਜ਼ੇਬ ਆਪ ਉਸ ਵੇਲੇ ਮੌਜੂਦ ਸੀ। ਉਦਾਲੇ ਪੁਲਿਸ ਦਾ ਸਖ਼ਤ ਪਹਿਰਾ ਸੀ। ਹਜ਼ਾਰਾਂ ਦੀ ਗਿਣਤੀ ਵਿਚ ਵੇਖਣ ਵਾਲੇ ਲੋਕ ਉਦਾਲੇ ਸਹਿਮੇ ਖੜ੍ਹੇ ਸਨ। ਰਿਵਾਜ ਪੂਰਾ ਕਰਨ ਵਾਸਤੇ ਮੁਫ਼ਤੀ ਨੇ ਇਕ ਵਾਰ ਫਿਰ ਉਹ ਸ਼ਰਤਾਂ ਦੁਹਰਾਈਆਂ 'ਜਾਂ ਇਸਲਾਮ ਧਾਰਨ ਕਰੋ, ਜਾਂ ਕਰਾਮਾਤ ਵਿਖਾਓ, ਜਾਂ ਸ਼ਹੀਦ ਹੋਵੋ।'

ਗੁਰਦੇਵ ਆਖ਼ਰੀ ਵਾਰ ਬੋਲੇ, "ਐ ਔਰੰਗਜ਼ੇਬ! ਤੁਸਾਂ ਆਪਣੀ ਸਾਰੀ ਤਾਕਤ ਲਾ ਕੇ ਵੇਖ ਲਈ ਹੈ। ਧੱਕੇ ਤੇ ਜ਼ੁਲਮ ਨਾਲ ਕਿਸੇ ਦਾ ਧਰਮ ਨਹੀਂ ਖੋਹਿਆ ਜਾ ਸਕਦਾ। ਕੀ ਹੁਣ ਸਾਡੀ ਸ਼ਰਤ ਅਨੁਸਾਰ ਨਿਤਾਣਿਆਂ ਉੱਤੇ ਜ਼ੁਲਮ ਕਰਨਾ ਛੱਡ ਦਿਓਗੇ? ਨਹੀਂ ਛੱਡੋਗੇ, ਤਾਂ ਕੁਦਰਤ ਆਪ ਐਸੇ ਹਾਲਾਤ ਪੈਦਾ ਕਰ ਦੇਵੇਗੀ। ਯਾਦ ਰੱਖੋ, ਰੱਬ ਨੂੰ ਜ਼ੁਲਮ ਨਹੀਂ ਭਾਉਂਦਾ। ਅਸੀਂ ਤਿਆਰ ਹਾਂ।"

**ਗੁਰੂ ਜੀ ਸ਼ਹੀਦ:** ਔਰੰਗਜ਼ੇਬ ਦਾ ਇਸ਼ਾਰਾ ਪਾ ਕੇ ਸਮਾਣੇ ਦਾ ਰਹਿਣ ਵਾਲਾ ਸੱਯਦ ਜਲਾਲ ਦੀਨ ਅੱਗੇ ਵਧਿਆ। ਉਸ ਨੇ ਇਕ ਭਰਪੂਰ ਵਾਰ ਨਾਲ ਮਹਾਰਾਜ ਦਾ ਸਿਰ ਧੜ ਤੋਂ ਵੱਖ ਕਰ ਦਿੱਤਾ। ਹਜ਼ਾਰਾਂ ਲੋਕਾਂ ਦੇ ਸਹਿਮ ਨਾਲ ਦਿਲ ਧੜਕੇ, ਮਨ ਉਛਲੇ, ਪਰ ਔਰੰਗਜ਼ੇਬ ਤੋਂ ਡਰਦਾ ਕੋਈ ਉੱਚੀ ਉਭਾਸਰ ਨਾ ਸਕਿਆ।

ਮੁਹੰਮਦ ਲਤੀਫ਼ ਲਿਖਦਾ ਹੈ: "ਉਸ ਦੀ (ਗੁਰੂ ਤੇਗ਼ ਬਹਾਦਰ ਜੀ ਦੀ) ਜ਼ਿੰਦਗੀ ਖ਼ਤਮ ਕਰ ਦਿੱਤੀ ਗਈ, ਪਰ ਉਸ ਦੇ ਗੁਰੂਆਂ ਵਾਲੇ ਗੁਣਾਂ ਦੀ ਯਾਦ ਦੁਨੀਆਂ ਵਿਚ ਸਦਾ ਜ਼ਿੰਦਾ ਰਹੇਗੀ।"[੮]

ਔਰੰਗਜ਼ੇਬ ਦੇ ਰਾਜ ਵਿਚ ਹਿੰਦੂਆਂ ਨੂੰ ਮਾਰਨਾ ਸਵਾਬ (ਪੁੰਨ) ਸਮਝਿਆ ਜਾਂਦਾ ਸੀ। ਇਸ ਵਾਸਤੇ ਜਲਾਦ ਦਾ ਕੰਮ ਵਧੇਰੇ ਸੱਯਦ ਜਾਂ ਹੋਰ ਉੱਚ-ਜਾਤੀਏ ਕਰਿਆ ਕਰਦੇ ਸਨ।

ਔਰੰਗਜ਼ੇਬ ਨੇ ਸਹਿਮੇ ਖੜ੍ਹੇ ਲੋਕਾਂ ਵੱਲ ਤੱਕਿਆ। ਮੁਸਲਮਾਨਾਂ ਦੇ ਨਾਲ ਬਹੁਤ ਸਾਰੇ ਹਿੰਦੂ ਵੀ ਖੜ੍ਹੇ ਸਨ। ਔਰੰਗਜ਼ੇਬ ਨੇ ਗੁੱਸੇ ਨਾਲ ਗਰਜ ਕੇ ਕਿਹਾ, "ਕੋਈ ਗੁਰ ਕਾ ਸਿੱਖ ਹੈ, ਤਾਂ ਗੁਰੂ ਦਾ ਸਰੀਰ ਚੁੱਕਣ ਵਾਸਤੇ ਅੱਗੇ ਆਵੇ।" ਲੋਕ ਇਸ ਵੰਗਾਰ ਦਾ ਅਰਥ ਸਮਝਦੇ ਸਨ। ਬਾਦਸ਼ਾਹ ਦੇ ਕਹਿਰ ਤੋਂ ਡਰਦਾ ਕੋਈ ਵੀ ਅੱਗੇ ਨਾ ਆਇਆ। ਸ਼ਾਮ ਤਕ ਧੜ ਤੇ ਸੀਸ ਓਸੇ ਥਾਂ ਓਵੇਂ ਪਏ ਰਹੇ।

ਕਹਿੰਦੇ ਹਨ, ਇਸ ਘਟਨਾ ਤੋਂ ਥੋੜ੍ਹਾ ਚਿਰ ਪਿੱਛੋਂ ਸਖ਼ਤ ਹਨ੍ਹੇਰੀ ਸ਼ੁਰੂ ਹੋ ਗਈ। ਭੈਭੀਤ ਲੋਕ ਚੁੱਪ-ਚਾਪ ਘਰਾਂ ਨੂੰ ਚਲੇ ਗਏ। ਹੋਰ ਲੋਕ ਆਉਂਦੇ ਤੇ ਵੇਖ ਕੇ ਚਲੇ ਜਾਂਦੇ। ਸ਼ਹੀਦ ਦਾ ਸਰੀਰ ਚੁੱਕਣ ਦਾ ਕਿਸੇ ਚਾਰਾ ਨਾ ਕੀਤਾ। ਇਥੋਂ ਤਕ ਕਿ ਉੱਚੀ ਸਾਹ ਵੀ ਕਿਸੇ ਨਾ ਲਿਆ। ਪਹਿਰੇਦਾਰ ਸਿਪਾਹੀ ਵੀ ਕੁਝ ਅਵੇਸਲੇ ਹੋ ਗਏ।

**ਸੀਸ ਭਾਈ ਜੈਤਾ ਲੈ ਗਿਆ:** ਭਾਈ ਜੈਤਾ ਜੇਲ੍ਹ ਵਿੱਚੋਂ ਨਿਕਲ ਕੇ ਦੂਰ ਨਹੀਂ ਸੀ ਗਿਆ। ਉਹ ਅਜੇ ਦਿੱਲੀ ਵਿਚ ਹੀ ਸੀ। ਪਿਛਲੇ ਪਹਿਰ ਸਮਾਂ ਪਾ ਕੇ ਉਹਨੇ ਗੁਰਦੇਵ ਦਾ ਸੀਸ ਚਾਦਰ ਵਿਚ ਲੁਕਾਇਆ ਤੇ ਪਹਿਰੇਦਾਰਾਂ ਦੀ ਅੱਖ ਬਚਾ ਕੇ ਨਿਕਲ ਗਿਆ। ਦਿਨ-ਰਾਤ ਮੰਜ਼ਲਾਂ ਮਾਰਦਾ ਉਹ ਅਨੰਦਪੁਰ ਜਾ ਪਹੁੰਚਾ। ਉਥੇ ਦਸਵੇਂ ਗੁਰੂ ਜੀ ਨੇ ਆਪਣੇ ਹੱਥੀਂ ਮਹਾਰਾਜ ਦੇ ਸੀਸ ਦਾ ਸਸਕਾਰ ਕੀਤਾ।

**ਧੜ ਲੱਖੀ ਸ਼ਾਹ ਲੈ ਗਿਆ:** ਓਧਰੋਂ ਦਿਨ ਛਿਪਦੇ ਨਾਲ ਇਕ ਵਣਜਾਰਾ ਲੱਖੀ ਸ਼ਾਹ ਚੂਨੇ ਦੇ ਖ਼ਾਲੀ ਗੱਡੇ ਭਜਾ ਕੇ ਚਾਂਦਨੀ ਚੌਂਕ ਵਿਚ ਦੀ ਲੰਘਿਆ। ਇਕ ਤਾਂ ਪਹਿਲਾਂ ਹੀ ਹਨ੍ਹੇਰੀ ਨਾਲ ਘੱਟਾ ਉੱਡ ਰਿਹਾ ਸੀ, ਦੂਸਰੇ ਭੱਜੇ ਜਾ ਰਹੇ ਗੱਡਿਆਂ ਤੋਂ ਉਡਦੇ ਚੂਨੇ ਨੇ ਉਸ ਗਰਦ ਗੁਬਾਰ ਵਿਚ ਹੋਰ ਵਾਧਾ ਕਰ ਦਿੱਤਾ। ਉਡਦੀ ਧੂੜ ਤੋਂ ਡਰਦੇ ਪਹਿਰੇਦਾਰ ਇਕ ਪਾਸੇ ਹੋ ਗਏ। ਲੱਖੀ ਸ਼ਾਹ ਨੇ ਗੁਰੂ ਜੀ ਦਾ ਸਰੀਰ ਉਠਾ ਕੇ ਇਕ ਗੱਡੇ 'ਤੇ ਰੱਖ ਲਿਆ। ਨਵੀਂ ਦਿੱਲੀ, ਜਿੱਥੇ ਇਸ ਵੇਲੇ ਗੁਰਦੁਆਰਾ ਰਕਾਬ ਗੰਜ ਹੈ ਆਪਣੇ ਘਰ ਵਿਚ ਚਿਖਾ ਬਣਾ ਕੇ, ਲੱਖੀ ਸ਼ਾਹ ਨੇ ਘਰ ਨੂੰ ਅੱਗ ਲਾ ਦਿੱਤੀ। ਇਸ ਤਰ੍ਹਾਂ ਸ਼ਰਧਾਲੂ ਸਿੱਖਾਂ ਨੇ ਗੁਰੂ ਜੀ ਦੇ ਸਰੀਰ ਦਾ ਸਸਕਾਰ ਕੀਤਾ।

**ਫੁੱਟ ਨੋਟ:**

੧. ਗਿਆਨੀ ਗਿਆਨ ਸਿੰਘ ੧੧ ਹਾੜ ਤੇ ਮੈਕਾਲਿਫ਼ ਪਹਿਲੀ ਹਾੜ ਲਿਖਦਾ ਹੈ।

੨. ਤਵਾਰੀਖ਼ ਗੁਰੂ ਖ਼ਾਲਸਾ, ਪੰਨਾ ੭੦੫। ਪ੍ਰੰਤੂ 'ਸ਼ਹੀਦ ਬਿਲਾਸ' ਕ੍ਰਿਤ ਸੇਵਾ ਸਿੰਘ ਵਿਚ ਦਿਆਲਾ ਤੇ ਮਨੀ ਸਿੰਘ ਸਕੇ ਭਾਈ ਲਿਖੇ ਸਨ। ਪੰਨਾ ੧੦੫।

੩. ਮੈਕਾਲਿਫ਼, ਜਿਲਦ ਚੌਥੀ, ਪੰਨਾ ੩੭੮.

੪. History of the Punjab, by Muhammad Latif, printed in 1964 A.D. Latif, P. 259.

੫. ਸੂਰਜ ਪ੍ਰਕਾਸ਼, ਰਾਸਿ ੧੨।

੬. Evolution of the Khalsa, Vol. II, by Indubhusan Banerjee, Second Edition. P. 64.

੭. ਤਵਾਰੀਖ਼ ਗੁਰੂ ਖ਼ਾਲਸਾ ਵਿਚ ਗਿ. ਗਿਆਨ ਸਿੰਘ ਲਿਖਦੇ ਹਨ ਕਿ ਗੁਰੂ ਜੀ ਦੀ ਸ਼ਹੀਦੀ ਪਿੱਛੋਂ ਦਰੋਗਾ ਅਬਦੁੱਲਾ ਗੁਰੂ ਜੀ ਦੇ ਬਸਤਰ ਲੈ ਕੇ ਅਨੰਦਪੁਰ ਚਲਾ ਗਿਆ ਸੀ। (ਉਸ ਨੇ ਸੋਚਿਆ ਹੋਵੇਗਾ ਕਿ ਕਦੇ ਨਾ ਕਦੇ ਤਿੰਨ ਸਿੱਖਾਂ ਦੇ ਜੇਲ੍ਹ ਵਿੱਚੋਂ ਨਿਕਲ ਜਾਣ ਵਿਚ ਸਹਾਇਤਾ ਕਰਨ ਦਾ ਦੋਸ਼ ਉਸ ਦੇ ਸਿਰ ਲਾਇਆ ਜਾਵੇਗਾ, ਤੇ ਉਸ ਨੂੰ ਬਾਦਸ਼ਾਹ ਦੇ ਗੁੱਸੇ ਦਾ ਸ਼ਿਕਾਰ ਹੋਣਾ ਪਵੇਗਾ। ਏਸ ਗੱਲੋਂ ਡਰਦਾ ਉਹ ਦਿੱਲੀ ਛੱਡ ਕੇ ਨੱਸ ਗਿਆ।)

੮. ਮੁਹੰਮਦ ਲਤੀਫ਼, ਸਫ਼ਾ ੨੬੦।

(ਸ੍ਰੋਤ: ਮਾਸਿਕ ਗੁਰਮਤਿ ਪ੍ਰਕਾਸ਼ ਨਵੰਬਰ ੨੦੦੯)

# ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ

*-ਸ. ਜੋਗਿੰਦਰ ਸਿੰਘ*

ਜਦੋਂ ਜ਼ੁਲਮ, ਮਜ਼ਬੀ ਤੁਅੱਸਬ ਤੇ ਅੰਨ੍ਹੀ ਰਾਜ-ਸ਼ਕਤੀ ਤਿੰਨੇ ਇਕੱਠੀਆਂ ਹੋ ਜਾਂਦੀਆਂ ਹਨ ਤਾਂ ਉਹ ਸੰਸਾਰ ਦੀਆਂ ਸੁੰਦਰ ਤੇ ਉੱਨਤ ਸੱਭਿਆਤਾਵਾਂ ਤੇ ਧਰਮ ਅਸਥਾਨਾਂ ਨੂੰ ਸਾੜ ਕੇ ਸੁਆਹ ਹੀ ਨਹੀਂ ਕਰ ਦਿੰਦੀਆਂ ਸਗੋਂ ਉਨ੍ਹਾਂ ਦੀ ਖਾਕ ਨੂੰ ਵੀ ਮਨੁੱਖੀ ਹੰਝੂਆਂ ਦੇ ਖਾਰੇ ਸਮੁੰਦਰਾਂ ਵਿਚ ਡੋਬ ਦਿੰਦੀਆਂ ਹਨ। ਜਿਵੇਂ ਸ਼ਰਾਬ ਦੀ ਵਰਤੋਂ ਵੱਡੇ-ਵੱਡੇ ਬਲਵਾਨ ਦਿਮਾਗਾਂ ਨੂੰ ਹਿਲਾ ਦਿੰਦੀ ਹੈ, ਤਿਵੇਂ ਤਾਕਤ ਦਾ ਨਸ਼ਾ ਮਨੁੱਖ ਨੂੰ ਪਾਗਲ ਤੇ ਜਨੂੰਨੀ ਬਣਾ ਦਿੰਦਾ ਹੈ।

ਅੱਜ ਤੋਂ ਚਾਰ ਸਦੀਆਂ ਪਹਿਲਾਂ, ਬਲਕਿ ਇਸ ਤੋਂ ਵੀ ਪਹਿਲਾਂ ਹਿੰਦੁਸਤਾਨ ਦੀ ਸਮਾਜਿਕ ਹਾਲਤ ਅਤਿ ਤਰਸਯੋਗ ਤੇ ਇਕ ਸੋਗੀ ਘਟਨਾ ਬਣ ਚੁੱਕੀ ਸੀ। ਭਾਰਤ ਵਿਚ ਇਸਲਾਮੀ ਹਕੂਮਤ ਪੱਕੇ ਤੌਰ 'ਤੇ ਕਾਇਮ ਹੋ ਚੁੱਕੀ ਸੀ। ਇਹ ਉਸ ਸਮੇਂ ਦੀ ਗੱਲ ਹੈ ਜਦੋਂ ਹਿੰਦੁਸਤਾਨ 'ਤੇ ਮੁਗ਼ਲ ਖਾਨਦਾਨ ਦੇ ਤਾਜ਼ਦਾਰ ਔਰੰਗਜ਼ੇਬ ਦਾ ਰਾਜ ਸੀ, ਉਸ ਸਮੇਂ ਵਿਸ਼ਵ ਨੂਰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਗੱਦੀ 'ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਖ਼ਸੀਅਤ ਦੈਵੀ, ਸੂਰਬੀਰਤਾ, ਨਿੱਡਰਤਾ, ਧੀਰਜ, ਸੰਤੋਖ, ਤਿਆਗ ਤੇ ਵੈਰਾਗ ਦਾ ਇਕ ਅਦੁੱਤੀ ਤੇ ਲਾਸਾਨੀ ਮੁਜੱਸਮਾ ਸੀ। ਮਨੁੱਖਤਾ ਲਈ ਪਿਆਰ ਤੇ ਹਮਦਰਦੀ ਆਪ ਵਿਚ ਉਛਾਲੇ ਮਾਰਦੀ ਸੀ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸਭ ਤੋਂ ਛੋਟੇ ਤੇ ਪੰਜਵੇਂ ਸਪੁੱਤਰ ਸਨ। ਆਪ ਜੀ ਦਾ ਜਨਮ ੧ ਅਪ੍ਰੈਲ ਸੰਨ ੧੬੨੧ ਨੂੰ ਅੰਮ੍ਰਿਤਸਰ ਵਿਖੇ ਹੋਇਆ। ਆਪ ਇਕ ਅਦੁੱਤੀ ਯੋਧੇ ਹੋਣ ਦੇ ਨਾਲ ਕੋਮਲਤਾ ਤੇ ਨਿਰਵੈਰਤਾ ਦੇ ਪੁੰਜ ਸਨ।

ਵੈਸੇ ਤਾਂ ਮੁਸਲਮਾਨਾਂ ਦੇ ਹਿੰਦੁਸਤਾਨ ਵਿਚ ਪ੍ਰਵੇਸ਼ ਕਰਨ ਦੇ ਸਮੇਂ ਤੋਂ ਹੀ ਹਿੰਦੂ ਸੰਸਕ੍ਰਿਤੀ ਤੇ ਸੱਭਿਆਚਾਰ ਨੂੰ ਖਤਮ ਕਰਨਾ ਸ਼ੁਰੂ ਕਰ ਦਿੱਤਾ ਗਿਆ ਸੀ। ਉਨ੍ਹਾਂ ਦੇ ਮੰਦਰ ਢਾਹ ਕੇ ਉਨ੍ਹਾਂ ਦੀ ਥਾਂ ਮਸੀਤਾਂ ਉਸਾਰੀਆਂ ਗਈਆਂ ਸਨ, ਹਿੰਦੂ ਬਹੂ-ਬੇਟੀਆਂ ਦੀ ਇੱਜ਼ਤ ਲੁੱਟੀ ਜਾਂਦੀ ਸੀ। ਉਨ੍ਹਾਂ 'ਤੇ ਜਜ਼ੀਏ ਤੇ ਹੋਰ ਟੈਕਸ ਆਦਿ ਲਾਏ ਜਾਂਦੇ ਸਨ ਤੇ ਹਰ ਜਾਇਜ਼-ਨਾਜਾਇਜ਼ ਢੰਗ ਨਾਲ ਉਨ੍ਹਾਂ ਨੂੰ ਤੰਗ ਕੀਤਾ ਜਾਂਦਾ ਸੀ। ਜਿਥੇ ਰਾਜ-ਸ਼ਕਤੀ ਦੇ ਨਸ਼ੇ ਨੇ ਮੁਸਲਮਾਨਾਂ ਨੂੰ ਹੰਕਾਰ ਦੇ ਸਿਖਰ 'ਤੇ ਚੜ੍ਹਾਇਆ ਹੋਇਆ ਸੀ, ਉਥੇ ਪ੍ਰਾਧੀਨਤਾ ਨੇ ਹਿੰਦੂ ਸਮਾਜ ਨੂੰ ਨੀਚ ਭਾਵ ਤੇ ਕਾਇਰਤਾ ਦੀ ਡੂੰਘੀ ਖੱਡ ਵਿਚ ਸੁੱਟ ਦਿੱਤਾ ਸੀ। ਉਹ ਆਪਣੀ ਤੇ ਆਪਣੀਆਂ ਬਹੂ-ਬੇਟੀਆਂ ਦੀ ਅਣਖ, ਸਵੈਮਾਨ ਤੇ ਜਾਨ-ਮਾਲ ਦੀ ਰਾਖੀ ਕਰਨ ਤੋਂ ਅਸਮਰੱਥ ਸਨ। ਜਾਤ-ਪਾਤ, ਛੂਤ-ਛਾਤ ਤੇ ਵਹਿਮਾਂ-ਭਰਮਾਂ ਦੇ ਕੋੜ੍ਹ ਨੇ ਹਿੰਦੂ ਸਮਾਜ ਨੂੰ ਅੰਦਰੋਂ-ਅੰਦਰ ਖੋਖਲਾ ਕਰ ਦਿੱਤਾ ਹੋਇਆ ਸੀ। ਬ੍ਰਾਹਮਣਵਾਦ ਦੀ ਦਿਮਾਗ-ਚੱਟਣੀ ਫ਼ਿਲਾਸਫ਼ੀ ਨੇ ਹਿੰਦੂ ਸਮਾਜ ਦੇ ਪੈਰਾਂ ਵਿਚ ਬੇੜੀਆਂ ਪਾ ਦਿੱਤੀਆਂ ਸਨ। ਧਰਮ ਕੇਵਲ ਤੀਰਥ ਯਾਤਰਾ, ਵਰਤ ਰੱਖਣੇ, ਸ਼ਰਾਧ ਕਰਨੇ, ਬੁੱਤ-ਪੂਜਾ, ਮੱਠਾਂ-ਗੋਰਾਂ ਦੀ ਮਾਣਤਾ, ਮੋਨ ਧਾਰਨਾ, ਪਿੰਡੇ ਸਵਾਹ ਮਲਣੀ, ਸੂਤਕ-ਪਾਤਕ ਤੇ ਹਵਨ ਯੱਗ ਆਦਿ ਤਕ ਹੀ ਸੀਮਤ ਸੀ। ਕੌਮੀ ਏਕਤਾ ਦਾ ਨਾਮੋ-ਨਿਸ਼ਾਨ ਨਹੀਂ ਸੀ ਤੇ ਨਾ ਹੀ ਇਸ ਦਾ ਹੋ ਸਕਣਾ ਸੰਭਵ ਸੀ। ਗੱਲ ਕੀ ਹਿੰਦੂ ਸਮਾਜ ਵਹਿਮਾਂ-ਭਰਮਾਂ ਤੇ ਕਰਮਕਾਂਡਾਂ ਦੇ ਸੰਗਲਾਂ ਨਾਲ ਜਕੜਿਆ ਪਿਆ ਸੀ, ਜਿਨ੍ਹਾਂ ਨੂੰ ਤੋੜਨਾ ਤਾਂ ਇਕ ਪਾਸੇ ਰਿਹਾ, ਉਸ ਵਿਚ ਹਿਲਣਾ-ਜੁਲਣਾ ਵੀ ਅਸੰਭਵ ਸੀ। ਇਹੋ ਜਿਹੀ ਅਗਿਆਨਤਾ ਦੀ ਕਾਲੀ-ਬੋਲੀ ਰਾਤ ਹਿੰਦੁਸਤਾਨ ਦੇ ਗਗਨ 'ਤੇ ਛਾਈ ਹੋਈ ਸੀ। ਕੂੜ ਦੀ ਅਮਾਵਸ ਵਿਚ ਸੱਚ ਦਾ ਚੰਦਰਮਾਂ ਕਿਤੇ ਨਜ਼ਰ ਨਹੀਂ ਸੀ ਆ ਰਿਹਾ-

**-ਕੂੜੁ ਅਮਾਵਸ ਸਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ॥** (ਪੰਨਾ ੧੪੫)

**-ਸਰਮੁ ਧਰਮੁ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ॥** (ਪੰਨਾ ੭੨੨)

ਐਸੇ ਅੰਧ-ਘੋਰ ਦੇ ਸਮੇਂ ਵਿਸ਼ਵ ਨੂਰ ਸ੍ਰੀ ਗੁਰੂ ਨਾਨਕ ਦੇਵ ਜੀ, ਬ੍ਰਹਮ ਗਿਆਨ ਦੇ ਮਹਾਨ ਸੂਰਜ ਦਾ ਪ੍ਰਕਾਸ਼ ਹੋਇਆ। ਦੂਜੇ ਪਾਸੇ ਹਕੂਮਤ ਦੇ ਨਸ਼ੇ ਨੇ ਮੁਸਲਮਾਨ ਹੁਕਮਰਾਨਾਂ ਦਾ ਦਿਮਾਗ ਅਸਮਾਨ 'ਤੇ ਚੜ੍ਹਾਇਆ ਹੋਇਆ ਸੀ। ਉਹ ਆਪਣੀ ਉੱਮਤ ਦਾ ਵਾਧਾ ਤਲਵਾਰ ਦੇ ਜ਼ੋਰ ਨਾਲ ਕਰਨਾ ਚਾਹੁੰਦੇ ਸਨ। ਔਰੰਗਜ਼ੇਬ ਤਾਂ ਅਜਿਹਾ ਬਾਦਸ਼ਾਹ ਸੀ ਜਿਸ ਨੇ ਰਾਜ ਪ੍ਰਾਪਤ ਕਰਨ ਵਾਸਤੇ ਆਪਣੇ ਭਰਾਵਾਂ ਨੂੰ ਮਾਰ ਕੇ ਪਿਤਾ ਸ਼ਾਹ ਜਹਾਨ ਨੂੰ ਕੈਦ ਕਰਕੇ

ਆਗਰੇ ਦੇ ਕਿਲ੍ਹੇ ਵਿਚ ਬੰਦੀ ਬਣਾ ਰੱਖਿਆ ਸੀ। ਜਿਹੜਾ ਔਰੰਗਜ਼ੇਬ ਆਪਣੇ ਪਿਤਾ ਨੂੰ ਕੈਦ ਕਰਕੇ ਤੇ ਉਸ ਨੂੰ ਚੱਪਾ ਰੋਟੀ ਖਾਣ ਨੂੰ, ਜਿਸ ਵਿਚ ਅੱਧੋਂ ਵੱਧ ਲੂਣ ਹੁੰਦਾ ਸੀ ਤੇ ਇਕ ਪਿਆਲਾ ਪਾਣੀ ਦਾ ਪੀਣ ਲਈ ਰੋਜ਼ ਦਿੰਦਾ ਸੀ, ਐਸੇ ਜ਼ਾਲਮ ਤੇ ਪਾਪੀ ਬਾਦਸ਼ਾਹ ਕੋਲੋਂ ਹਿੰਦੂ ਦਇਆ ਦੀ ਕੀ ਆਸ ਰੱਖ ਸਕਦੇ ਸਨ? ਇਸਲਾਮੀ ਸ਼ਰ੍ਹਾ ਅਨੁਸਾਰ ਕਾਫਰਾਂ ਨੂੰ ਤਲਵਾਰ ਦੇ ਜ਼ੋਰ ਨਾਲ ਮੁਸਲਮਾਨ ਬਣਾਉਣਾ ਬੜੇ ਪੁੰਨ ਦਾ ਕੰਮ ਸਮਝਿਆ ਜਾਂਦਾ ਸੀ। ਧਰਮ ਦੇ ਨਾਮ 'ਤੇ ਐਸੇ ਪਾਪ ਕੀਤੇ ਜਾਂਦੇ ਸਨ, ਜਿਨ੍ਹਾਂ ਨੂੰ ਵੇਖ ਕੇ ਖੁਦ ਪਾਪ ਵੀ ਸ਼ਰਮਿੰਦਾ ਹੋ ਜਾਂਦਾ ਹੈ। ਸ੍ਰੀ ਦਸਮ ਗ੍ਰੰਥ ਵਿਚ ਅਜਿਹੇ ਪਾਪਾਂ ਵੱਲ ਇਸ਼ਾਰਾ ਕੀਤਾ ਹੈ:

**ਪਾਪ ਕਰਹਿ ਪਰਮਾਰਥ ਕੇ ਜਿਹ ਪਾਪਨ ਤੇ ਅਤ ਪਾਪ ਲਜਾਹੀ॥**

ਧਰਮ ਤਾਂ ਇਕ ਸੁਲਝੀ ਹੋਈ ਜੀਵਨ-ਜਾਚ ਹੈ, ਇਕ ਆਤਮਿਕ ਰੌਸ਼ਨੀ ਹੈ ਜੋ ਮਨੁੱਖ ਨੂੰ ਉਸ ਦੇ ਸਹੀ ਨਿਸ਼ਾਨੇ ਦੀ ਸੇਧ ਦਿੰਦੀ ਹੈ। ਇਹ ਪਦਾਰਥ-ਵਾਦੀਆਂ ਦੇ ਕਹਿਣ ਵਾਂਗ ਕੋਈ ਅਫੀਮ ਦਾ ਨਸ਼ਾ ਨਹੀਂ ਜੋ ਮਨੁੱਖ ਨੂੰ ਜਨੂੰਨੀ ਤੇ ਪਾਗ਼ਲ ਬਣਾ ਦਿੰਦਾ ਹੈ, ਸਗੋਂ ਇਹ ਇਕ ਆਤਮਿਕ ਸੋਝੀ ਹੈ ਜੋ ਇਹ ਦੱਸਦੀ ਹੈ ਕਿ ਸਾਰੇ ਮਨੁੱਖ ਇੱਕੋ ਨੂਰ ਤੋਂ ਪੈਦਾ ਹੋਏ ਹਨ, ਉੱਚਾ ਕੋਈ ਨਹੀਂ, ਨੀਵਾਂ ਕੋਈ ਨਹੀਂ, ਸਾਰੇ ਭਰਾ ਹਨ:

**ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ॥**
**ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ॥** (ਪੰਨਾ ੧੩੪੯)

ਸੇਵਾ, ਕੁਰਬਾਨੀ ਤੇ ਆਪਾ-ਤਿਆਗ ਦੀ ਜਿਹੜੀ ਸ਼ਮ੍ਹਾ ਸ੍ਰੀ ਗੁਰੂ ਨਾਨਕ ਸਾਹਿਬ ਨੇ ਜਗਾਈ ਸੀ, ਉਸ ਨੂੰ ਨੌਵੇਂ ਸਤਿਗੁਰਾਂ ਨੇ ਪੂਰਨ ਤੇਜ ਨਾਲ ਜੱਗ-ਮਗਾਈ ਰੱਖਿਆ ਤੇ ਉਨ੍ਹਾਂ ਦੇ ਪਿੱਛੋਂ ਉਨ੍ਹਾਂ ਦੇ ਪੈਰੋਕਾਰ ਸਿੱਖਾਂ ਨੇ ਵੀ ਆਪਣੇ ਸਤਿਗੁਰੂ ਦੇ ਦੱਸੇ ਮਾਰਗ 'ਤੇ ਚੱਲਦੇ ਹੋਏ ਅਸਹਿ ਤੇ ਅਕਹਿ ਕਸ਼ਟ ਸਹਾਰੇ। ਸਿੱਖੀ ਦਾ ਸਾਰਾ ਇਤਿਹਾਸ ਹੀ ਸ਼ਹੀਦੀਆਂ ਤੇ ਕੁਰਬਾਨੀਆਂ ਦਾ ਇਤਿਹਾਸ ਹੈ। ਸ੍ਰੀ ਗੁਰੂ ਅਰਜਨ ਸਾਹਿਬ ਨੂੰ ਤੱਤੀਆਂ ਤਵੀਆਂ ਤੇ ਉਬਲਦੀਆਂ ਦੇਗਾਂ ਵਿਚ ਬੈਠਣਾ ਪਿਆ। ਇਹ ਸ਼ਹੀਦੀ ਉਨ੍ਹਾਂ ਦੀ ਸਿੱਖ ਧਰਮ ਦੀ ਰੱਖਿਆ ਲਈ ਸੀ। ਮੁਗ਼ਲ ਹਕੂਮਤ ਸਿੱਖ ਧਰਮ ਦੀ ਚੜ੍ਹਦੀ ਕਲਾ ਨੂੰ ਆਪਣੇ ਵਜੂਦ ਲਈ ਹਾਨੀਕਾਰਕ ਖਿਆਲ ਕਰਦੀ ਸੀ। ਮੁਗ਼ਲ ਬਾਦਸ਼ਾਹ ਜਹਾਂਗੀਰ ਆਪਣੀ ਪੁਸਤਕ 'ਤੁਜ਼ਕਿ-ਜਹਾਂਗੀਰੀ' ਵਿਚ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਉਹ ਬੜੇ ਚਿਰ ਤੋਂ ਚੱਲੀ ਆਉਂਦੀ ਇਸ (ਸਿੱਖੀ ਦੀ) ਦੁਕਾਨ ਨੂੰ ਬੰਦ ਕਰਨਾ ਚਾਹੁੰਦਾ ਸੀ। ਸੋ ਉਸ ਵੇਲੇ ਸਿੱਖੀ ਨੂੰ ਖ਼ਤਰਾ ਸੀ ਤੇ ਉਸ ਨੂੰ ਬਚਾਉਣ ਲਈ ਪੰਜਵੇਂ ਪਾਤਸ਼ਾਹ ਨੂੰ ਸ਼ਹਾਦਤ ਦੇਣੀ ਪਈ।

ਸ੍ਰੀ ਗੁਰੂ ਅਰਜਨ ਦੇਵ ਜੀ ਦੀ ਮਹਾਨ ਸ਼ਹੀਦੀ ਪਿੱਛੋਂ ਸਿੱਖ ਧਰਮ ਵਿਚ ਅਦੁੱਤੀ ਤੇ ਲਾਸਾਨੀ ਸ਼ਹੀਦੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਹੈ। ਇਹ ਸ਼ਹੀਦੀ ਇਕ ਉੱਚੇ-ਸੁੱਚੇ ਮਹਾਨ ਆਦਰਸ਼ ਵਾਸਤੇ ਦਿੱਤੀ ਗਈ। ਇਸ ਸ਼ਹੀਦੀ ਨਾਲ ਦੀ ਮਿਸਾਲ ਸੰਸਾਰ ਦੇ ਇਤਿਹਾਸ ਵਿਚ ਦੂਜੀ ਕੋਈ ਨਹੀਂ ਮਿਲਦੀ। ਆਪਣਿਆਂ ਲਈ ਤਾਂ ਸਾਰੇ ਕੁਰਬਾਨ ਹੋ ਸਕਦੇ ਹਨ ਪਰ ਦੂਸਰਿਆਂ ਲਈ ਕੁਰਬਾਨੀ ਦੀ ਮਿਸਾਲ ਕੇਵਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਹੀ ਪੈਦਾ ਕੀਤੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪ ਜੀ ਦੀ ਸ਼ਹੀਦੀ ਬਾਰੇ ਲਿਖਿਆ ਹੈ:

**ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ॥**
**ਸਾਧਨਿ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰ ਸੀ ਨ ਉਚਰੀ॥੧੩॥**
**ਧਰਮ ਹੇਤ ਸਾਕਾ ਜਿਨਿ ਕੀਆ॥ ਸੀਸੁ ਦੀਆ ਪਰ ਸਿਰਰੁ ਨ ਦੀਆ॥**
**ਨਾਟਕ ਚੇਟਕ ਕੀਏ ਕੁਕਾਜਾ॥ ਪ੍ਰਭ ਲੋਗਨ ਕਹ ਆਵਤ ਲਾਜਾ॥੧੪॥**
**ਦੋਹਿਰਾ॥ ਠੀਕਰਿ ਫੋਰਿ ਦਿਲੀਸਿ ਸਿਰਿ ਪ੍ਰਭ ਪੁਰ ਕੀਯਾ ਪਯਾਨ॥**
**ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥੧੫॥**
**ਤੇਗ ਬਹਾਦਰ ਕੇ ਚਲਤ ਭਯੋ, ਜਗਤ ਕੋ ਸੋਕ॥**
**ਹੈ ਹੈ ਹੈ ਸਭ ਜਗ ਭਯੋ ਜੈ ਜੈ ਜੈ ਸੁਰ ਲੋਕ ॥੧੬॥** (ਬਚਿਤ੍ਰ ਨਾਟਕ)

ਸਭ ਤੋਂ ਵਿਸ਼ੇਸ਼ ਵਰਨਣਯੋਗ ਗੱਲ ਇਸ ਸ਼ਹੀਦੀ ਬਾਰੇ ਇਹੀ ਹੈ ਕਿ ਇਹ ਸ਼ਹੀਦੀ ਐਸੇ ਧਰਮ ਬਾਰੇ ਸੀ ਜਿਸ ਵਿਚ ਨਾ ਉਨ੍ਹਾਂ ਦਾ ਵਿਸ਼ਵਾਸ ਸੀ ਤੇ ਨਾ ਉਹ ਉਸ ਦੇ ਧਾਰਨੀ ਸਨ। ਇਹ ਸ਼ਹੀਦੀ ਦੱਬੇ-ਕੁਚਲੇ ਤੇ ਲਤਾੜੇ ਜਾ

ਰਹੇ ਹਿੰਦੂ ਧਰਮ ਵਾਸਤੇ ਸੀ, ਉਸ ਦੀ ਰੱਖਿਆ ਲਈ ਸੀ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਮਜ਼ਲੂਮ ਹਿੰਦੂ ਜਨਤਾ ਦੀ ਬਾਂਹ ਫੜੀ ਤੇ ਉਨ੍ਹਾਂ ਦੀ ਖ਼ਾਤਰ ਆਪਣੇ ਆਪ ਨੂੰ ਕੁਰਬਾਨ ਕਰ ਦਿੱਤਾ।

ਕਿਸੇ ਸਿਆਣੇ ਦਾ ਕਥਨ ਹੈ ਕਿ ਕਾਇਰ ਮਰਨ ਤੋਂ ਪਹਿਲਾਂ ਕਈ ਵਾਰ ਮਰਦੇ ਹਨ ਪਰ ਸ਼ਹੀਦ ਕੇਵਲ ਇਕ ਵਾਰ ਪੰਜ ਭੂਤਕ ਸਰੀਰ ਨੂੰ ਤਿਆਗਦਾ ਹੈ ਤੇ ਅਮਰ ਪਦਵੀ ਪ੍ਰਾਪਤ ਕਰਦਾ ਹੈ। ਸ਼ਹੀਦੀ ਕਿਸੇ ਮਹਾਨ ਆਦਰਸ਼ ਦੀ ਪੂਰਤੀ ਲਈ ਹੁੰਦੀ ਹੈ। ਆਦਰਸ਼-ਰਹਿਤ ਕਤਲ ਨੂੰ ਸ਼ਹੀਦੀ ਦਾ ਨਾਮ ਨਹੀਂ ਦਿੱਤਾ ਜਾ ਸਕਦਾ। ਸੰਸਾਰ ਦਾ ਇਤਿਹਾਸ ਗਵਾਹੀ ਦਿੰਦਾ ਹੈ ਕਿ ਹਰ ਸਮੇਂ ਮਹਾਂਪੁਰਸ਼ਾਂ ਨੂੰ ਆਦਰਸ਼ਾਂ ਵਾਸਤੇ ਸ਼ਹੀਦੀਆਂ ਦੇਣੀਆਂ ਪਈਆਂ ਹਨ। ਸੈਮੂਅਲ ਜਾਨਸਨ ਦਾ ਕਹਿਣਾ ਹੈ , "The only method by which religious truth can be established is by martyrdom." ਭਾਵਅਰਥ-"ਕੇਵਲ ਸ਼ਹੀਦੀ ਦਾ ਹੀ ਇਕ ਢੰਗ ਹੈ ਜਿਸ ਰਾਹੀਂ ਧਾਰਮਿਕ ਸੱਚਾਈ ਦੀ ਸਥਾਪਨਾ ਕੀਤੀ ਜਾ ਸਕਦੀ ਹੈ।"

ਸ਼ਹੀਦੀ ਉੱਚੇ ਆਚਰਨ ਦੀ ਸ਼ਕਤੀ ਦਾ ਮਾਪ ਹੁੰਦੀ ਹੈ। ਸ਼ਹੀਦ ਦੇ ਮਨ ਵਿਚ ਅਡੋਲਤਾ ਤੇ ਦ੍ਰਿੜ੍ਹਤਾ ਆਪਣੇ ਸਿਖਰਾਂ 'ਤੇ ਹੁੰਦੀਆਂ ਹਨ, ਮੌਤ ਦਾ ਡਰ ਤੇ ਵਹਿਮ ਸ਼ਹੀਦ ਦੇ ਨੇੜੇ ਨਹੀਂ ਢੁਕ ਸਕਦੇ। ਭਾਈ ਗੁਰਦਾਸ ਜੀ ਨੇ ਆਪਣੀਆਂ ਵਾਰਾਂ ਵਿਚ ਸ਼ਹੀਦ ਦੀ ਪਰਿਭਾਸ਼ਾ ਇਸ ਤਰ੍ਹਾਂ ਦਿੱਤੀ ਹੈ-

**ਸਾਬਰੁ ਸਿਦਕਿ ਸਹੀਦੁ ਭਰਮ ਭਉ ਖੋਵਣਾ।** (ਵਾਰ ੩ :੧੮)

ਅਰਥਾਤ- ਸ਼ਹੀਦ ਉਹ ਹੈ ਜੋ ਵਿਸ਼ਵਾਸ ਤੇ ਸੰਤੋਖ ਦਾ ਪੁਤਲਾ ਹੈ ਤੇ ਮੌਤ ਦਾ ਡਰ ਤੇ ਵਹਿਮ ਜਿਸ ਦੇ ਲਾਗੇ ਨਹੀਂ ਆਇਆ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਖ਼ਸੀਅਤ ਨਿੱਡਰਤਾ, ਨਿਰਭੈਤਾ ਤੇ ਦ੍ਰਿੜ੍ਹਤਾ ਦੀ ਮੂਰਤ ਸੀ। ਆਪ ਨੇ ਆਪਣੇ ਨਾਨਕੇ ਪਿੰਡ ਬਾਬੇ ਬਕਾਲੇ ੨੬ ਬਰਸ ਗੁਜ਼ਾਰੇ ਤੇ ਇਸ ਸਮੇਂ ਵਿਚ ਉਨ੍ਹਾਂ ਆਪਣੇ ਆਪ ਨੂੰ ਇਸ ਮਹਾਨ ਉਪਕਾਰੀ ਕਾਰਜ ਵਾਸਤੇ ਤਿਆਰ ਕੀਤਾ। ਆਪ ਦੀ ਆਤਮਾ ਇਤਨੀ ਬਲਵਾਨ ਸੀ ਕਿ ਸੰਸਾਰੀ ਦੁੱਖਾਂ-ਸੁਖਾਂ ਨੂੰ ਪ੍ਰਭੂ ਦੇ ਭਾਣੇ ਵਿਚ ਇਕ ਸਮਾਨ ਮੰਨਦੇ ਸਨ, ਮਿੱਟੀ ਤੇ ਸੋਨਾ ਉਨ੍ਹਾਂ ਵਾਸਤੇ ਇਕ ਬਰਾਬਰ ਸੀ। ਗੁਰੂ ਸਾਹਿਬ ਜੀ ਦਾ ਕਥਨ ਹੈ:

**ਸਾਧੋ ਮਨ ਕਾ ਮਾਨੁ ਤਿਆਗਉ॥**
**ਕਾਮੁ ਕ੍ਰੋਧੁ ਸੰਗਤਿ ਦੁਰਜਨ ਕੀ ਤਾ ਤੇ ਅਹਿਨਿਸਿ ਭਾਗਉ॥੧॥ ਰਹਾਉ ॥**
**ਸੁਖੁ ਦੁਖੁ ਦੋਨੋ ਸਮ ਕਰਿ ਜਾਨੈ ਅਉਰੁ ਮਾਨੁ ਅਪਮਾਨਾ॥**
**ਹਰਖ ਸੋਗ ਤੇ ਰਹੈ ਅਤੀਤਾ ਤਿਨਿ ਜਗਿ ਤਤੁ ਪਛਾਨਾ॥੧॥**
**ਉਸਤਤਿ ਨਿੰਦਾ ਦੋਊ ਤਿਆਗੈ ਖੋਜੈ ਪਦੁ ਨਿਰਬਾਨਾ॥**
**ਜਨ ਨਾਨਕ ਇਹੁ ਖੇਲੁ ਕਠਨੁ ਹੈ ਕਿਨਹੂੰ ਗੁਰਮੁਖਿ ਜਾਨਾ॥** (ਪੰਨਾ ੨੧੯)

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਤਿਆਗ ਤੇ ਵੈਰਾਗ ਪ੍ਰਧਾਨ ਹੈ। ਪਰੰਤੂ ਇਹ ਵੈਰਾਗ ਉਹ ਵੈਰਾਗ ਨਹੀਂ ਜੋ ਸੰਸਾਰੀ ਦੁੱਖਾਂ ਤੋਂ ਡਰੇ ਹੋਏ, ਸਹਿਮੇ ਹੋਏ, ਭਗੌੜੇ ਤੇ ਉਪਰਾਮ ਜੀਵਨ ਵਿੱਚੋਂ ਉਪਜਦਾ ਹੈ। ਇਹ ਨਿਰਾਸ਼ਾਵਾਦੀ ਵੈਰਾਗ ਨਹੀਂ। ਇਹ ਉਹ ਵੈਰਾਗ ਹੈ ਜੋ ਵਿਸਮਾਦੀ ਅਵਸਥਾ ਵਿੱਚੋਂ, ਕੁਦਰਤ ਦੇ ਹੁਲਾਸ ਵਿੱਚੋਂ ਤੇ ਕਾਦਰ ਦੇ ਬੰਦਿਆਂ ਨਾਲ ਪਿਆਰ ਵਿੱਚੋਂ ਆਤਮਾ ਦੀਆਂ ਡੂੰਘਾਈਆਂ ਤੇ ਉਚਾਈਆਂ ਵਿੱਚੋਂ ਪੈਦਾ ਹੁੰਦਾ:

**ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰੁ ਧਰਿ ਤਲੀ ਗਲੀ ਮੇਰੀ ਆਉ॥**
**ਇਤੁ ਮਾਰਗਿ ਪੈਰੁ ਧਰੀਜੈ॥ ਸਿਰੁ ਦੀਜੈ ਕਾਣਿ ਨ ਕੀਜੈ॥** (ਪੰਨਾ ੧੪੧੨)

ਜਿਵੇਂ ਕੰਵਲ ਫੁੱਲ ਚਿੱਕੜ ਵਿਚ ਰਹਿੰਦਾ ਹੋਇਆ ਆਪਣੇ ਆਪ ਨੂੰ ਉਸ ਤੋਂ ਉੱਚਾ ਰੱਖਦਾ ਹੈ, ਜਿਵੇਂ ਮੁਰਗਾਬੀ ਪਾਣੀ ਵਿਚ ਤੈਰਦੀ ਹੋਈ ਆਪਣੇ ਪਰਾਂ ਨੂੰ ਪਾਣੀ ਵਿਚ ਭਿੱਜਣ ਨਹੀਂ ਦਿੰਦੀ, ਤਿਵੇਂ ਮਹਾਨ ਆਤਮਾਵਾਂ ਆਪਣੇ ਆਪ ਨੂੰ ਸੰਸਾਰ ਵਿਚ ਰਹਿੰਦਿਆਂ ਹੋਇਆਂ ਵੀ ਸੰਸਾਰ ਤੋਂ ਉਪਰ ਰੱਖਦੀਆਂ ਹਨ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇਗ ਦੇ ਧਨੀ ਸਨ। ਬੀਰਤਾ, ਨਿਰਭੈਤਾ ਤੇ ਨਿੱਡਰਤਾ ਦੇ ਨਾਲ-ਨਾਲ ਕੋਮਲ ਹਿਰਦੇ ਦੇ ਵੀ ਮਾਲਕ ਸਨ। ਗੁਰੂ ਸਾਹਿਬ ਨੇ ਜੋ ਸੰਦੇਸ਼ ਸੰਸਾਰ ਨੂੰ ਦਿੱਤਾ ਹੈ, ਅੱਜ ਦੇ ਯੁੱਗ ਵਿਚ ਉਸ ਦੀ ਬੜੀ ਲੋੜ ਹੈ ਤੇ ਇਸ ਤੋਂ ਸੁੰਦਰ ਸਿਧਾਂਤ ਗੁਰੂ ਸਾਹਿਬ ਤੋਂ ਪਹਿਲਾਂ ਕਿਸੇ ਮਹਾਂਪੁਰਸ਼ ਨੇ ਸੰਸਾਰ ਨੂੰ ਨਹੀਂ ਦਿੱਤਾ। ਉਹ ਸੰਦੇਸ਼ ਹੈ:-

**ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ॥** (ਪੰਨਾ ੧੪੨੭)

ਔਰੰਗਜ਼ੇਬ ਦਾ ਹਿੰਦੂਆਂ ਨੂੰ ਤਲਵਾਰ ਦੇ ਜ਼ੋਰ ਨਾਲ ਮੁਸਲਮਾਨ ਬਣਾਉਣ ਦਾ ਅਸਰ ਵਧੇਰੇ ਪੰਜਾਬ ਤੇ ਕਸ਼ਮੀਰ 'ਤੇ ਸੀ। ਅੱਧ ਤੋਂ ਵਧੀਕ ਹਿੰਦੂ ਜਨਤਾ ਮੁਸਲਮਾਨ ਬਣਾਈ ਜਾ ਚੁੱਕੀ ਸੀ। ਦੁਖੀ ਤੇ ਮਜ਼ਲੂਮ ਹਿੰਦੂ ਜਨਤਾ ਕੁਰਲਾ ਰਹੀ ਸੀ। ਉਸ ਸਮੇਂ ਕਸ਼ਮੀਰ ਦੇ ਪੰਡਤ ਇਕੱਠੇ ਹੋ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਸ ਆਏ ਤੇ ਹਿੰਦੂ ਧਰਮ ਦੀ ਰੱਖਿਆ ਵਾਸਤੇ ਬੇਨਤੀਆਂ ਕੀਤੀਆਂ। ਗੁਰੂ ਗਰੀਬ-ਨਿਵਾਜ਼ ਦਾ ਕੋਮਲ ਹਿਰਦਾ ਦ੍ਰਵ ਗਿਆ ਤੇ ਆਪ ਨੇ ਕਸ਼ਮੀਰੀ ਪੰਡਤਾਂ ਨੂੰ ਕਿਹਾ ਕਿ ਜਾਓ ਔਰੰਗਜ਼ੇਬ ਨੂੰ ਕਹਿ ਦਿਓ ਕਿ ਜੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਇਸਲਾਮ ਦੇ ਦਾਇਰੇ ਵਿਚ ਆ ਜਾਣ ਤਾਂ ਅਸੀਂ ਸਾਰੇ ਹਿੰਦੂ ਆਪੇ ਮੁਸਲਮਾਨ ਬਣ ਜਾਵਾਂਗੇ। ਪੰਡਤਾਂ ਨੇ ਇੰਜ ਹੀ ਕੀਤਾ ਤੇ ਔਰੰਗਜ਼ੇਬ ਜੋ ਪਹਿਲਾਂ ਹੀ ਸਿੱਖੀ ਦੀ ਚੜ੍ਹਦੀ ਕਲਾ ਤੋਂ ਘਬਰਾਉਂਦਾ ਸੀ ਤੇ ਆਪਣੇ ਦਾਦਾ ਜਹਾਂਗੀਰ ਵਾਂਗ ਸਿੱਖੀ ਨੂੰ ਸ਼ੱਕ ਦੀ ਨਜ਼ਰ ਨਾਲ ਵੇਖਦਾ ਸੀ, ਇਹ ਸੁਣ ਕੇ ਸੋਚਣ ਲੱਗਾ ਕਿ ਇਕੱਲੇ ਗੁਰੂ ਸਾਹਿਬ ਨੂੰ ਇਸਲਾਮੀ ਘੇਰੇ ਵਿਚ ਜਿਵੇਂ ਵੀ ਹੋ ਸਕੇ ਲਿਆਂਦਾ ਜਾਵੇ, ਇਹ ਬਹੁਤਾ ਮੁਸ਼ਕਿਲ ਕੰਮ ਨਹੀਂ ਹੋਵੇਗਾ, ਇਸ ਲਈ ਉਸ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਗ੍ਰਿਫਤਾਰੀ ਦਾ ਹੁਕਮ ਦੇ ਦਿੱਤਾ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੀ ਦੇਸ਼ ਰਟਨ ਕਰਦੇ ਸੈਫਾਬਾਦ, ਸਮਾਣਾ, ਕੈਥਲ, ਲੱਖਣ ਮਾਜਰਾ ਤੇ ਰੋਹਤਕ ਹੁੰਦੇ ਹੋਏ ਆਗਰੇ ਪਹੁੰਚੇ। ਰਸਤੇ ਵਿਚ ਲੋਕਾਂ ਨੂੰ ਧੀਰਜ ਹੌਂਸਲਾ ਦਿੰਦੇ ਤੇ ਦੁੱਖ ਦੂਰ ਕਰਕੇ ਨਾਮ ਬਾਣੀ ਨਾਲ ਜੋੜਦੇ। ਕਈ ਥਾਵਾਂ 'ਤੇ ਜਿਥੇ ਪਾਣੀ ਦੀ ਔਕੜ ਸੀ, ਆਪ ਨੇ ਬਾਉਲੀਆਂ ਤੇ ਖੂਹ ਲਗਵਾਏ। ਇਸ ਤਰ੍ਹਾਂ ਗੁਰੂ ਜੀ ਸਿੱਖ ਸੰਗਤਾਂ ਸਮੇਤ ਪ੍ਰਚਾਰ ਕਰਦੇ ਹੋਏ ਆਗਰੇ ਪਹੁੰਚ ਗਏ। ਆਗਰੇ ਵਿਚ ਗੁਰੂ ਜੀ ਨੂੰ ਗ੍ਰਿਫਤਾਰ ਕਰਕੇ ਦਿੱਲੀ ਪਹੁੰਚਾ ਦਿੱਤਾ ਗਿਆ।

ਦਿੱਲੀ ਵਿਚ ਗੁਰੂ ਸਾਹਿਬ ਨੂੰ ਬਹੁਤ ਵੱਡੇ-ਵੱਡੇ ਲਾਲਚ ਦਿੱਤੇ ਗਏ ਕਿ ਉਹ ਮੁਸਲਮਾਨ ਹੋ ਜਾਣ ਪਰ ਗੁਰੂ ਸਾਹਿਬ ਨੇ ਸਭ ਨੂੰ ਠੁਕਰਾ ਦਿੱਤਾ। ਅਖੀਰ ਔਰੰਗਜ਼ੇਬ ਨੇ ਗੁਰੂ ਸਾਹਿਬ ਨੂੰ ਕਤਲ ਕਰਨ ਦਾ ਹੁਕਮ ਦੇ ਦਿੱਤਾ। ਗੁਰੂ ਸਾਹਿਬ ਨੂੰ ਸ਼ਹੀਦ ਕਰਨ ਤੋਂ ਪਹਿਲਾਂ ਉਨ੍ਹਾਂ ਦੇ ਨਾਲ ਆਏ ਸਿੱਖਾਂ ਭਾਈ ਦਯਾਲਾ ਜੀ ਨੂੰ ਉਬਲਦੀ ਦੇਗ ਵਿਚ ਬਿਠਾ ਕੇ ਸ਼ਹੀਦ ਕੀਤਾ ਗਿਆ ਤੇ ਭਾਈ ਮਤੀ ਦਾਸ ਨੂੰ ਆਰੇ ਨਾਲ ਚੀਰ ਦਿੱਤਾ ਗਿਆ। ਭਾਈ ਸਤੀ ਦਾਸ ਨੂੰ ਰੂੰ ਵਿਚ ਲਪੇਟ ਕੇ ਸਾੜ ਦਿੱਤਾ ਗਿਆ। ਗੁਰੂ ਦੇ ਲਾਲਾਂ ਨੇ ਹੱਸ ਕੇ ਸ਼ਹੀਦੀਆਂ ਪਾਈਆਂ। ਉਨ੍ਹਾਂ ਨੂੰ ਪਹਿਲਾਂ ਇਸ ਲਈ ਸ਼ਹੀਦ ਕੀਤਾ ਗਿਆ ਕਿ ਉਨ੍ਹਾਂ ਦੀ ਭਿਆਨਕ ਤੇ ਡਰਾਉਣੀ ਮੌਤ ਤੋਂ ਗੁਰੂ ਜੀ ਡਰ ਜਾਣ। ਪਰੰਤੂ ਗੁਰੂ ਸਾਹਿਬ ਤਾਂ ਬੀਰਤਾ, ਨਿਰਭੈਤਾ, ਦ੍ਰਿੜ੍ਹਤਾ ਤੇ ਅਡੋਲਤਾ ਦਾ ਨੂਰਾਨੀ ਮੁਜੱਸਮਾ ਸਨ, ਜਿਨ੍ਹਾਂ ਆਪਣੇ ਸਿੱਖਾਂ ਨੂੰ ਵੀ ਇਹ ਸਿਖਾਇਆ ਸੀ। ਆਖਰ ਧਰਮ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਔਰੰਗਜ਼ੇਬ ਦੇ ਹੁਕਮ ਨਾਲ ਚਾਂਦਨੀ ਚੌਂਕ ਵਿਖੇ, ਜਿਥੇ ਹੁਣ ਗੁਰਦੁਆਰਾ ਸੀਸ ਗੰਜ ਸਾਹਿਬ ਹੈ, ਸ਼ਹੀਦ ਕਰ ਦਿੱਤਾ ਗਿਆ। ਇਹ ਸ਼ਹੀਦੀ ਸੰਸਾਰ ਦੇ ਇਤਿਹਾਸ ਵਿਚ ਇਕ ਅਦੁੱਤੀ ਤੇ ਲਾਸਾਨੀ ਘਟਨਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪ ਜੀ ਦੀ ਸ਼ਹੀਦੀ ਬਾਰੇ ਇਸ ਤਰ੍ਹਾਂ ਬਿਆਨ ਕੀਤਾ ਹੈ:

**ਠੀਕਰ ਫੋਰਿ ਦਿਲੀਸਿ ਸਿਰਿ ਪ੍ਰਭ ਪੁਰ ਕੀਯਾ ਪਯਾਨ॥**
**ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ॥**

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ 'ਤੇ ਸਾਡਾ ਇਹ ਫ਼ਰਜ਼ ਬਣਦਾ ਹੈ ਕਿ ਅਸੀਂ ਸੰਸਾਰ ਦੇ ਕੋਨੇ-ਕੋਨੇ ਤਕ ਗੁਰੂ ਸਾਹਿਬ ਦਾ ਸੰਦੇਸ਼ ਪਹੁੰਚਾਈਏ ਜਿਨ੍ਹਾਂ ਦੂਜਿਆਂ ਦੇ ਧਰਮ ਲਈ ਸ਼ਹੀਦੀ ਦੇ ਕੇ ਧਰਮ ਦੇ ਇਤਿਹਾਸ ਵਿਚ ਇਕ ਨਵਾਂ ਮੋੜ, ਇਕ ਨਵਾਂ ਇਨਕਲਾਬ ਲਿਆਂਦਾ ਹੈ, ਇਸ ਸ਼ਹਾਦਤ ਨੇ ਸੰਸਾਰ ਦੇ ਸਵੈਮਾਨ ਨੂੰ ਉੱਚਿਆਂ ਚੁੱਕਿਆ ਹੈ। (ਗੁਰਦੁਆਰਾ ਗਜ਼ਟ ਨਵੰਬਰ ੨੦੧੨ ਵਿਚੋਂ)

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ

*-ਦਿਲਜੀਤ ਸਿੰਘ 'ਬੇਦੀ'**

੧੫ ਨਵੰਬਰ ੧੯੨੦ ਨੂੰ ਹੋਂਦ ਵਿਚ ਆਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਪੰਥ ਦੀ ਮਾਣਮੱਤੀ ਸੰਸਥਾ ਹੈ। ਲਗਭਗ ਇਕ ਸਦੀ ਦੇ ਆਪਣੇ ਇਤਿਹਾਸ ਵਿਚ ਕਈ ਉਤਰਾ-ਚੜ੍ਹਾਅ ਦੇਖਦਿਆਂ ਇਸ ਨੇ ਆਪਣੇ ਕਾਰਜਾਂ ਦੁਆਰਾ ਆਪਣੀ ਸ਼੍ਰੋਮਣੀ ਸਥਿਤੀ ਨੂੰ ਬਰਕਰਾਰ ਰੱਖਿਆ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਤੀ ਨਾਲ ਗੁਰਦੁਆਰਿਆਂ ਦਾ ਪ੍ਰਬੰਧ ਵਿਅਕਤੀ ਪ੍ਰਬੰਧ 'ਚੋਂ ਸੰਸਥਾ ਦੇ ਹੱਥਾਂ 'ਚ ਆਇਆ, ਜਿਸ ਨਾਲ ਸਿੱਖ ਸਿਧਾਂਤ ਦੀ ਸਥਾਪਤੀ ਹੋਈ ਕਿ ਵਿਅਕਤੀ ਵਿਸ਼ੇਸ਼ ਨਾਲੋਂ ਸਮੂਹ ਦੀ ਜ਼ਿੰਮੇਵਾਰੀ ਜ਼ਿਆਦਾ ਸਾਰਥਕ ਹੈ। ਇਸ ਨਾਲ ਵਿਅਕਤੀਗਤ ਦੋਸ਼ਾਂ ਤੋਂ ਗੁਰਦੁਆਰਾ ਪ੍ਰਬੰਧ ਸੁਤੰਤਰ ਹੋਇਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਸਮੇਂ ਇਸ ਦਾ ਮੂਲ ਮਨੋਰਥ ਗੁਰਦੁਆਰਾ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣਾ ਸੀ ਅਤੇ ਕਾਨੂੰਨੀ ਤੌਰ 'ਤੇ ਵੀ ਗੁਰਦੁਆਰਿਆਂ ਦਾ ਪ੍ਰਬੰਧ-ਸੇਵਾ-ਸੰਭਾਲ ਇਸਦਾ ਪ੍ਰਮੁਖ ਕਾਰਜ ਹੈ। ਗੁਰਦੁਆਰਾ ਆਪਣੇ ਆਪ ਵਿਚ ਇਕ ਸੰਸਥਾ ਹੈ ਜਿਸ ਦੇ ਨਾਲ ਧਾਰਮਿਕ, ਸਮਾਜਿਕ, ਵਿਦਿਅਕ, ਰਾਜਨੀਤਿਕ, ਸਭਿਆਚਾਰਕ, ਆਰਥਿਕ ਸਰੋਕਾਰ ਜੁੜੇ ਹੋਣ ਕਾਰਨ ਇਸ ਪ੍ਰਬੰਧਕ ਸੰਸਥਾ ਦਾ ਕਾਰਜ ਖੇਤਰ ਬਹੁਤ ਵਿਸ਼ਾਲ ਹੋ ਗਿਆ ਹੈ।

ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਸ਼ੁਰੂ ਹੋਣ ਦਾ ਮੂਲ ਕਾਰਣ ਗੁਰਦੁਆਰਾ ਪ੍ਰਬੰਧ ਵਿਅਕਤੀਗਤ ਹੱਥਾਂ ਵਿਚ ਹੋਣਾ ਤੇ ਇਸ ਵਿਚ ਵਿਅਕਤੀਗਤ ਦੋਸ਼ ਆਉਣਾ ਸੀ। ਗੁਰਦੁਆਰਾ ਪ੍ਰਬੰਧ ਨੂੰ ਗੁਰਮਤਿ ਜੁਗਤਿ ਨਾਲ ਚਲਾਉਣ ਲਈ ੧੯ਵੀਂ ਸਦੀ ਦੇ ਅਰੰਭ ਵਿਚ ਸਿੱਖਾਂ 'ਚ ਚੇਤਨਤਾ ਆਉਣੀ ਸ਼ੁਰੂ ਹੋਈ। ਗੁਰਦੁਆਰਿਆਂ ਦੇ ਪ੍ਰਬੰਧ 'ਚ ਆਏ ਨਿਘਾਰ ਪ੍ਰਤੀ ਸਿੱਖ ਚਿੰਤਾ ਤੇ ਚਿੰਤਨ ਕਰਨ ਲੱਗੇ। ਵਿਅਕਤੀਗਤ ਚਿੰਤਾ ਤੇ ਚੇਤਨਾ ਇਕ ਲਹਿਰ ਵਜੋਂ ਉਭਰੀ ਜੋ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਦੇ ਰੂਪ ਵਿਚ ਪ੍ਰਗਟ ਹੋਈ। ਗੁਰਦੁਆਰਿਆਂ ਦੇ ਪ੍ਰਬੰਧ 'ਚ ਆ ਰਹੀ ਗਿਰਾਵਟ ਲਈ ਸਿੱਖ ਦੀਵਾਨਾਂ 'ਚ ਚਰਚਾ ਕਰਨ ਲੱਗੇ। ਚੇਤਨ ਗੁਰਸਿੱਖਾਂ ਨੇ ਸਿੱਖਾਂ ਦੀ ਇਸ ਮੂਲ ਸਮੱਸਿਆ ਬਾਰੇ ਲੋਕ ਲਹਿਰ ਪੈਦਾ ਕਰਨ ਲਈ ਬੋਲਣਾ ਤੇ ਲਿਖਣਾ ਸ਼ੁਰੂ ਕੀਤਾ। ਇਸ ਕਾਰਜ ਵਾਸਤੇ ਰੋਜ਼ਾਨਾ ਅਕਾਲੀ ਅਖ਼ਬਾਰ ਸ਼ੁਰੂ ਕੀਤੀ ਗਈ। ਗੁਰਦੁਆਰਾ ਚੁਮਾਲਾ ਸਾਹਿਬ ਲਾਹੌਰ ਦਾ ਮਾਮਲਾ ਇਸ ਦਾ ਪਹਿਲਾ ਕਾਰਨ ਬਣਿਆ। ਗੁਰਦੁਆਰਾ ਬਾਬੇ ਦੀ ਬੇਰ ਸਿਆਲਕੋਟ ਦਾ ਪ੍ਰਬੰਧ ਗੁਰਸਿੱਖਾਂ ਦੇ ਹੱਥਾਂ 'ਚ ਆਉਣਾ ਇਸ ਦੀ ਪਹਿਲੀ ਸਫਲਤਾ ਸੀ। ਗੁਰਦੁਆਰਾ ਬਾਬੇ ਦੀ ਬੇਰ ਦਾ ਪ੍ਰਬੰਧ ਸੰਭਾਲਣ ਤੋਂ ਕੁਝ ਦਿਨਾਂ ਬਾਅਦ ਹੀ ਸ੍ਰੀ ਦਰਬਾਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਪ੍ਰਬੰਧ ਮਹੰਤਾਂ-ਪੁਜਾਰੀਆਂ ਤੋਂ ਆਜ਼ਾਦ ਕਰਵਾ ਲਿਆ। ਇਕ ਮਹੀਨੇ ਦੇ ਅੰਦਰ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਸਥਾਪਤ ਹੋ ਗਈ ਭਾਵੇਂ ਕਿ ਕਾਨੂੰਨੀ ਮਾਨਤਾ ਸਿੱਖ ਗੁਰਦੁਆਰਾ ਐਕਟ ੧੯੨੫ ਹੋਂਦ 'ਚ ਆਉਣ ਨਾਲ ਮਿਲੀ ਪਰ ਇਸ ਸਮੇਂ ਪ੍ਰਮੁਖ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੀ ਕਰਦੀ ਰਹੀ। ਗੁਰਦੁਆਰਾ ਪ੍ਰਬੰਧ ਪੰਥਕ ਹੱਥਾਂ 'ਚ ਲਿਆਉਣ ਲਈ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਤਹਿਤ ਲੰਮਾ ਸੰਘਰਸ਼ ਕਰਨਾ ਪਿਆ, ਜਿਸ ਦੌਰਾਨ ਚਾਬੀਆਂ ਦਾ ਮੋਰਚਾ, ਗੁਰੂ ਕੇ ਬਾਗ ਦਾ ਮੋਰਚਾ, ਗੁ: ਗੰਗਸਰ ਜੈਤੋ ਦਾ ਮੋਰਚਾ, ਭਾਈ ਫੇਰੂ ਦਾ ਮੋਰਚਾ, ਨਨਕਾਣਾ ਸਾਹਿਬ ਦਾ ਮੋਰਚਾ ਆਦਿ ਲੱਗੇ। ਇਸ ਦੌਰਾਨ ਭਿਆਨਕ ਸਾਕੇ ਵਾਪਰੇ, ਬਹੁਤ ਸਿੱਖਾਂ ਨੂੰ ਸ਼ਹੀਦੀ ਜਾਮ ਪੀਣਾ ਪਿਆ, ਜੇਲ੍ਹਾਂ ਕੱਟੀਆਂ ਤੇ ਤਸੀਹੇ ਝੱਲਣੇ ਪਏ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੋਂਦ 'ਚ ਆਉਣ ਸਮੇਂ ਕੁਝ ਇਕ ਗਿਣਤੀ ਦੇ ਗੁਰਦੁਆਰੇ ਹੀ ਪ੍ਰਬੰਧ 'ਚ ਆਏ ਜਿਨ੍ਹਾਂ ਦਾ ਪ੍ਰਬੰਧ ਸਮੁੱਚੇ ਰੂਪ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਰਦੀ। ਪਹਿਲੇ ਦੌਰ 'ਚ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਗੁਰਦੁਆਰਾ ਜਨਮ ਅਸਥਾਨ ਨਨਕਾਣਾ ਸਾਹਿਬ ਦੇ ਪ੍ਰਬੰਧ ਵਲ ਵਿਸ਼ੇਸ਼ ਧਿਆਨ ਦਿੱਤਾ ਗਿਆ। ਇਸ ਸਮੇਂ ਦੌਰਾਨ ਕੇਵਲ ਪ੍ਰਬੰਧਕੀ ਮਾਮਲਿਆਂ ਤੀਕ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੀਮਤ ਰਹੀ। ਸਮੇਂ-ਸਮੇਂ ਇਤਿਹਾਸਿਕ ਗੁਰਦੁਆਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ 'ਚ ਸ਼ਾਮਲ ਹੁੰਦੇ ਗਏ। ਇਸ ਸਮੇਂ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼, ਚਾਰ ਰਾਜਾਂ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਮੁੱਖ ਇਤਿਹਾਸਿਕ ਗੁਰਦੁਆਰਿਆਂ ਦਾ ਪ੍ਰਬੰਧ ਦੇਖਦੀ ਹੈ। ਦੇਸ਼-ਵੰਡ ਤੋਂ ਪਹਿਲਾਂ ਕੇਵਲ ੭ ਵੱਡੇ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ

*ਐਡੀ. ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

ਦੇਖਦੀ ਸੀ ਜਿਨ੍ਹਾਂ 'ਚ ਸ੍ਰੀ ਅੰਮ੍ਰਿਤਸਰ, ਤਰਨਤਾਰਨ, ਕੇਸਗੜ੍ਹ ਸਾਹਿਬ, ਮੁਕਤਸਰ ਸਾਹਿਬ, ਨਨਕਾਣਾ ਸਾਹਿਬ, ਪੰਜਾ ਸਾਹਿਬ, ਡੇਰਾ ਸਾਹਿਬ ਲਾਹੌਰ ਸਨ। ਦੇਸ਼ ਵੰਡ ਹੋਣ ਕਾਰਨ ਨਨਕਾਣਾ ਸਾਹਿਬ, ਪੰਜਾ ਸਾਹਿਬ ਤੇ ਡੇਰਾ ਸਾਹਿਬ ਲਾਹੌਰ ਦੇ ਗੁਰਦੁਆਰਿਆਂ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸੋਂ ਜਾਂਦਾ ਰਿਹਾ। ਫਿਰ ਪੰਜਾਬ 'ਚ ਪੈਪਸੂ ਖੇਤਰ ਸ਼ਾਮਲ ਹੋਣ ਕਰਕੇ ਪਟਿਆਲਾ, ਸੁਲਤਾਨਪੁਰ ਲੋਧੀ, ਜੀਂਦ, ਧਮਤਾਨ, ਤਲਵੰਡੀ ਸਾਬੋ ਦੇ ਇਤਿਹਾਸਿਕ ਗੁਰਦੁਆਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਆ ਗਏ। ਇਨ੍ਹਾਂ ਗੁਰਦੁਆਰਿਆਂ ਦਾ ਪ੍ਰਬੰਧ ਪਹਿਲਾਂ ਲੋਕਲ ਕਮੇਟੀ ਪਾਸ ਸੀ ਪਰ ੧੯੪੪ 'ਚ ਸਿੱਖ ਗੁਰਦੁਆਰਾ ਕਾਨੂੰਨ 'ਚ ਹੋਈ ਤਰਮੀਮ ਨਾਲ ਗੁਰਦੁਆਰਾ ਕਾਨੂੰਨ ਦੀ ਧਾਰਾ ੮੫ ਅਧੀਨ ਆ ਗਏ। ਬਾਕੀ ਦੇ ਗੁਰਦੁਆਰਿਆਂ ਦਾ ਪ੍ਰਬੰਧ ਲੋਕਲ ਕਮੇਟੀ ਰਾਹੀਂ ਦੇਖਿਆ ਜਾਂਦਾ ਹੈ ਜੋ ਗੁਰਦੁਆਰਾ ਕਾਨੂੰਨ ਦੀ ਧਾਰਾ ੮੭ ਅਧੀਨ ਆਉਂਦੇ ਹਨ। ਇਸ ਸਮੇਂ ਗੁਰਦੁਆਰਾ ਕਾਨੂੰਨ ਦੀ ਧਾਰਾ ੮੫ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਿੱਧੇ ਪ੍ਰਬੰਧ 'ਚ ੭੦ ਗੁਰਦੁਆਰੇ ਪੰਜਾਬ ਰਾਜ 'ਚ ਅਤੇ ੮ ਗੁਰਦੁਆਰੇ ਹਰਿਆਣਾ ਰਾਜ 'ਚ ਸਥਿਤ ਹਨ, ਇਸ ਤੋਂ ਇਲਾਵਾ ਸੈਕਸ਼ਨ ੮੭ ਦੇ ੭ ਗੁਰਦੁਆਰੇ ਸਿਧੇ ਪ੍ਰਬੰਧ ਅਧੀਨ ਹਨ। ਇਨ੍ਹਾਂ ਗੁਰਦੁਆਰਿਆਂ ਦੀ ਕੁਲ਼ ਆਮਦਨ ਦਾ ਦਸਵੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਜਮ੍ਹਾਂ ਹੁੰਦਾ ਹੈ। ਇਨ੍ਹਾਂ ਗੁਰਦੁਆਰਿਆਂ 'ਚ ਧਾਰਮਿਕ ਫੰਡ, ਵਿਦਿਆ ਫੰਡ, ਕੁਦਰਤੀ ਆਫਤਾਂ ਆਦਿ ਦੇ ਫੰਡ ਲਏ ਜਾਂਦੇ ਹਨ ਜਿਨ੍ਹਾਂ ਦੀ ਵਰਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਖ-ਵੱਖ ਕਾਰਜਾਂ ਵਾਸਤੇ ਕਰਦੀ ਹੈ। ਬਾਕੀ ਗੁਰਦੁਆਰਾ ਆਮਦਨ ਕੜਾਹਿ ਪ੍ਰਸ਼ਾਦਿ, ਲੰਗਰ, ਰਿਹਾਇਸ਼, ਮੁਲਾਜ਼ਮਾਂ ਤੇ ਗੁਰਦੁਆਰਿਆਂ ਦੀ ਭਲਾਈ ਗੁਰਦੁਆਰਿਆਂ ਵਲੋਂ ਕੀਤੀ ਜਾਂਦੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੂਲ ਮਕਸਦ ਤਾਂ ਗੁਰਦੁਆਰਾ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣਾ ਹੈ ਪਰ ਇਹ ਸੰਸਥਾ ਬਹੁ-ਮੰਤਵੀ ਸੰਸਥਾ ਹੈ ਜਿਸ ਦਾ ਅਧਾਰ ਗੁਰਦੁਆਰਾ ਹੈ ਅਤੇ ਗੁਰਦੁਆਰਾ ਸੰਸਥਾ ਦਾ ਕਾਰਜ ਖੇਤਰ ਵੀ ਬਹੁ-ਮੰਤਵੀ ਤੇ ਬਹੁ-ਦਿਸ਼ਾਵੀ ਹੋਣਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਮੁਖ ਉਦੇਸ਼ ਗੁਰਦੁਆਰਿਆਂ ਦਾ ਸੁਚਾਰੂ ਪ੍ਰਬੰਧ ਕਰਨਾ, ਸਿੱਖ ਮਰਯਾਦਾ ਨੂੰ ਲਾਗੂ ਕਰਨਾ, ਗੁਰਦੁਆਰਿਆਂ ਦੀ ਆਮਦਨ ਨੂੰ ਗੁਰਦੁਆਰਿਆਂ ਦੀ ਸੇਵਾ-ਸੰਭਾਲ, ਲੰਗਰ, ਵਿਦਿਆ ਦੇ ਪ੍ਰਸਾਰ, ਲੋੜਵੰਦਾਂ ਦੀ ਸਹਾਇਤਾ ਲਈ ਵਰਤਣ ਆਦਿ ਨੂੰ ਨਿਸ਼ਚਿਤ ਕਰਨਾ ਹੈ। ਗੁਰਦੁਆਰਿਆਂ ਦੇ ਪ੍ਰਬੰਧ ਦੇ ਨਾਲ-ਨਾਲ ਇਹ ਸੰਸਥਾ ਧਾਰਮਿਕ, ਵਿੱਦਿਅਕ, ਸਮਾਜਿਕ, ਰਾਜਨੀਤਿਕ ਅਤੇ ਆਰਥਿਕ ਖੇਤਰ ਵਿਚ ਸਮੁੱਚੇ ਪੰਥ ਦੀ ਨਿਰੰਤਰ ਅਗਵਾਈ ਕਰਦੀ ਆ ਰਹੀ ਹੈ। ਅੱਜ ਲਗਭਗ ੧੦੦ ਤੋਂ ਵੱਧ ਵਿੱਦਿਅਕ ਅਦਾਰੇ ਇਸ ਸੰਸਥਾ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਹਨ। ਜਿਨ੍ਹਾਂ ਵਿਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ, ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਅੰਮ੍ਰਿਤਸਰ, ਗੁਰੂ ਨਾਨਕ ਖਾਲਸਾ ਕਾਲਜ ਮੁੰਬਈ, ਮਾਤਾ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ, ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸ੍ਰੀ ਅਨੰਦਪੁਰ ਸਾਹਿਬ, ਗੁਰੂ ਨਾਨਕ ਕਾਲਜ ਮੋਗਾ, ਬੀ.ਏ.ਐੱਸ. ਖਾਲਸਾ ਕਾਲਜ ਗੜ੍ਹਸ਼ੰਕਰ, ਖਾਲਸਾ ਕਾਲਜ ਪਟਿਆਲਾ, ਗੁਰੂ ਨਾਨਕ ਕਾਲਜ ਬੁਢਲਾਡਾ, ਖਾਲਸਾ ਕਾਲਜ ਗੜ੍ਹਦੀਵਾਲ, ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਫ਼ਤਹਿਗੜ੍ਹ ਸਾਹਿਬ, ਮੀਰੀ-ਪੀਰੀ ਮੈਡੀਕਲ ਕਾਲਜ, ਸ਼ਾਹਬਾਦ ਮਾਰਕੰਡਾ (ਹਰਿਆਣਾ) ਅਤੇ ਸ੍ਰੀ ਗੁਰੂ ਰਾਮਦਾਸ ਡੈਂਟਲ ਕਾਲਜ ਅੰਮ੍ਰਿਤਸਰ ਆਦਿ ਹਨ।

ਗੁਰਮਤਿ ਸਿਧਾਂਤਾਂ ਉਪਰ ਪਹਿਰਾ ਦੇਣ ਵਾਲੀ ਇਹ ਸੰਸਥਾ ਮਨੁੱਖਤਾ ਉੱਤੇ ਕੋਈ ਮੁਸ਼ਕਿਲ ਬਣਦੀ ਹੈ ਤਾਂ ਦੁੱਖ ਦੀ ਘੜੀ ਸਮੇਂ ਬਿਨਾਂ ਕਿਸੇ ਵਿਤਕਰੇ 'ਤੇ ਮਨੁੱਖਤਾ ਦੀ ਸੇਵਾ ਵਿੱਚ ਖੜ੍ਹਨਾ ਆਪਣਾ ਫਰਜ਼ ਸਮਝਦੀ ਹੈ। ਆਪਣੇ ਇਸੇ ਫਰਜ਼ ਤਹਿਤ ਸ਼੍ਰੋਮਣੀ ਕਮੇਟੀ ਨੇ ਸਦਾ ਹੀ ਕੁਦਰਤੀ ਆਫ਼ਤਾਂ ਸਮੇਂ ਧਰਮ-ਕਰਮ ਅਨੁਸਾਰ ਲੋਕਾਂ ਦੀ ਸੇਵਾ ਕੀਤੀ ਹੈ। ਗੁਜਰਾਤ ਦੇ ਭੂਚਾਲ, ਅੰਡੇਮਾਨ-ਨਿੱਕੋਬਾਰ ਦੀ ਸੁਨਾਮੀ, ਲੇਹ-ਲਦਾਖ ਅਤੇ ਉੱਤਰਾਖੰਡ ਵਿਚ ਬੱਦਲ ਫੱਟਣ ਤੇ ਹੜ੍ਹ ਆਉਣ ਸਮੇਂ ਇਸ ਸ਼੍ਰੋਮਣੀ ਸਿੱਖ ਸੰਸਥਾ ਵੱਲੋਂ ਨਿਭਾਈ ਸ਼ਾਨਦਾਰ ਭੂਮਿਕਾ ਯਾਦ ਰੱਖਣਯੋਗ ਹੈ। ਜੰਮੂ-ਕਸ਼ਮੀਰ ਵਿਚ ਭਿਆਨਕ ਹੜ੍ਹਾਂ ਸਮੇਂ ਇਸ ਸ਼੍ਰੋਮਣੀ ਸੰਸਥਾ ਨੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਬਾਂਹ ਫੜੀ ਹੈ। ਜੰਮੂ-ਕਸ਼ਮੀਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਸੰਸਾਰ ਭਰ ਵਿਚ ਹਰ ਪਾਸਿਉਂ ਹੋਈ ਹੈ, ਜਿਸ ਨਾਲ ਸਿੱਖਾਂ ਦੇ ਸੇਵਾ-ਭਾਵਨਾ ਵਾਲੇ ਅਕਸ ਨੇ ਦੁਨੀਆ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ। ਇਸੇ ਤਰ੍ਹਾਂ ਨੇਪਾਲ ਵਿਖੇ ਸ਼੍ਰੋਮਣੀ ਕਮੇਟੀ ਦੀਆਂ ਸੇਵਾਵਾਂ ਵੀ ਸ਼ਲਾਘਾਯੋਗ ਰਹੀਆਂ ਹਨ।

■

# ਤਿੰਨ ਜੰਗੀ ਜਰਨੈਲਾਂ ਦੀਆਂ ਤਸਵੀਰਾਂ ਦੀ ਸਥਾਪਨਾ

*ਸ. ਹਰਵਿੰਦਰ ਸਿੰਘ ਖ਼ਾਲਸਾ*

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕੇਂਦਰੀ ਸਿੱਖ ਅਜਾਇਬਘਰ, ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਤਿੰਨ ਜੰਗੀ ਜਰਨੈਲਾਂ ਦੀਆਂ ਤਸਵੀਰਾਂ ਦੀ ਸਥਾਪਨਾ ਕੀਤੀ ਗਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕੇਂਦਰੀ ਸਿੱਖ ਅਜਾਇਬਘਰ ਦੀ ਸਥਾਪਨਾ ੧੯੫੭ ਈ: ਵਿਚ ਕੀਤੀ ਗਈ ਸੀ। ਇਸ ਸਿੱਖ ਅਜਾਇਬਘਰ ਵਿਚ ਪੁਰਾਤਨ ਹੱਥ-ਲਿਖਤਾਂ, ਗੁਰੂ ਸਾਹਿਬਾਨ ਅਤੇ ਸਿੰਘ ਸਰਦਾਰਾਂ ਦੇ ਸ਼ਸਤਰ, ਬਸਤਰ, ਸਿੱਖ ਰਾਜ ਦੇ ਸਿੱਕੇ ਅਤੇ ਪੁਰਾਤਨ ਸਾਜ਼ ਆਦਿ ਪ੍ਰਦਰਸ਼ਤ ਕੀਤੇ ਗਏ ਹਨ। ਇਸ ਤੋਂ ਇਲਾਵਾ ਪ੍ਰਸਿੱਧ ਕਲਾਕਾਰਾਂ ਵਲੋਂ ਗੁਰੂ ਸਾਹਿਬਾਨ, ਸਿੱਖ ਜਰਨੈਲਾਂ, ਸਿੱਖ ਸ਼ਹੀਦਾਂ ਦੇ ਤਿਆਰ ਕੀਤੇ ਚਿੱਤਰ ਵੀ ਪ੍ਰਦਰਸ਼ਿਤ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ੩੧ ਅਕਤੂਬਰ, ੨੦੧੭ ਨੂੰ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਲਈ ਜੂਝਣ ਵਾਲੇ, ਸਿੱਖ ਕੌਮ ਦੀ ਆਨ ਅਤੇ ਸ਼ਾਨ ਵਧਾਉਣ ਵਾਲੇ ਸਿੱਖ ਯੋਧੇ ਜਨਰਲ ਹਰਬਖਸ਼ ਸਿੰਘ, ਹਵਾਈ ਫੌਜ ਦੇ ਮੁਖੀ ਰਹੇ ਮਾਰਸ਼ਲ ਅਰਜਨ ਸਿੰਘ, ਬੰਗਲਾਦੇਸ਼ ਨੂੰ ਆਜ਼ਾਦ ਕਰਾਉਣ ਵਾਲੇ ਲੈਫਟੀਨੈਂਟ ਜਨਰਲ ਜਗਜੀਤ ਸਿੰਘ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬਘਰ ਵਿਖੇ ਲਗਾਈਆਂ ਗਈਆਂ ਹਨ। ਇਸ ਤੋਂ ਪਹਿਲਾਂ ਜਰਨੈਲ ਬਿਕਰਮ ਸਿੰਘ ਦਾ ਚਿੱਤਰ ਵੀ ਕੇਂਦਰੀ ਸਿੱਖ ਅਜਾਇਬਘਰ ਵਿਖੇ ਲੱਗਿਆ ਹੋਇਆ ਹੈ। ਜਰਨੈਲ ਬਿਕਰਮ ਸਿੰਘ ਨੂੰ ਕਸ਼ਮੀਰ ਦਾ ਰੱਖਿਅਕ ਕਰਕੇ ਹੁਣ ਤੱਕ ਲੋਕ ਯਾਦ ਕਰਦੇ ਹਨ। ਉਨ੍ਹਾਂ ਵਲੋਂ ਦਿਖਾਈ ਦਲੇਰੀ ਦਾ ਸਦਕਾ ਸੀ ਕਿ ੧੯੪੭ ਵਿਚ ਕਬਾਇਲੀ ਹਮਲੇ ਨੂੰ ਪਛਾੜਿਆ ਗਿਆ।

**ਮਹਾਨ ਯੋਧਾ ਲੈਫਟੀਨੈਂਟ ਜਨਰਲ ਹਰਬਖਸ਼ ਸਿੰਘ**

ਭਾਰਤ ਦੇ ਇਤਿਹਾਸ ਵਿਚ ਦੁਸ਼ਮਣਾਂ ਨਾਲ ਲੋਹਾ ਲੈਣ ਵਾਲੇ ਅਤੇ ਦੁਸ਼ਮਣਾਂ ਦੇ ਦੰਦ ਖੱਟੇ ਕਰਨ ਵਾਲੇ ਸਿੱਖ ਜਰਨੈਲਾਂ ਵਿਚੋਂ ਲੈਫਟੀਨੈਂਟ ਜਨਰਲ ਹਰਬਖਸ਼ ਸਿੰਘ ਨੂੰ ਵੀ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ। ਜਨਰਲ ਹਰਬਖਸ਼ ਸਿੰਘ ਦਾ ਜਨਮ ੧ ਅਕਤੂਬਰ, ੧੯੧੩ ਈ: ਨੂੰ ਡਾ. ਹਰਨਾਮ ਸਿੰਘ ਦੇ ਗ੍ਰਹਿ ਮਾਤਾ ਚੰਦ ਕੌਰ ਦੀ ਕੁੱਖੋਂ ਪਿੰਡ ਬਡਰੁੱਖਾਂ, ਜ਼ਿਲ੍ਹਾ ਸੰਗਰੂਰ ਵਿਖੇ ਹੋਇਆ। ਜਨਰਲ ਹਰਬਖਸ਼ ਸਿੰਘ ਨੇ ਮੁਢਲੀ ਵਿੱਦਿਆ ਮਸਤੂਆਣਾ ਸਾਹਿਬ ਤੇ ਸਰਕਾਰੀ ਹਾਈ ਸਕੂਲ ਸੰਗਰੂਰ ਤੋਂ ਲਈ ਅਤੇ ਉੱਚ ਵਿੱਦਿਆ ਐੱਫ.ਸੀ. ਕਾਲਜ ਲਾਹੌਰ ਤੋਂ ਪ੍ਰਾਪਤ ਕੀਤੀ।

ਸ. ਹਰਬਖਸ਼ ਸਿੰਘ ੧੯੩੫ ਵਿਚ ਇੰਡੀਅਨ ਮਿਲਟਰੀ ਅਕੈਡਮੀ ਦੇਹਰਾਦੂਨ ਤੋਂ ਸੈਕਿੰਡ ਲੈਫਟੀਨੈਂਟ ਬਣ ਗਏ ਅਤੇ ਸਿੱਖ ਰੈਜਮੈਂਟ ਵਿਚ ਨਿਯੁਕਤ ਹੋਏ। ਸ. ਹਰਬਖਸ਼ ਸਿੰਘ ਤੀਖਣ ਬੁੱਧੀ, ਯੋਗ ਯੁੱਧ ਨੀਤੀ ਦੇ ਕਾਰਨ ਹੀ ਮਈ, ੧੯੪੮ ਵਿਚ ਉਨ੍ਹਾਂ ਨੂੰ ਹੁਕਮ ਹੋਇਆ ਕਿ ਉਹ ਅੱਗੇ ਵਧਣ ਅਤੇ ਤਿਥਵਾਲ 'ਤੇ ਕਬਜ਼ਾ ਕਰਨ ਤਾਂ ਜੋ ਦੁਸ਼ਮਣ ਦੇ ਟਿਕਾਣੇ ਨੂੰ ਕਾਬੂ ਕੀਤਾ ਜਾ ਸਕੇ, ਜਿਥੋਂ ਕਿ ਉਹ ਹੰਦਵਾਰਾ ਵਾਦੀ ਵੱਲ ਕਾਰਵਾਈਆਂ ਕਰਦੇ ਸਨ। ਇਹ ਕਾਰਵਾਈ ਮੁਜ਼ੱਫਰਾਬਾਦ ਤੋਂ ਗੁਰਾਇਸ ਤੱਕ ਦੀ ਸੰਚਾਰ ਅਵਸਥਾ ਨੂੰ ਨਸ਼ਟ ਕਰਨ ਲਈ ਵੀ ਜ਼ਰੂਰੀ ਸੀ। ਉਸ ਸਮੇਂ ਕਬਾਇਲੀ ਗੁਰੀਲਾ ਢੰਗ ਅਪਣਾ ਕੇ ਯੁੱਧ ਕਰ ਰਹੇ ਸਨ। ਉਹ ਚਾਹੁੰਦੇ ਸਨ ਕਿ ਕਿਸੇ ਤਰੀਕੇ ਚੋਰੀ-ਛੁਪੇ ਵਾਦੀ ਵਿਚ ਘੁਸਪੈਠ ਕੀਤੀ ਜਾਵੇ।

ਲੈਫਟੀਨੈਂਟ ਜਨਰਲ ਹਰਬਖਸ਼ ਸਿੰਘ ਨੇ ੧੯੬੫ ਈ: ਵਿਚ ਭਾਰਤ-ਪਾਕਿ ਜੰਗ ਸਮੇਂ ਸਾਰੀ ਯੋਜਨਾ ਤਿਆਰ ਕੀਤੀ ਕਿ ਦੁਸ਼ਮਣ ਦੇ ਹਮਲੇ ਦਾ ਮੁਕਾਬਲਾ ਕਿਵੇਂ ਕਰਨਾ ਹੈ ਅਤੇ ਦੁਸ਼ਮਣ 'ਤੇ ਕਾਬੂ ਕਿਵੇਂ ਪਾਉਣਾ ਹੈ? ਉਸ ਸਮੇਂ ਪਾਕਿਸਤਾਨ ਸ੍ਰੀ ਅੰਮ੍ਰਿਤਸਰ ਸਾਹਿਬ 'ਤੇ ਕਬਜ਼ਾ ਕਰ ਕੇ ਦਿੱਲੀ ਲਾਲ ਕਿਲ੍ਹੇ 'ਤੇ ਪਾਕਿਸਤਾਨੀ ਝੰਡਾ ਝੁਲਾਉਣਾ ਚਾਹੁੰਦਾ ਸੀ। ਲੈਫਟੀਨੈਂਟ ਜਨਰਲ ਹਰਬਖਸ਼ ਸਿੰਘ ਵਲੋਂ ਫੌਜਾਂ ਨੂੰ ਦਿੱਤੀ ਹੱਲਾਸ਼ੇਰੀ ਨੇ ਪਾਕਿਸਤਾਨ ਦੀਆਂ ਯੋਜਨਾਵਾਂ ਨੂੰ ਮਿੱਟੀ ਵਿਚ ਮਿਲਾ ਦਿੱਤਾ। ਜੇ ਉਸ ਵੇਲੇ ਲੈਫਟੀਨੈਂਟ ਜਨਰਲ ਹਰਬਖਸ਼ ਸਿੰਘ ਉਦੋਂ ਦੇ ਜਨਰਲ ਜੇ. ਕੇ. ਚੌਧਰੀ ਦੀ ਥਾਂ ਆਪਣੀ ਸੋਚ ਮੁਤਾਬਿਕ ਨਾ ਚਲਦੇ ਤਾਂ ਭਾਰਤੀ ਪੰਜਾਬ ਦਾ ਨਕਸ਼ਾ ਕੁਝ ਹੋਰ ਹੁੰਦਾ ਅਤੇ ਸਮੁੱਚੇ ਭਾਰਤ ਦਾ ਢਾਂਚਾ ਵੀ ਹਿੱਲ ਜਾਣਾ ਸੀ। ਸਿੱਖ ਜਵਾਨਾਂ ਦੀ ਦਲੇਰੀ ਨੇ ਪਾਕਿਸਤਾਨ ਦੇ ਵਿਦੇਸ਼ਾਂ ਤੋਂ ਪ੍ਰਾਪਤ ਕੀਤੇ ਨਵੇਂ ਕਿਸਮ ਦੇ ਹਥਿਆਰ, ਟੈਂਕ, ਤੋਪਾਂ ਨੂੰ ਨਕਾਰਾ ਕਰ ਦਿੱਤਾ। ਲੈਫਟੀਨੈਂਟ ਜਨਰਲ ਹਰਬਖਸ਼ ਸਿੰਘ ਦੀ ਬੀਰਤਾ ਕਾਰਨ ਭਾਰਤ

ਸਰਕਾਰ ਵਲੋਂ ਉਨ੍ਹਾਂ ਨੂੰ ਵੀਰ ਚੱਕਰ, ਪਦਮ ਭੂਸ਼ਣ ਦੇ ਕੇ ਸਨਮਾਨਿਤ ਕੀਤਾ ਗਿਆ। ਜਨਰਲ ਹਰਬਖਸ਼ ਸਿੰਘ ਦਾ ਦਿਹਾਂਤ ੧੪ ਨਵੰਬਰ, ੧੯੯੯ ਈ: ਨੂੰ ਹੋਇਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ੩੧ ਅਕਤੂਬਰ ੨੦੧੭ ਈ: ਨੂੰ ਉਨ੍ਹਾਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬਘਰ ਵਿਚ ਲਗਾਈ ਗਈ ਹੈ।

**ਹਵਾਈ ਫ਼ੌਜ ਦਾ ਜਰਨੈਲ ਮਾਰਸ਼ਲ ਅਰਜਨ ਸਿੰਘ**

ਭਾਰਤ ਦੇ ਹਵਾਈ ਫੌਜ ਦੇ ਜਰਨੈਲਾਂ 'ਚੋਂ ਸਭ ਤੋਂ ਵੱਧ, ਨਿਪੁੰਨ, ਨਿਡਰ, ਸਿਆਣਪ ਭਰਪੂਰ ਜਰਨੈਲ ਸ. ਅਰਜਨ ਸਿੰਘ ਦਾ ਜਨਮ ੧੫ ਅਪ੍ਰੈਲ, ੧੯੧੯ ਈ: ਨੂੰ ਲਾਇਲਪੁਰ ਵਿਖੇ ਹੋਇਆ। ਸ. ਅਰਜਨ ਸਿੰਘ ਨੇ ਸਰਕਾਰੀ ਕਾਲਜ ਲਾਹੌਰ ਤੋਂ ਵਿੱਦਿਆ ਪ੍ਰਾਪਤ ਕੀਤੀ। ਸ. ਅਰਜਨ ਸਿੰਘ ਕਾਲਜ ਦੇ ਸਮੇਂ ਇਕ ਉੱਘੇ ਖਿਡਾਰੀ ਸਨ। ਸ. ਅਰਜਨ ਸਿੰਘ ਨੂੰ ਪੜ੍ਹਾਈ ਉਪਰੰਤ ਦਸੰਬਰ, ੧੯੩੯ ਈ: ਨੂੰ ਹਵਾਈ ਸੈਨਾ ਵਿਚ ਕਮਿਸ਼ਨ ਮਿਲਿਆ। ਸ. ਅਰਜਨ ਸਿੰਘ ਨੂੰ ਵਿਦੇਸ਼ਾਂ ਵਿਚ ਜਾ ਕੇ ਜਾਣਕਾਰੀ ਹਾਸਲ ਕਰਨ ਦਾ ਮੌਕਾ ਵੀ ਮਿਲਿਆ। ਸੰਨ ੧੯੬੫ ਦੀ ਭਾਰਤ-ਪਾਕਿ ਜੰਗ ਸਮੇਂ ਸ: ਅਰਜਨ ਸਿੰਘ ਨੇ ਜੋ ਕਾਰਨਾਮੇ ਕਰ ਦਿਖਾਏ, ਉਸ ਨੂੰ ਦੇਖ ਕੇ ਸਭ ਹੈਰਾਨ ਰਹਿ ਗਏ। ਸ. ਅਰਜਨ ਸਿੰਘ ਇਕ ਉੱਚ ਦਰਜੇ ਦੇ ਅਤੇ ਕਮਾਲ ਦੇ ਹਵਾਬਾਜ਼ ਸਨ। ਉਹ ਇਕ ਅਜਿਹੇ ਕਮਾਂਡਰ ਸਨ, ਜਿਨ੍ਹਾਂ ਨੇ ਸਭ ਦਾ ਵਿਸ਼ਵਾਸ ਤੇ ਪਿਆਰ ਜਿੱਤਿਆ ਹੋਇਆ ਸੀ। ਭਾਰਤ-ਪਾਕਿਸਤਾਨ ਦੀ ੧੯੬੫ ਦੀ ਜੰਗ ਸਮੇਂ ਦਿਖਾਈ ਯੋਗਤਾ ਨੂੰ ਦੇਖਦੇ ਹੋਏ ਭਾਰਤ ਸਰਕਾਰ ਨੇ ੧੯੬੫ ਈ: ਵਿਚ ਉਨ੍ਹਾਂ ਨੂੰ ਪਦਮ ਵਿਭੂਸ਼ਣ ਪ੍ਰਦਾਨ ਕੀਤਾ। ਸੰਨ ੧੯੭੧ ਵਿਚ ਜਦੋਂ ਫਿਰ ਭਾਰਤ-ਪਾਕਿਸਤਾਨ ਜੰਗ ਹੋਈ ਤਾਂ ਉਹ ਭਾਰਤੀ ਹਵਾਈ ਸੈਨਾ ਦੇ ਚੀਫ ਮਾਰਸ਼ਲ ਸਨ ਅਤੇ ਏਅਰ ਮਾਰਸ਼ਲ ਦਾ ਰੈਂਕ ਸੀ। ਇਸ ਜੰਗ ਤੋਂ ਬਾਅਦ ਉਨ੍ਹਾਂ ਨੂੰ ਭਾਰਤ ਦਾ ਪਹਿਲਾ ਚੀਫ ਮਾਰਸ਼ਲ ਬਣਾਇਆ ਗਿਆ। ਭਾਰਤ ਸਰਕਾਰ ਨੇ ੨੬ ਫਰਵਰੀ, ੨੦੦੨ ਈ: ਨੂੰ ੮੩ ਸਾਲ ਦੀ ਉਮਰ ਵਿਚ ਉਨ੍ਹਾਂ ਨੂੰ ਮਾਰਸ਼ਲ ਦਾ ਖਿਤਾਬ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਨੇ ੬੦ ਵੱਖ-ਵੱਖ ਤਰ੍ਹਾਂ ਦੇ ਜਹਾਜ਼ਾਂ ਦੀਆਂ ਉਡਾਨਾਂ ਭਰੀਆਂ। ਉਨ੍ਹਾਂ ਦਾ ਦਿਹਾਂਤ ੯੮ ਸਾਲ ਦੀ ਉਮਰ ਵਿਚ ੧੬ ਸਤੰਬਰ, ੨੦੧੭ ਨੂੰ ਹੋਇਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ੩੧ ਅਕਤੂਬਰ, ੨੦੧੭ ਨੂੰ ਉਨ੍ਹਾਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬਘਰ ਵਿਚ ਲਗਾਈ ਗਈ ਹੈ।

**ਬੰਗਲਾਦੇਸ਼ ਨੂੰ ਆਜ਼ਾਦ ਕਰਾਉਣ ਵਾਲਾ ਲੈਫ: ਜਨਰਲ ਜਗਜੀਤ ਸਿੰਘ ਅਰੋੜਾ**

ਸ. ਜਗਜੀਤ ਸਿੰਘ ਅਰੋੜਾ ਦਾ ਜਨਮ ੧੩ ਫਰਵਰੀ, ੧੯੧੭ ਈ: ਨੂੰ ਅੰਮ੍ਰਿਤਸਰ ਵਿਖੇ ਹੋਇਆ। ਉਹ ਵੱਖ-ਵੱਖ ਵਿਸ਼ਿਆਂ, ਮਿਲਟਰੀ ਯੁੱਧ ਕਲਾ ਅਤੇ ਧਰਮ ਵਿਚ ਦਿਲਚਸਪੀ ਰੱਖਦੇ ਸਨ। ਉਨ੍ਹਾਂ ਨੇ ਯਾਹੀਆ ਖਾਂ ਅਤੇ ਪਾਕਿਸਤਾਨੀ ਜਨਰਲ ਅਬਦੁਲ ਹਮੀਦ ਦੇ ਨਾਲ ਇਕੱਠਿਆਂ ਸਿਖਲਾਈ ਪ੍ਰਾਪਤ ਕੀਤੀ। ਉਨ੍ਹਾਂ ਨੂੰ ੧੯੩੮ ਵਿਚ ਪੰਜਾਬ ਰੈਜਮੈਂਟ ਵਿਚ ਕਮਿਸ਼ਨ ਮਿਲਿਆ ਅਤੇ ਉਨ੍ਹਾਂ ਨੇ ਕਈ ਅਹੁਦਿਆਂ ਉੱਤੇ ਕੰਮ ਕੀਤਾ। ਸ. ਜਗਜੀਤ ਸਿੰਘ ਅਰੋੜਾ ਨੇ ੧੯੬੯ ਵਿਚ ਸੈਨਾ ਦੇ ਮੁਖੀ ਜਨਰਲ ਮਾਣਕਸ਼ਾਹ ਤੋਂ ਪੂਰਬੀ ਕਮਾਂਡ ਦਾ ਚਾਰਜ ਲਿਆ। ਬੰਗਲਾਦੇਸ਼ ਵਿਚ ਕੀਤੇ ਗਏ ਸਫਲ ਤੂਫ਼ਾਨੀ ਹਮਲੇ ਦਾ ਸਿਹਰਾ ਜਨਰਲ ਜਗਜੀਤ ਸਿੰਘ ਦੇ ਸਿਰ ਬੱਝਦਾ ਸੀ। ਇਸ ਤਰ੍ਹਾਂ ਸ. ਜਗਜੀਤ ਸਿੰਘ ਨੂੰ ਬੰਗਲਾਦੇਸ਼ ਆਜ਼ਾਦ ਕਰਾਉਣ ਵਾਲਾ ਨਾਇਕ ਆਖਿਆ ਜਾ ਸਕਦਾ ਹੈ। ਭਾਵੇਂ ਬੰਗਲਾਦੇਸ਼ ਦੀ ਆਜ਼ਾਦੀ ਦੀ ਲੜਾਈ ਮੁਕਤੀ ਵਾਹਿਨੀ ਤੇ ਉਥੋਂ ਦੇ ਰਾਜਸੀ ਨੇਤਾ ਲੜ ਰਹੇ ਸਨ ਪਰ ਭਾਰਤੀ ਫੌਜਾਂ ਨੂੰ ਜਿਵੇਂ ਇਸ ਆਜ਼ਾਦੀ ਦੀ ਲੜਾਈ ਵਿਚ ਸ਼ਾਮਿਲ ਹੋਣਾ ਪਿਆ ਤੇ ਪਾਕਿਸਤਾਨੀ ਫੌਜ ਨਾਲ ਟੱਕਰ ਲੈਣੀ ਪਈ, ਉਸ ਦੀ ਸਾਰੀ ਯੋਜਨਾ ਅਤੇ ਜਿੱਤ ਦਾ ਸਿਹਰਾ ਸ. ਜਗਜੀਤ ਸਿੰਘ ਅਰੋੜਾ ਦੇ ਸਿਰ ਹੀ ਬੱਝਦਾ ਹੈ। ਸ. ਅਰੋੜਾ ਦੀ ਅਗਵਾਈ ਵਿਚ ਭਾਰਤੀ ਫੌਜਾਂ ਨੇ ਪਾਕਿਸਤਾਨੀ ਫੌਜ ਦੇ ਅਜਿਹੇ ਦੰਦ ਖੱਟੇ ਕੀਤੇ ਅਤੇ ਪਾਕਿਸਤਾਨੀ ਫੌਜਾਂ ਨੂੰ ਇਉਂ ਘੇਰ ਲਿਆ ਕਿ ਪਾਕਿਸਤਾਨੀ ਫੌਜਾਂ ਕੋਲ ਹਥਿਆਰ ਸੁੱਟ ਕੇ ਆਤਮ-ਸਮਰਪਣ ਕਰਨ ਤੋਂ ਬਿਨਾਂ ਹੋਰ ਕੋਈ ਰਾਹ ਨਹੀਂ ਸੀ। ਸੋ, ਪਾਕਿਸਤਾਨ ਦੇ ਲੈਫਟੀਨੈਂਟ ਜਨਰਲ ਨਿਆਜ਼ੀ ਨੇ ਆਪਣੇ ੯੩,੦੦੦ ਫੌਜੀਆਂ ਸਮੇਤ ੧੬ ਦਸੰਬਰ, ੧੯੭੧ ਨੂੰ ਸ਼ਾਮ ਦੇ ੪ ਵੱਜ ਕੇ ੫੧ ਮਿੰਟ 'ਤੇ ਜਨਰਲ ਜਗਜੀਤ ਸਿੰਘ ਅਰੋੜਾ ਅੱਗੇ ਆਪਣੇ ਹਥਿਆਰ ਸੁੱਟ ਦਿੱਤੇ। ਜਨਰਲ ਜਗਜੀਤ ਸਿੰਘ ਅਰੋੜਾ ਦੀ ਬਹਾਦਰੀ ਦੇ ਚਰਚੇ ਸਭ ਪਾਸੇ ਹੋਣ ਲੱਗੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ੩੧ ਅਕਤੂਬਰ, ੨੦੧੭ ਨੂੰ ਜਨਰਲ ਜਗਜੀਤ ਸਿੰਘ ਅਰੋੜਾ ਦੀ ਤਸਵੀਰ ਕੇਂਦਰੀ ਸਿੱਖ ਅਜਾਇਬਘਰ ਵਿਖੇ ਲਗਾਈ ਗਈ ਹੈ।

*(੭ ਨਵੰਬਰ ੨੦੧੭ ਦੇ ਰੋਜ਼ਾਨਾ ਅਜੀਤ ਅਖ਼ਬਾਰ ਵਿਚੋਂ)*

# ਗੁਰੂ ਤੇਗ ਬਹਾਦਰ ਦੀ ਸ਼ਹਾਦਤ

-ਸ. ਦਾਨ ਸਿੰਘ ਕੋਮਲ*

ਅੱਜ ਫੇਰ ਦਿੱਲੀ ਸ਼ਹਿਰ ਵਿਚ,
ਡੌਂਡੀ ਹੈ ਪਿੱਟੀ ਜਾ ਰਹੀ ।
ਸੁਣਿਆ ਏ ਚਾਂਦਨੀ ਚੌਂਕ ਵਿਚ,
ਕਹਿਰੀ ਹਨੇਰੀ ਆ ਰਹੀ ।

ਆ ਜਾਓ ! ਜਿਸ ਨੇ ਵੇਖਣਾ,
ਅੱਜ ਕੋਤਵਾਲੀ ਸਾਹਮਣੇ ।
ਲਓ ਕਤਲ ਹੁੰਦਾ ਵੇਖ ਲੋ,
ਸਿੱਖਾਂ ਦਾ ਵਾਲੀ ਸਾਹਮਣੇ ।

ਦਿੱਲੀ ਦਾ ਦਿਲ ਹੈ ਰੋ ਰਿਹਾ.
ਸਿੱਖਾਂ ਦੇ ਦਿਲ ਪਿਆਂ ਹੌਲ ਹੈ ।
ਕਿਉਂਕਿ ਗਿਰਾਇਆ ਜਾ ਰਿਹਾ,
ਸਿੱਖ ਧਰਮ ਦਾ ਅੱਜ ਧੌਲ ਹੈ ।

ਕੁਝ ਸੁਣ ਕੇ ਕੁੜ੍ਹਦੇ ਜਾ ਰਹੇ,
ਕੁਝ ਘਰੀਂ ਮੁੜਦੇ ਜਾ ਰਹੇ ।
ਕੁਝ ਸੁਣ ਕੇ ਨੱਠੇ ਆ ਰਹੇ,
ਕੱਠੇ ਹੋ ਜੁੜਦੇ ਆ ਰਹੇ ।

ਸੀ ਭੀੜ ਏਨੀ ਵੱਧ ਗਈ,
ਇਕ ਮੇਲਾ ਜਿਹਾ ਸੀ ਲੱਗਿਆ ।
ਪਹਿਲਾਂ ਵੀ ਏਸੇ ਜਗ੍ਹਾ ਤੇ,
ਸੀ ਹੜ੍ਹ ਲਹੂ ਦਾ ਵੱਗਿਆ ।

ਓਸੇ ਹੀ ਥਾਂ ਇਕ ਸੰਤ ਨੂੰ,
ਪਿੰਜਰੇ ਚੋਂ ਆਂਦਾ ਗਿਆ ਏ ।
ਚਿਹਰੇ ਦੇ ਉਤੇ ਸਵੱਰਨ-ਚੱਕਰ,
ਜਗ-ਮਗਾਂਦਾ ਪਿਆ ਏ ।

ਇਸ਼ਨਾਨ ਕੀਤਾ ਸੂਰਮੇਂ,
ਤੇ ਬੋਹੜ ਥੱਲੇ ਬਹਿ ਗਏ ।
ਤੌਬਾ ਹੀ ਤੌਬਾ ਕਰਨ ਲੋਕੀਂ,
ਦਿਲਾਂ ਵਿਚ ਨੇ ਡਹਿ ਗਏ ।

ਔਹ ਹੱਟਾ ਕੱਟਾ ਆ ਗਿਆ,
"ਜਲਾਲ ਦੀਨ" ਜੱਲਾਦ ਹੈ ।
ਜਿਸ ਹੱਥ ਤਿੱਖੀ ਧਾਰ ਦਾ,
ਇਕ ਚਮਕਦਾ ਫੌਲਾਦ ਹੈ ।

ਔਹ ਕਾਜ਼ੀ "ਵਹਾਬ ਉੱਲਾ",
ਆ ਖੜ ਗਿਆ ਵਿਚਕਾਰ ਹੈ ।

ਤੇ ਫਤਵਾ ਪੜ੍ਹਨ ਦੇ ਵਾਸਤੇ,
ਉਹ ਹੋ ਗਿਆ ਤਈਆਰ ਹੈ ।

ਓਹ ਪੁੱਛਦਾ ਏ ਗੁਰਾਂ ਨੂੰ,
"ਕਿਉਂ ਦੁੱਖੜੇ ਹੋ ਸਹਿ ਰਹੇ !
ਹੂਰਾਂ ਤੇ ਜਨਤ ਛੱਡ ਕੇ,
ਕਿਉਂ ਮੌਤ ਮੁੱਲ ਹੋ ਲੈ ਰਹੇ !

ਮੰਨ ਲੋ ਜੇ ਦੀਨ-ਮੁਹੰਮਦੀ,
ਜੱਨਤ ਪੁਚਾਏ ਜਾਓਗੇ ।
ਨਹੀਂ ਤਾਂ ਹੈ ਮੌਤ ਸਾਹਮਣੇ,
ਹੁਣੇਂ ਹੀ ਮੁਕਾਏ ਜਾਓਗੇ ।"

ਕਹਿੰਦੇ ਗੁਰੂ ਜੀ "ਗੱਲ ਤੂੰ,
ਮਗਰੋਂ ਜੋ ਆਖੀ ਠੀਕ ਹੈ ।
ਸਾਨੂੰ ਉਹੋ ਮਨਜ਼ੂਰ ਹੈ,
ਪੱਥਰ ਦੇ ਉੱਤੇ ਲੀਕ ਹੈ ।"

ਚੱਲ ਜੱਲਾਦਾ! ਤਿਆਰ ਹੋ,
ਕਰ ਆਪਣੇ ਤੂੰ ਕੰਮ ਨੂੰ ।
ਜੋ ਗ੍ਰਾਹਕ ਸਾਡੇ ਚੰਮ ਦਾ,
ਕਹਿ ਦੇ ਉਹ ਸਾਂਭੇ ਚੰਮ ਨੂੰ,

ਓਹ ਸ਼ਹਿਨਸ਼ਾਹ ਔਰੰਗਜ਼ੇਬ,
ਜੋ ਆਦਮੀ ਖ਼ੂੰਖਾਰ ਹੈ ।
ਲਖਾਂ ਬਿਦੋਸ਼ੇ ਜੀਆਂ ਦਾ,
ਸਿਰ ਜਿਸਦੇ ਲਹੂ ਸਵਾਰ ਹੈ ।

ਇਹ ਸਿਰ ਝੁਕੇ ਜਦ ਰੱਬ ਨੂੰ,
ਤੂੰ ਲਾਹ ਮਿਰਾ ਇਹ ਸਿਰ ਲਵੀਂ ।
ਮੈਂ ਕਾਰ ਆਪਣੀ ਕਰਾਂਗਾ,
ਤੂੰ ਕਾਰ ਆਪਣੀ ਕਰ ਲਵੀਂ ।"

ਹੈਂ ਸ਼ੁਰੂ ਕੀਤਾ 'ਜਪੁਜੀ',
ਤੇ ਭੋਗ ਪਾਇਆ ਸਤਿਗੁਰਾਂ ।
ਫਿਰ ਆਖ ਕੇ ਧੰਨ ਵਾਹਿਗੁਰੂ,
ਸਿਰ ਨੂੰ ਨਿਵਾਇਆ ਸਤਿਗੁਰਾਂ ।

'ਤੇਗ' ਤੇ ਔਹ ਤੇਗ ਚੱਲੀ,
ਵੇਖਦਾ ਪਿਆ ਜੱਗ ਹੈ ।
ਔਰ ਸਿਰ ਪਿਆ ਹੈ ਵੱਖਰਾ,
ਔਹ ਧੜ ਪਿਆ ਅਲੱਗ ਹੈ ।

ਏਧਰ ਇਸ ਖਾਕੀ ਫਰਸ਼ ਤੇ,
ਸਾਰੇ ਹੀ ਹੈ ਹੈ ਹੋ ਗਈ ।
ਉਧਰ ਉਸ ਨੀਲੇ ਅਰਸ਼ ਤੇ,
'ਕੋਮਲ' ਜੀ ਜੈ ਜੈ ਹੋ ਗਈ ।

'ਵਿਰਸਾ ਖਾਲਸੇ ਦਾ' ਪੁਸਤਕ ਵਿਚੋਂ ■

# ਖ਼ਬਰਨਾਮਾ

## ਸ੍ਰੀ ਨਨਕਾਣਾ ਸਾਹਿਬ ਵਿਖੇ ਸਿੱਖ ਅਜਾਇਬ ਘਰ ਬਣਾਇਆ ਜਾਵੇਗਾ -ਪ੍ਰੋ: ਕਿਰਪਾਲ ਸਿੰਘ ਬਡੂੰਗਰ

## ਸ੍ਰੀ ਨਨਕਾਣਾ ਸਾਹਿਬ ਵਿਖੇ ਹੀ ਭਾਈ ਮਰਦਾਨਾ ਜੀ ਦੇ ਨਾਮ 'ਤੇ ਗੁਰਬਾਣੀ ਸੰਗੀਤ ਅਕੈਡਮੀ ਸਥਾਪਤ ਕਰਨ ਨੂੰ ਪ੍ਰਵਾਨਗੀ

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਲਏ ਅਹਿਮ ਫੈਸਲੇ

ਫਤਹਿਗੜ੍ਹ ਸਾਹਿਬ, - ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਹੋਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਨੇ ਅੱਜ ਅਹਿਮ ਫੈਸਲੇ ਕਰਦਿਆਂ ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਵਿਖੇ ਸਿੱਖ ਅਜਾਇਬ ਘਰ ਬਣਾਉਣ ਦਾ ਫੈਸਲਾ ਕੀਤਾ ਉਥੇ ਹੀ ਸ੍ਰੀ ਨਨਕਾਣਾ ਸਾਹਿਬ ਵਿਖੇ ਬੱਚਿਆਂ ਨੂੰ ਗੁਰਮਤਿ ਸੰਗੀਤ ਦੀ ਸਿਖਲਾਈ ਦੇਣ ਲਈ ਭਾਈ ਮਰਦਾਨਾ ਜੀ ਦੇ ਨਾਮ 'ਤੇ ਗੁਰਬਾਣੀ ਸੰਗੀਤ ਅਕੈਡਮੀ ਸਥਾਪਤ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ। ਇਸ ਤੋਂ ਇਲਾਵਾ ਜੂਨ ੧੯੮੪ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਫੌਜੀ ਹਮਲੇ ਦੌਰਾਨ ਸ਼ਹੀਦ ਹੋਏ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਪ੍ਰਤੀ ਮੰਦਭਾਸ਼ਾ ਲਿਖਣ ਵਾਲੇ ਲੇਖਕ ਕੁਲਦੀਪ ਨਈਅਰ ਦਾ ਸਨਮਾਨ ਵਾਪਸ ਲੈਣ ਦਾ ਵੀ ਫੈਸਲਾ ਕੀਤਾ ਗਿਆ। ਮੀਟਿੰਗ ਦੀ ਅਰੰਭਤਾ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਹਰਪਾਲ ਸਿੰਘ ਵੱਲੋਂ ਕੀਤੀ ਅਰਦਾਸ ਨਾਲ ਹੋਈ।

ਇਕੱਤਰਤਾ ਤੋਂ ਬਾਅਦ ਪ੍ਰੈਸ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਲਏ ਗਏ ਫੈਸਲਿਆਂ ਸਬੰਧੀ ਦੱਸਿਆ ਕਿ ੨੦੧੯ ਵਿਚ ਆ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਕੌਮਾਂਤਰੀ ਪੱਧਰ 'ਤੇ ਮਨਾਉਣ ਲਈ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ ਅਤੇ ਇਸ ਵਾਰ ੪ ਨਵੰਬਰ ੨੦੧੭ ਨੂੰ ਆ ਰਹੇ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਕਵੀ ਦਰਬਾਰ, ਕੀਰਤਨ ਦਰਬਾਰ ਅਤੇ ਢਾਡੀ ਦਰਬਾਰ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਨਨਕਾਣਾ ਸਾਹਿਬ ਵਿਖੇ ਇੱਕ ਵਿਸ਼ਾਲ ਸਿੱਖ ਅਜਾਇਬ ਘਰ ਸਥਾਪਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਨਨਕਾਣਾ ਸਾਹਿਬ ਵਿਖੇ ਹੀ ਗੁਰਬਾਣੀ ਸੰਗੀਤ ਅਕੈਡਮੀ ਖੋਲ੍ਹੀ ਜਾਵੇਗੀ। ਇਸਦੇ ਨਾਲ ਹੀ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਵਿਖੇ ਨਿਤਨੇਮ ਦੀਆਂ ਬਾਣੀਆਂ, ਸੁਖਮਨੀ ਸਾਹਿਬ ਦੇ ਗੁਟਕਾ ਸਾਹਿਬ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਟੀਕ ਦੇ ਨਾਲ ਹੀ ਤਬਲਾ, ਹਾਰਮੋਨੀਅਮ ਸਮੇਤ ਸੰਗੀਤ ਦਾ ਹੋਰ ਸਾਜ਼ੋ-ਸਮਾਨ ਦਿੱਤਾ ਜਾਵੇਗਾ ਅਤੇ ਇਸਦੀ ਆਗਿਆ ਸਬੰਧੀ ਪ੍ਰਕਿਰਿਆ ਨੂੰ ਸਰਲ ਬਣਾਉਂਦਿਆਂ ਅਧਿਕਾਰ ਸ਼੍ਰੋਮਣੀ ਕਮੇਟੀ ਦੇ ਸਕੱਤਰ ਨੂੰ ਦੇ ਦਿੱਤੇ ਗਏ ਹਨ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਰਾਏ ਬੁਲਾਰ ਜੀ ਦੇ ਨਾਮ 'ਤੇ ਇੱਕ ਲਾਇਬ੍ਰੇਰੀ ਬਣਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਰਾਏ ਬੁਲਾਰ ਜੀ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਉਣ ਸਮੇਂ ਉਨ੍ਹਾਂ ਦੇ ਪਰਿਵਾਰ ਨੂੰ ਵੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਆਉਣ ਲਈ ਸੱਦਾ ਦਿੱਤਾ ਜਾਵੇਗਾ।

ਪ੍ਰੋ: ਬਡੂੰਗਰ ਨੇ ਅੱਗੇ ਦੱਸਿਆ ਕਿ ਜੂਨ ੧੯੮੪ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਉਪਰ ਸਮੇਂ ਦੀ ਕੇਂਦਰੀ ਹਕੂਮਤ ਵੱਲੋਂ ਕੀਤੇ ਗਏ ਫੌਜੀ ਹਮਲੇ ਦੌਰਾਨ ਸ਼ਹੀਦ ਹੋਏ ਸੰਤ ਗਿਆਨੀ

*(ਬਾਕੀ ਪੰਨਾ ੫੧ 'ਤੇ)*



ਸੰਤ ਗਿਆਨੀ ਕਰਤਾਰ ਸਿੰਘ ਖ਼ਾਲਸਾ ਦੀ ਯਾਦ ਵਿਚ ਕਰਵਾਏ ਗਏ ਸੈਮੀਨਾਰ ਦੌਰਾਨ ਸੰਬੋਧਨ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਗਿਆਨੀ ਜਸਵੰਤ ਸਿੰਘ, ਭਾਈ ਮਨਜੀਤ ਸਿੰਘ, ਪ੍ਰਿੰਸੀਪਲ ਸਤਵੰਤ ਕੌਰ, ਡਾ. ਇੰਦਰਜੀਤ ਸਿੰਘ ਗੋਗੋਆਣੀ ਅਤੇ ਹਾਜ਼ਰ ਸੰਗਤਾਂ ਦਾ ਇਕੱਠ।

(ਹੇਠਾਂ) ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੂੰ ਸਨਮਾਨਿਤ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ, ਮੈਂਬਰ ਸ਼੍ਰੋਮਣੀ ਕਮੇਟੀ ਭਾਈ ਮਨਜੀਤ ਸਿੰਘ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਬਲਵਿੰਦਰ ਸਿੰਘ ਵੇਈਂਪੂਈਂ ਤੇ ਸ. ਗੁਰਬਚਨ ਸਿੰਘ ਕਰਮੂਵਾਲਾ। (20 ਅਕਤੂਬਰ 2017)




ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਨੂੰ ਸਿਰੋਪਾਓ, ਲੋਈ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕਰਦੇ ਹੋਏ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸਕੱਤਰ ਡਾ. ਰੂਪ ਸਿੰਘ, ਮੈਨੇਜਰ ਸੁਲੱਖਣ ਸਿੰਘ ਭੰਗਾਲੀ ਅਤੇ ਹੋਰ। (10 ਅਕਤੂਬਰ 2017)



ਇਫਕੋ ਵੱਲੋਂ ਦੀਵਾਰ ਘੜੀਆਂ ਦੀ ਸੇਵਾ ਕਰਨ 'ਤੇ ਕੰਪਨੀ ਅਧਿਕਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਮਨਾਵਾਂ, ਸ. ਦਿਲਜੀਤ ਸਿੰਘ ਬੇਦੀ ਅਤੇ ਹੋਰ। (17 ਅਕਤੂਬਰ 2017)



ਸ੍ਰੀ ਗੁਰੂ ਗੋਬਿੰਦ ਸਿੰਘ ਤ੍ਰੈ ਸ਼ਤਾਬਦੀ ਖਾਲਸਾ ਕਾਲਜ ਵਿਖੇ ਮਾਤਾ ਸਾਹਿਬ ਕੌਰ ਪਾਰਕ ਦਾ ਉਦਘਾਟਨ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਸ਼੍ਰੋਮਣੀ ਕਮੇਟੀ ਅਹੁਦੇਦਾਰ, ਮੈਂਬਰ ਤੇ ਅਧਿਕਾਰੀ।

(30 ਅਕਤੂਬਰ 2017)



ਸ੍ਰੀ ਗੁਰੂ ਗੋਬਿੰਦ ਸਿੰਘ ਤ੍ਰੈ-ਸ਼ਤਾਬਦੀ ਕਾਲਜ ਵਿਖੇ ਗਏ ਸਮਾਗਮ ਮੌਕੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਸਨਮਾਨਿਤ ਕਰਦੇ ਹੋਏ ਭਾਈ ਰਾਮ ਸਿੰਘ, ਭਾਈ ਰਜਿੰਦਰ ਸਿੰਘ ਮਹਿਤਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਬੀਬੀ ਕਿਰਨਜੋਤ ਕੌਰ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਅਜਾਇਬ ਸਿੰਘ ਅਭਿਆਸੀ, ਡਾ. ਰੂਪ ਸਿੰਘ ਤੇ ਸ. ਅਵਤਾਰ ਸਿੰਘ ਸੈਂਪਲਾ, ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਤੇ ਹੋਰ।

(30 ਅਕਤੂਬਰ 2017)



ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਵਿਖੇ ਸਾਇੰਸ ਬਲਾਕ ਦਾ ਰਸਮੀ ਉਦਘਾਟਨ ਕਰਦੇ ਹੋਏ
ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਬਾਬਾ ਬੂਟਾ ਸਿੰਘ ਅਤੇ ਹੋਰ।
(21 ਅਕਤੂਬਰ 2017)




ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਸਨਮਾਨਿਤ ਕਰਦੇ ਹੋਏ ਕਾਲਜ ਦੀ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਅਤੇ ਸਟਾਫ ਮੈਂਬਰ।
ਨਾਲ ਹਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਬਾਬਾ ਬੂਟਾ ਸਿੰਘ, ਸ. ਗੁਰਮੇਲ ਸਿੰਘ ਸੰਗਤਪੁਰਾ,
ਬੀਬੀ ਜੋਗਿੰਦਰ ਕੌਰ, ਸ. ਸੁਰਜੀਤ ਸਿੰਘ ਕਾਲਾਬੂਲਾ ਅਤੇ ਹੋਰ।
(21 ਅਕਤੂਬਰ 2017)



ਪ੍ਰੋ: ਕ੍ਰਿਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁ: ਪ੍ਰ: ਕਮੇਟੀ ਬਾਬਾ ਬੰਦਾ ਸਿੰਘ ਬਹਾਦਰ ਐਜੂਕੇਸ਼ਨ ਟਰੱਸਟ ਦੇ ਨਵ-ਨਿਯੁਕਤ ਮੈਂਬਰ ਸਕੱਤਰ ਅਵਤਾਰ ਸਿੰਘ ਸੈਂਪਲਾ ਨੂੰ ਕੁਰਸੀ ਤੇ ਬਿਠਾਉਂਦੇ ਹੋਏ।

(9 ਅਕਤੂਬਰ)



ਲੁੱਟ ਖੋਹ ਦਾ ਸ਼ਿਕਾਰ ਹੋਈ ਬੀਬੀ ਸਰਬਜੀਤ ਕੌਰ ਨੂੰ ਸਹਾਇਤਾ ਰਾਸ਼ੀ ਦਾ ਚੈਕ ਦਿੰਦੇ ਹੋਏ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ, ਮੈਨੇਜਰ ਸ. ਸੁਲੱਖਣ ਸਿੰਘ ਅਤੇ ਹੋਰ।

(12 ਅਕਤੂਬਰ 2017)



ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਬਾਬਾ ਭਜਨ ਸਿੰਘ ਭਲਵਾਨ, ਬਾਬਾ ਸੁਖਵਿੰਦਰ ਸਿੰਘ, ਬਾਬਾ ਧਰਮਜੀਤ ਸਿੰਘ, ਸ਼੍ਰੋਮਣੀ ਕਮੇਟੀ ਸਕੱਤਰ ਡਾ. ਰੂਪ ਸਿੰਘ, ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ ਸਮੇਤ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੁਲਾਜ਼ਮਾਂ ਨੂੰ ਸਨਮਾਨਿਤ ਕਰਨ ਸਮੇਂ।

20 ਅਕਤੂਬਰ



ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸ. ਗੁਰਮੀਤ ਸਿੰਘ ਬੂਹ ਦੀ ਅਗਵਾਈ ਵਿਚ ਜੱਥਾ ਰਵਾਨਾ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ, ਸ. ਮਨਜੀਤ ਸਿੰਘ, ਸ. ਸੁਖਦੇਵ ਸਿੰਘ ਭੂਰਾਕੋਹਨਾ ਅਤੇ ਹੋਰ। (2 ਨਵੰਬਰ 2017)



ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 548ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੈਮੀਨਾਰ ਦੌਰਾਨ ਸੰਬੋਧਨ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਭਾਈ ਅਮਰਜੀਤ ਸਿੰਘ ਚਾਵਲਾ, ਡਾ. ਰੂਪ ਸਿੰਘ, ਸੰਤ ਬਲਬੀਰ ਸਿੰਘ ਸੀਚੇਵਾਲ, ਬਾਬਾ ਸੇਵਾ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਕਸ਼ਮੀਰ ਸਿੰਘ, ਡਾ. ਸੁਖਦਰਸ਼ਨ ਸਿੰਘ ਖਹਿਰਾ ਤੇ ਡਾ. ਰਜਿੰਦਰ ਕੌਰ ਅਤੇ ਹਾਜ਼ਰ ਵੱਖ-ਵੱਖ ਸਕੂਲਾਂ ਦੇ ਅਧਿਆਪਕ ਤੇ ਵਿਦਿਆਰਥੀ।

(ਹੇਠਾਂ) ਸੈਮੀਨਾਰ ਉਪਰੰਤ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਸਨਮਾਨਿਤ ਕਰਦੇ ਹੋਏ ਸ. ਬਲਦੇਵ ਸਿੰਘ ਕਾਇਮਪੁਰ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸਤਪਾਲ ਸਿੰਘ ਤਲਵੰਡੀ, ਡਾ. ਰੂਪ ਸਿੰਘ ਤੇ ਹੋਰ। (2 ਨਵੰਬਰ 2017)



ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡ ਐਨੋਕੋਟ (ਗੁਰਦਾਸਪੁਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤ ਅਭਿਲਾਖੀ ਸੰਗਤਾਂ ਨਾਲ ਪੰਜ ਪਿਆਰੇ ਸਾਹਿਬਾਨ, ਭਾਈ ਬਲਵੰਤ ਸਿੰਘ ਐਨੋਕੋਟ ਪ੍ਰਚਾਰਕ ਅਤੇ ਹੋਰ।



ਸੇਵਾ ਮੁਕਤ ਹੋਣ ਸਮੇਂ ਸ. ਜਸਵਿੰਦਰ ਸਿੰਘ ਦੀਪ ਨੂੰ ਸਨਮਾਨਿਤ ਕਰਦੇ ਹੋਏ ਸ. ਮਨਜੀਤ ਸਿੰਘ, ਸ. ਕੇਵਲ ਸਿੰਘ, ਸ. ਦਿਲਜੀਤ ਸਿੰਘ ਬੇਦੀ, ਸ. ਪ੍ਰਤਾਪ ਸਿੰਘ ਤੇ ਹੋਰ।

(ਪੰਨਾ ੪੨ ਦਾ ਬਾਕੀ)

ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਬਾਰੇ ਆਪਣੇ ਲੇਖ ਵਿਚ ਭੱਦੀ ਸ਼ਬਦਾਵਲੀ ਵਰਤ ਕੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੇ ਲੇਖਕ ਕੁਲਦੀਪ ਨਈਅਰ ਪਾਸੋਂ ਸਨਮਾਨ ਵਾਪਸ ਲੈਣ ਦਾ ਵੀ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕੁਲਦੀਪ ਨਈਅਰ ਵੱਲੋਂ ਵਰਤੀ ਗਈ ਸ਼ਬਦਾਵਲੀ ਕਾਰਨ ਸਿੱਖ ਜਗਤ ਵਿਚ ਰੋਸ ਦੀ ਭਾਵਨਾ ਪਾਈ ਜਾ ਰਹੀ ਸੀ, ਜਿਸ ਦੇ ਮੱਦੇਨਜ਼ਰ ਉਸ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਦਿੱਤਾ ਸ਼੍ਰੋਮਣੀ ਪੱਤਰਕਾਰ ਦਾ ਸਨਮਾਨ ਵਾਪਸ ਲੈਣ ਦਾ ਅੰਤ੍ਰਿੰਗ ਕਮੇਟੀ ਨੇ ਫੈਸਲਾ ਲਿਆ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ੧੯੭੧ ਦੀ ਜੰਗ ਵਿਚ ਬਹਾਦਰੀ ਨਾਲ ਲੜਨ ਵਾਲੇ ਸਿੱਖ ਫੌਜੀ ਅਫਸਰ ਜਨਰਲ ਜਗਜੀਤ ਸਿੰਘ ਅਰੋੜਾ ਅਤੇ ਮਾਲਵੇ ਦਾ ਇਤਿਹਾਸ ਲਿਖਣ ਵਾਲੇ ਬਾਬਾ ਵਿਸਾਖਾ ਸਿੰਘ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਈਆਂ ਜਾਣਗੀਆਂ। ਇਸ ਦੇ ਨਾਲ ਹੀ ਅੰਤ੍ਰਿੰਗ ਕਮੇਟੀ ਵੱਲੋਂ ਸਿੱਖ ਕੌਮ ਦੀਆਂ ਦੋ ਮਹਾਨ ਸ਼ਖਸੀਅਤਾਂ ਬਾਬਾ ਬੀਰ ਸਿੰਘ ਨੌਰੰਗਾਬਾਦੀ ਅਤੇ ਬਾਬਾ ਮਹਾਰਾਜ ਸਿੰਘ ਦੀ ਯਾਦ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਮਨਾਈ ਜਾਵੇਗੀ।

ਪ੍ਰੋ: ਬਡੂੰਗਰ ਨੇ ਕਿਹਾ ਕਿ ਮਨੁੱਖਤਾ ਨੂੰ ਅਧਿਆਤਮਕ ਅਗਵਾਈ ਦੇਣ ਵਾਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਦੀ ਤਾਦਾਦ ਵਿਚ ਸੰਗਤਾਂ ਆਪਣੀ ਆਸਥਾ ਲੈ ਕੇ ਪੁੱਜਦੀਆਂ ਹਨ ਪਰ ਦੁੱਖ ਦੀ ਗੱਲ ਹੈ ਕਿ ਪ੍ਰਸ਼ਾਸਨ ਦੀ ਢਿੱਲ ਕਾਰਨ ਸ਼ਰਧਾਲੂਆਂ ਨਾਲ ਲੁੱਟ ਖੋਹ ਦੀਆਂ ਘਟਨਾਵਾਂ ਅਕਸਰ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਟਾਟਾ ਨਗਰ ਤੋਂ ਦਰਸ਼ਨ ਕਰਨ ਪਹੁੰਚੇ ਇੱਕ ਪਰਿਵਾਰ ਨਾਲ ਵੀ ਅਜਿਹੀ ਘਟਨਾ ਵਾਪਰੀ ਹੈ ਜਿਸ ਵਿਚ ਬੀਬੀ ਸਰਬਜੀਤ ਕੌਰ ਨੂੰ ਸੱਟਾਂ ਵੀ ਲੱਗੀਆਂ ਹਨ, ਉਸਦੀ ਸਹਾਇਤਾ ਲਈ ਇੱਕ ਲੱਖ ਰੁਪਏ ਦੀ ਸਹਾਇਤਾ ਪ੍ਰਵਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਡੀ.ਜੀ.ਪੀ. ਪੰਜਾਬ ਨੂੰ ਇੱਕ ਪੱਤਰ ਲਿਖਿਆ ਜਾਵੇਗਾ। ਇਕੱਤਰਤਾ ਦੌਰਾਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਅਤੇ ਕੀਤੇ ਗਏ ਵਿਸ਼ਾਲ ਪ੍ਰਬੰਧਾਂ ਲਈ ਇੱਕ ਸ਼ਲਾਘਾ ਮਤਾ ਵੀ ਪਾਸ ਕੀਤਾ ਗਿਆ।

ਇਕੱਤਰਤਾ ਵਿਚ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ, ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ, ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਗੁਰਮੇਲ ਸਿੰਘ ਸੰਗਤਪੁਰਾ, ਭਾਈ ਰਾਮ ਸਿੰਘ, ਸ. ਕੁਲਵੰਤ ਸਿੰਘ ਮੰਨਣ, ਸ. ਨਿਰਮਲ ਸਿੰਘ ਹਰਿਆਓ, ਸ. ਸਤਪਾਲ ਸਿੰਘ ਤਲਵੰਡੀ ਭਾਈ, ਬੀਬੀ ਜੋਗਿੰਦਰ ਕੌਰ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਸੁਰਜੀਤ ਸਿੰਘ ਕਾਲਾਬੂਲਾ, ਸਕੱਤਰ ਡਾ. ਰੂਪ ਸਿੰਘ, ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਐਡੀਸ਼ਨਲ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਕੇਵਲ ਸਿੰਘ, ਸ. ਬਿਜੈ ਸਿੰਘ, ਤੇ ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਚਾਨਣ ਸਿੰਘ, ਸ. ਭਗਵੰਤ ਸਿੰਘ ਧੰਗੇੜਾ ਨਿੱਜੀ ਸਹਾਇਕ, ਸ. ਗੁਰਦੀਪ ਸਿੰਘ ਕੰਗ, ਸ. ਬਲਵਿੰਦਰ ਸਿੰਘ ਭਮਾਰਸੀ, ਸ. ਗੁਰਪ੍ਰੀਤ ਸਿੰਘ ਰੋਡੇ ਮੈਨੇਜਰ, ਸ. ਪਰਮਦੀਪ ਸਿੰਘ, ਸ. ਗੁਰਨਾਮ ਸਿੰਘ ਤੇ ਸ. ਸੁਰਿੰਦਰ ਸਿੰਘ ਇੰਚਾਰਜ ਆਦਿ ਹਾਜ਼ਰ ਸਨ। ੧੦ ਅਕਤੂਬਰ

## ਸਿੱਖ ਕੌਮ ਅਤੇ ਸਮਾਜ ਨੂੰ ਦਰਪੇਸ਼ ਚੁਣੌਤੀਆਂ ਤੇ ਸਮੱਸਿਆਵਾਂ ਦੇ ਹੱਲ ਲਈ ਨੌਜੁਆਨ ਸਿੱਖ ਸਕਾਲਰ ਅੱਗੇ ਆਉਣ -ਪ੍ਰੋ: ਬਡੂੰਗਰ

ਫਤਹਿਗੜ੍ਹ ਸਾਹਿਬ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਣਾਈ ਗਈ ਸਿੱਖ ਨੌਜੁਆਨ ਬੁੱਧੀਜੀਵੀ ਕਮੇਟੀ ਦੀ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਹੋਈ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅਜੋਕੇ ਸਮੇਂ ਸਿੱਖ ਕੌਮ ਅਤੇ ਸਮਾਜ ਨੂੰ ਦਰਪੇਸ਼ ਚੁਣੌਤੀਆਂ ਤੇ ਸਮੱਸਿਆਵਾਂ ਦੇ ਹੱਲ ਲਈ ਸਿੱਖ ਸਕਾਲਰ ਅੱਗੇ ਆਉਣ ਅਤੇ ਇਨ੍ਹਾਂ ਸਮੱਸਿਆਵਾਂ ਦੀ ਨਿਸ਼ਾਨਦੇਹੀ ਕਰਕੇ ਗੁਰਮਤਿ ਦੀ ਰੌਸ਼ਨੀ ਵਿਚ ਹੱਲ ਸੁਝਾਉਣ ਦੀ ਪਹਿਲਕਦਮੀ ਕਰਨ। ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ-ਨਾਲ ਕੌਮੀ ਸਮੱਸਿਆਵਾਂ ਵੀ

ਬਦਲੀਆਂ ਹਨ ਅਤੇ ਵਰਤਮਾਨ ਸਮੱਸਿਆਵਾਂ ਨੂੰ ਕੌਮ ਦੇ ਅੱਜ ਦੀ ਪੀੜੀ ਦੇ ਚਿੰਤਕਾਂ ਨੂੰ ਬੇਹਤਰ ਢੰਗ ਨਾਲ ਸਮਝਦਿਆਂ ਹੋਇਆਂ ਆਪਣੀ ਸਾਰਥਕ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖੀ ਦੇ ਪ੍ਰਚਾਰ ਵਿਚ ਕੋਈ ਕਮੀ ਨਹੀਂ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਸਾਧਨਾਂ ਦੁਆਰਾ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਵੱਡੇ ਯਤਨ ਕੀਤੇ ਗਏ ਹਨ। ਪ੍ਰੋ. ਬਡੂੰਗਰ ਨੇ ਕਿਹਾ ਕਿ ਦੂਸਰੇ ਪਾਸੇ ਅਕਾਦਮਿਕ ਪੱਖ ਤੋਂ ਗੁਰਮਤਿ ਦੇ ਪ੍ਰਚਾਰ ਲਈ ਨੌਜੁਆਨ ਸਿੱਖ ਸਕਾਲਰਾਂ ਨੂੰ ਵੀ ਗੁਰਮਤਿ ਫਲਸਫੇ ਦੇ ਪ੍ਰਚਾਰ ਦੇ ਨਾਲ ਨਾਲ ਵਰਤਮਾਨ ਸਮਾਜਕ ਚੁਣੌਤੀਆਂ ਨੂੰ ਉਭਾਰਨਾ ਚਾਹੀਦਾ ਹੈ। ਪ੍ਰੋ: ਬਡੂੰਗਰ ਨੇ ਨਸ਼ੇ, ਪਤਿਤਪੁਣਾ, ਵਾਤਾਵਰਣ ਪ੍ਰਦੂਸ਼ਣ, ਵਿਆਹਾਂ ਉਪਰ ਹੁੰਦੀ ਫਜ਼ੂਲ ਖਰਚੀ, ਖੁਦਕੁਸ਼ੀਆਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਬੁੱਧੀਜੀਵੀਆਂ ਨੂੰ ਆਪਣੀਆਂ ਲਿਖਤਾਂ ਰਾਹੀਂ ਸਮਾਜ ਵਿਚ ਜਾਗਰੂਕਤਾ ਪੈਦਾ ਕਰਨ ਲਈ ਪ੍ਰੇਰਿਆ। ਉਨ੍ਹਾਂ ਇਹ ਵੀ ਕਿਹਾ ਕਿ ਵਿਸ਼ਵ ਪ੍ਰਸੰਗ ਵਿਚ ਸਿੱਖਾਂ ਦਾ ਸਥਾਨ ਹੋਰ ਬੇਹਤਰ ਕਿਵੇਂ ਹੋ ਸਕਦਾ ਹੈ ਇਸ ਸਬੰਧੀ ਵੀ ਸਕਾਲਰ ਆਪਣੇ ਵਿਚਾਰ ਪੇਸ਼ ਕਰਨ।

ਇਸ ਸਮੇਂ ਡਾ. ਪ੍ਰਭਜੋਤ ਕੌਰ ਚੰਡੀਗੜ੍ਹ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਕੌਮ ਦੇ ਨੌਜੁਆਨ ਸਕਾਲਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਮੌਜੂਦਾ ਚੁਣੌਤੀਆਂ ਤੇ ਸਮੱਸਿਆਵਾਂ ਦਾ ਮੰਥਨ ਕਰਨਾ ਸਮੇਂ ਦੀ ਮੁੱਖ ਲੋੜ ਸੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਇਸ ਯਤਨ ਦੇ ਨਿਰਸੰਦੇਹ ਸਾਰਥਕ ਸਿੱਟੇ ਨਿਕਲਣਗੇ।

ਇਸ ਮੌਕੇ ਹਾਜ਼ਰ ਨੌਜੁਆਨ ਸਿੱਖ ਬੁੱਧੀਜੀਵੀਆਂ ਵਿਚੋਂ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਤੋਂ ਡਾ. ਪਰਮਜੀਤ ਕੌਰ, ਗੁਰਮਤਿ ਕਾਲਜ ਪਟਿਆਲਾ ਤੋਂ ਡਾ. ਅਸਪ੍ਰੀਤ ਕੌਰ, ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਟਿਊਟ ਬਹਾਦਰਗੜ੍ਹ ਤੋਂ ਡਾ. ਸਤਿੰਦਰ ਸਿੰਘ, ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਝਾੜ ਸਾਹਿਬ ਤੋਂ ਬੀਬੀ ਬਲਜਿੰਦਰ ਕੌਰ, ਗੁਰੂ ਨਾਨਕ ਕਾਲਜ ਬੁਢਲਾਡਾ ਤੋਂ ਸ. ਲਖਵਿੰਦਰ ਸਿੰਘ, ਵਿਸ਼ਵਕਰਮਾ ਕਾਲਜ ਦਿੜ੍ਹਬਾ ਤੋਂ ਬੀਬੀ ਸੁਖਜਿੰਦਰ ਕੌਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਤੋਂ ਡਾ. ਜੋਗਿੰਦਰ ਸਿੰਘ, ਸ. ਅਮਨ ਸਿੰਘ ਤੇ ਸ. ਗੁਰਪ੍ਰਤਾਪ ਸਿੰਘ, ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦਮਦਮਾ ਸਾਹਿਬ ਤੋਂ ਡਾ. ਜਸਵੰਤ ਸਿੰਘ, ਗੁਰੂ ਕਾਸ਼ੀ ਗੁਰਮਤਿ ਇੰਸਟੀਟਿਊਟ ਤਲਵੰਡੀ ਸਾਬੋ ਤੋਂ ਡਾ. ਗੁਰਤੇਜ ਸਿੰਘ ਠੀਕਰੀਵਾਲਾ ਤੇ ਡਾ. ਦਿਲਬਰ ਸਿੰਘ ਨੇ ਜਿਥੇ ਸਿੱਖ ਕੌਮ ਨੂੰ ਦਰਪੇਸ਼ ਅਜੋਕੀਆਂ ਸਮੱਸਿਆਵਾਂ ਬਾਰੇ ਚਾਨਣਾ ਪਾਇਆ ਉਥੇ ਹੀ ਇਨ੍ਹਾਂ ਦੇ ਢੁਕਵੇਂ ਹੱਲ ਲਈ ਸੁਝਾਅ ਪੇਸ਼ ਕੀਤੇ। ਇਸ ਸਮੇਂ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੀ ਪ੍ਰੋਫੈਸਰ ਡਾ. ਕਿਰਨਦੀਪ ਕੌਰ ਨੇ ਨਿਭਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਪ੍ਰਿਤਪਾਲ ਸਿੰਘ ਤੇ ਡਾ. ਪਰਮਵੀਰ ਸਿੰਘ ਮੈਂਬਰ ਧਰਮ ਪ੍ਰਚਾਰ ਕਮੇਟੀ, ਐਡੀਸ਼ਨਲ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਡਾ. ਸੁਖਦਰਸ਼ਨ ਸਿੰਘ ਖਹਿਰਾ ਵਾਈਸ ਚਾਂਸਲਰ, ਡਾ. ਚਮਕੌਰ ਸਿੰਘ, ਡਾ. ਗੁਰਨਾਇਬ ਸਿੰਘ, ਸ. ਸਿਮਰਜੀਤ ਸਿੰਘ ਮੀਤ ਸਕੱਤਰ, ਡਾ. ਜਤਿੰਦਰ ਸਿੰਘ ਸਿੱਧੂ ਡਾਇਰੈਕਟਰ ਐਜੂਕੇਸ਼ਨ, ਸ. ਭਗਵੰਤ ਸਿੰਘ ਧੰਗੇੜਾ ਨਿੱਜੀ ਸਹਾਇਕ, ਡਾ. ਧਰਮਿੰਦਰ ਸਿੰਘ ਉਭਾ, ਪ੍ਰੋ: ਸੁਖਦੇਵ ਸਿੰਘ ਇੰਚਾਰਜ, ਡਾ. ਗੁਰਵੀਰ ਸਿੰਘ, ਡਾ. ਤੇਜਿੰਦਰਪਾਲ ਸਿੰਘ, ਡਾ. ਪਲਵਿੰਦਰ ਕੌਰ, ਡਾ. ਗੁਰਤੇਜ ਸਿੰਘ, ਡਾ. ਹਰਦੇਵ ਸਿੰਘ, ਡਾ. ਗੁਰਬਾਜ ਸਿੰਘ, ਸ. ਗੁਰਦਰਸ਼ਨ ਸਿੰਘ, ਸ. ਦਵਿੰਦਰ ਸਿੰਘ, ਸ. ਅਰਜੁਨ ਸਿੰਘ, ਸ. ਸ਼ੁਭਕਰਨ ਸਿੰਘ, ਸ. ਮਨਿੰਦਰ ਸਿੰਘ, ਬੀਬੀ ਗੁਰਪ੍ਰੀਤ ਕੌਰ ਤੇ ਸ. ਸਰਬਵੀਰ ਸਿੰਘ ਆਦਿ ਹਾਜ਼ਰ ਸਨ।੧੨ ਅਕਤੂਬਰ

# ਪ੍ਰਸਿੱਧ ਸਿੱਖ ਵਿਦਵਾਨ ਪ੍ਰੋ: ਪਿਆਰਾ ਸਿੰਘ ਪਦਮ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸੁਸ਼ੋਭਿਤ

ਅੰਮ੍ਰਿਤਸਰ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਸਿੱਧ ਸਿੱਖ ਵਿਦਵਾਨ ਪ੍ਰੋ: ਪਿਆਰਾ ਸਿੰਘ ਪਦਮ ਦੀ ਤਸਵੀਰ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸਥਾਪਤ ਕੀਤੀ ਗਈ।

ਤਸਵੀਰ ਤੋਂ ਪਰਦਾ ਹਟਾਉਣ ਦੀ ਰਸਮ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਨਿਭਾਈ। ਇਸ ਤੋਂ ਪਹਿਲਾਂ ਭਾਈ ਕਵਲਦੀਪ ਸਿੰਘ ਦੇ ਰਾਗੀ ਜੱਥੇ ਨੇ ਸੰਗਤਾਂ ਨੂੰ ਇਲਾਹੀ ਗੁਰਬਾਣੀ ਦਾ ਕੀਰਤਨ ਸਰਵਣ ਕਰਵਾਇਆ ਅਤੇ ਭਾਈ ਕੁਲਵਿੰਦਰ ਸਿੰਘ ਨੇ ਅਰਦਾਸ ਕੀਤੀ।

ਇਸ ਮੌਕੇ ਸਿੰਘ ਸਾਹਿਬ ਗਿਆਨ ਗੁਰਬਚਨ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਦੋਂ ਤੋਂ ਹੋਂਦ ਵਿਚ ਆਈ ਹੈ ਉਦੋਂ ਤੋਂ ਹੀ ਗੁਰੂ ਘਰ ਦਾ ਸੁਨੇਹਾ ਦੁਨੀਆਂ ਤਕ ਪਹੁੰਚਾਉਣ ਲਈ ਯਤਨਸ਼ੀਲ ਹੈ। ਇਸੇ ਤਹਿਤ ਸੰਗਤਾਂ ਨੂੰ ਆਪਣੇ ਵਿਰਸੇ ਅਤੇ ਕੌਮੀ ਸ਼ਖਸੀਅਤਾਂ ਦੇ ਜੀਵਨ ਤੇ ਕੌਮ ਦੀ ਪ੍ਰਫੁੱਲਤਾ ਲਈ ਪਾਏ ਯੋਗਦਾਨ ਤੋਂ ਜਾਣੂੰ ਕਰਾਉਣ ਲਈ ਉਨ੍ਹਾਂ ਦੀਆਂ ਤਸਵੀਰਾਂ ਸਮੇਂ-ਸਮੇਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਈਆਂ ਜਾਂਦੀਆਂ ਹਨ। ਉਨ੍ਹਾਂ ਪ੍ਰੋ: ਪਿਆਰਾ ਸਿੰਘ ਪਦਮ ਦੀ ਤਸਵੀਰ ਅਜਾਇਬ ਘਰ ਵਿਖੇ ਲਗਾਉਣ ਦੇ ਫੈਸਲੇ ਲਈ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੀ ਸ਼ਲਾਘਾ ਕੀਤੀ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਸਾਹਿਤਕਾਰ ਪ੍ਰੋ: ਪਿਆਰਾ ਸਿੰਘ ਪਦਮ ਦਾ ਜੀਵਨ ਗੁਰਮਤਿ ਨੂੰ ਪ੍ਰਣਾਇਆ ਹੋਇਆ ਸੀ। ਉਨ੍ਹਾਂ ਨੇ ਜਿਥੇ ਗੁਰਮਤਿ ਅਨੁਸਾਰੀ ਸਾਦਾ ਜੀਵਨ ਜੀਵਿਆ ਉਥੇ ਹੀ ਸੰਗਤਾਂ ਨੂੰ ਆਪਣੀਆਂ ਲਿਖਤਾਂ ਰਾਹੀਂ ਗੁਰਮਤਿ ਨਾਲ ਜੋੜਿਆ। ਉਨ੍ਹਾਂ ਕਿਹਾ ਕਿ ਪ੍ਰੋ: ਪਦਮ ਵੱਲੋਂ ੧੦੦ ਦੇ ਕਰੀਬ ਕਿਤਾਬਾ ਲਿਖੀਆਂ ਗਈਆਂ, ਜਿਸ ਲਈ ਉਨ੍ਹਾਂ ਨੂੰ ਵੱਖ-ਵੱਖ ਐਵਾਰਡ ਪ੍ਰਾਪਤ ਹੋਏ। ਪ੍ਰੋ: ਬਡੂੰਗਰ ਨੇ ਪ੍ਰੋ: ਪਿਆਰਾ ਸਿੰਘ ਪਦਮ ਦੀ ਕੌਮੀ ਦੇਣ ਦੀ ਪ੍ਰਸ਼ੰਸਾ ਕਰਦਿਆਂ ਐਲਾਨ ਕੀਤਾ ਕਿ ਉਨ੍ਹਾਂ ਦੀਆਂ ਲਿਖਤਾਂ 'ਤੇ ਜਲਦ ਹੀ ਇੱਕ ਵਿਸ਼ੇਸ਼ ਸੈਮੀਨਾਰ ਖਾਲਸਾ ਕਾਲਜ, ਪਟਿਆਲਾ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰੋ: ਪਦਮ ਦੇ ਨਾਮ 'ਤੇ ਕਿਸੇ ਯੋਗ ਥਾਂ ਪੁਰ ਲਾਇਬ੍ਰੇਰੀ ਸਥਾਪਤ ਕੀਤੀ ਜਾਵੇਗੀ, ਜਿਸ ਵਿਚ ਉਨ੍ਹਾਂ ਦੀਆਂ ਪ੍ਰਵਾਨਿਤ ਲਿਖਤਾਂ ਪਾਠਕਾਂ ਤਕ ਪਹੁੰਚਾਉਣ ਲਈ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਦੌਰਾਨ ਪ੍ਰੋ: ਪਿਆਰਾ ਸਿੰਘ ਪਦਮ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਸਕੱਤਰ ਡਾ. ਰੂਪ ਸਿੰਘ ਨੇ ਸਟੇਜ ਦੀ ਸੇਵਾ ਨਿਭਾਉਂਦਿਆਂ ਪ੍ਰੋ: ਪਿਆਰਾ ਸਿੰਘ ਪਦਮ ਦੇ ਜੀਵਨ ਅਤੇ ਉਨ੍ਹਾਂ ਦੀ ਦੇਣ ਸਬੰਧੀ ਸੰਖੇਪ ਵਿਚ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਪ੍ਰੋ: ਪਿਆਰਾ ਸਿੰਘ ਪਦਮ ਨੇ ਜਿਥੇ ਸਿੱਖ ਕੌਮ ਦੀ ਟਕਸਾਲ ਵਜੋਂ ਜਾਣੀ ਜਾਂਦੀ ਸੰਸਥਾ ਸ਼ਹੀਦ ਸਿੱਖ ਮਿਸ਼ਨਰੀ ਕਾਲਜ, ਸ੍ਰੀ ਅੰਮ੍ਰਿਤਸਰ ਵਿਖੇ ਬਤੌਰ ਪ੍ਰੋਫੈਸਰ ਸੇਵਾ ਨਿਭਾਉਂਦਿਆਂ ਅਨੇਕਾਂ ਮਿਸ਼ਨਰੀ ਪ੍ਰਚਾਰਕ ਤਿਆਰ ਕੀਤੇ ਉਥੇ ਹੀ ਸ਼੍ਰੋਮਣੀ ਕਮੇਟੀ ਦੇ ਮਾਸਿਕ ਮੈਗਜ਼ੀਨ ਗੁਰਮਤਿ ਪ੍ਰਕਾਸ਼ ਦੇ ਸੰਪਾਦਕ ਵਜੋਂ ਵੀ ਲੰਮਾ ਸਮਾਂ ਸ਼ਲਾਘਾਯੋਗ ਸੇਵਾ ਨਿਭਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ, ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸ. ਸੁਰਜੀਤ ਸਿੰਘ ਭਿੱਟੇਵਡ, ਮੈਂਬਰ ਸ. ਅਜਾਇਬ ਸਿੰਘ ਅਭਿਆਸੀ, ਸਕੱਤਰ ਡਾ. ਰੂਪ ਸਿੰਘ, ਸ. ਅਵਤਾਰ ਸਿੰਘ ਸੈਂਪਲਾ ਤੇ ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ ਤੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸ. ਭਗਵੰਤ ਸਿੰਘ ਧੰਗੇੜਾ ਨਿੱਜੀ ਸਹਾਇਕ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਐਡੀਸ਼ਨਲ ਮੈਨੇਜਰ ਸ. ਰਾਜਿੰਦਰ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਪ੍ਰੋ: ਪਿਆਰਾ ਸਿੰਘ ਪਦਮ ਦੇ ਪਰਿਵਾਰਕ ਮੈਂਬਰਾਂ ਵਿਚ ਸ. ਹਰਜੀਤ ਸਿੰਘ, ਸ. ਬਸੰਤ ਸਿੰਘ, ਸ. ਮ੍ਰਿਗਿੰਦ ਸਿੰਘ, ਬੀਬੀ ਜੋਤਿੰਦਰ ਕੌਰ, ਸ. ਰਾਜਨਤੇਜਬੀਰ ਸਿੰਘ ਤੇ ਡਾ. ਜਾਗੀਰ ਸਿੰਘ ਆਦਿ ਹਾਜ਼ਰ ਸਨ। ੬ ਅਕਤੂਬਰ

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਪੁੱਜੀ ਬੀਬੀ ਸਰਬਜੀਤ ਕੌਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਲੱਖ ਰੁਪਏ ਦੀ ਸਹਾਇਤਾ ਪ੍ਰਦਾਨ

ਅੰਮ੍ਰਿਤਸਰ, - ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਲਈ ਆਏ ਟਾਟਾ ਨਗਰ ਜਮਸ਼ੇਦਪੁਰ ਨਿਵਾਸੀ

ਸਰਬਜੀਤ ਕੌਰ ਅਤੇ ਉਨ੍ਹਾਂ ਦੀ ਬੇਟੀ ਨਾਲ ਹਾਲ ਬਾਜ਼ਾਰ ਵਿਖੇ ਦਿਨ ਦਿਹਾੜੇ ਵਾਪਰੀ ਲੁੱਟ ਖੋਹ ਦੀ ਘਟਨਾ ਕਾਰਨ ਬੀਬੀ ਸਰਬਜੀਤ ਕੌਰ ਦੇ ਜ਼ਖ਼ਮੀ ਹੋਣ 'ਤੇ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ। ਸਥਾਨਕ ਹਰਗੁਨ ਹਸਪਤਾਲ ਵਿਖੇ ਜ਼ੇਰੇ ਇਲਾਜ ਬੀਬੀ ਸਰਬਜੀਤ ਕੌਰ ਨੂੰ ਇਸ ਸਹਾਇਤਾ ਰਾਸ਼ੀ ਦਾ ਚੈਕ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਨੇ ਸੌਂਪਿਆ। ਦੱਸਣਯੋਗ ਹੈ ਕਿ ਗੁਰੂ ਘਰ ਵਿਖੇ ਦਰਸ਼ਨ ਕਰ ਪਹੁੰਚੇ ਇਸ ਸ਼ਰਧਾਲੂ ਪਰਿਵਾਰ ਨਾਲ ਸਥਾਨਕ ਹਾਲ ਬਾਜ਼ਾਰ ਵਿਖੇ ਕੁਝ ਲੁਟੇਰਿਆਂ ਵੱਲੋਂ ਉਨ੍ਹਾਂ ਦਾ ਪਰਸ ਖੋਹ ਲਿਆ ਗਿਆ ਸੀ, ਜਿਸ ਵਿਚ ਕੁਝ ਨਗਦੀ ਅਤੇ ਮਹਿੰਗਾ ਮੋਬਾਈਲ ਫੋਨ ਵੀ ਸੀ। ਇਸ ਘਟਨਾ ਸਮੇਂ ਲੁਟੇਰਿਆਂ ਦਾ ਵਿਰੋਧ ਕਰਦਿਆਂ ਬੀਬੀ ਸਰਬਜੀਤ ਕੌਰ ਨੂੰ ਸੱਟਾ ਲੱਗੀਆਂ ਸਨ।

ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੇ ਆਦੇਸ਼ਾਂ ਅਨੁਸਾਰ ਇਸ ਪੀੜਤ ਪਰਿਵਾਰ ਨੂੰ ਇੱਕ ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿਦੇਸ਼ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਦੀਆਂ ਸੰਗਤਾਂ ਨਾਲ ਅਜਿਹੀਆਂ ਘਟਨਾਵਾਂ ਵਾਪਰਨੀਆਂ ਚਿੰਤਾ ਦਾ ਵਿਸ਼ਾ ਹਨ, ਜਿਸ ਨੂੰ ਰੋਕਣ ਲਈ ਪੁਲਿਸ ਪ੍ਰਸ਼ਾਸਨ ਨੂੰ ਢੁੱਕਵੇਂ ਪ੍ਰਬੰਧ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਪੰਜਾਬ ਦੇ ਡਾਇਰੈਕਟਰ ਜਨਰਲ ਪੁਲਿਸ ਸ੍ਰੀ ਸੁਰੇਸ਼ ਅਰੋੜਾ ਨੂੰ ਇੱਕ ਪੱਤਰ ਵੀ ਲਿਖਿਆ ਗਿਆ ਹੈ। ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ ਦੁਆਲੇ ਪੁਲਿਸ ਦੀ ਚੌਕਸੀ ਹੋਰ ਵਧਾਉਣ ਦੀ ਮੰਗ ਕੀਤੀ ਗਈ ਹੈ।

ਇਸੇ ਦੌਰਾਨ ਡਾ. ਰੂਪ ਸਿੰਘ ਸਕੱਤਰ ਨੇ ਦੱਸਿਆ ਕਿ ਪੁਲਿਸ ਅਧਿਕਾਰੀ ਸ. ਚਰਨਜੀਤ ਸਿੰਘ ਅਨੁਸਾਰ ਅੱਜ ਘਟਨਾ ਦੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਪਾਸੋਂ ਇਕ ਮੋਬਾਈਲ ਦੀ ਬਰਾਮਦੀ ਵੀ ਹੋਈ ਹੈ। ੧੨ ਅਕਤੂਬਰ

## ਸ਼੍ਰੋਮਣੀ ਕਮੇਟੀ ਵੱਲੋਂ ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਸਨਮਾਨਿਤ

ਅੰਮ੍ਰਿਤਸਰ, -ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਵੱਲੋਂ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਿੱਖ ਕੌਮ ਦੇ ਪ੍ਰਸਿੱਧ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਦਾ ਸਨਮਾਨ ਕੀਤਾ ਗਿਆ। ਉਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ੫ ਅਕਤੂਬਰ ਤੋਂ ਲੈ ਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਰੋਜ਼ਾਨਾ ਆਏ ਹੁਕਮਨਾਮੇ ਦੀ ਕਥਾ ਨਾਲ ਜੋੜਦੇ ਆ ਰਹੇ ਸਨ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਵੱਲੋਂ ਸੰਗਤਾਂ ਨੂੰ ਗੁਰਮਤਿ ਨਾਲ ਜੋੜਨ ਦਾ ਵੱਡਮੁੱਲਾ ਕਾਰਜ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਵੱਲੋਂ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ੫ ਅਕਤੂਬਰ ਤੋਂ ਕਥਾ ਦੀ ਸੇਵਾ ਨਿਭਾਈ ਗਈ ਹੈ। ਉਨ੍ਹਾਂ ਕਿਹਾ ਕਿ ਗੁਰਮਤਿ ਪ੍ਰਚਾਰ ਖੇਤਰ ਵਿਚ ਅਹਿਮ ਯੋਗਦਾਨ ਪਾਉਣ ਵਾਲੀ ਕੌਮ ਦੀ ਇਸ ਸ਼ਖ਼ਸੀਅਤ ਦਾ ਸਿੱਖ ਜਗਤ ਅੰਦਰ ਵਿਸ਼ੇਸ਼ ਸਤਿਕਾਰ ਹੈ। ਡਾ. ਰੂਪ ਸਿੰਘ ਨੇ ਭਾਈ ਪਿੰਦਰਪਾਲ ਸਿੰਘ ਦਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਥਾ ਦੀਆਂ ਹਾਜ਼ਰੀਆਂ ਭਰਨ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਅਜਮੇਰ ਸਿੰਘ ਖੇੜਾ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਭਾਈ ਹਰਮਿੱਤਰ ਸਿੰਘ ਕਥਾਵਾਚਕ ਅਤੇ ਹੋਰ ਮੌਜੂਦ ਸਨ। ੧੩ ਅਕਤੂਬਰ

# ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਸਰਾਂ ਦਾ ਨੀਂਹ ਪੱਥਰ ਰੱਖਿਆ

ਮੋਹਾਲੀ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਅੱਜ ਇਥੇ ਗੱਲਬਾਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਮਨੁੱਖਤਾ ਦੇ ਅਧਿਆਤਮਿਕ ਅਸਥਾਨ ਹਨ ਅਤੇ ਇਥੇ ਕਿਸੇ ਨੂੰ ਵੀ ਮਾਹੌਲ ਖ਼ਰਾਬ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਉਹ ਇਥੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਬਣਨ ਵਾਲੇ ਯਾਤਰੂ ਨਿਵਾਸ ਦਾ ਨੀਂਹ ਪੱਥਰ ਰੱਖਣ ਲਈ ਪਹੁੰਚੇ ਹੋਏ ਸਨ। ਪ੍ਰੋ. ਬਡੂੰਗਰ ਨੇ ਕਿਹਾ ਕਿ ਆਪਣੇ ਆਪ ਨੂੰ ਜਥੇਦਾਰ ਅਖਵਾਉਣ ਵਾਲੇ ਇਹ ਲੋਕ ਪੰਥ ਵਿਰੋਧੀ ਕਾਰਵਾਈਆਂ ਕਰਕੇ ਸਿੱਖ ਕੌਮ ਦਾ ਅਕਸ ਖ਼ਰਾਬ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕੁੱਝ ਲੋਕਾਂ ਦਾ ਇਕੱਠ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਹੋਰ ਤਖ਼ਤ ਸਾਹਿਬਾਨ ਦੇ ਜਥੇਦਾਰ ਨਿਯੁਕਤ ਨਹੀਂ ਕਰ ਸਕਦਾ ਬਲਕਿ ਇਸ ਦੀ ਵੀ ਇਕ ਪੰਥਕ ਪ੍ਰਕ੍ਰਿਆ ਅਤੇ ਵਿਧੀ ਵਿਧਾਨ ਹੈ। ਪ੍ਰੋ. ਬਡੂੰਗਰ ਨੇ ਪੰਥ ਵਿਰੋਧੀ ਸ਼ਕਤੀਆਂ ਦੇ ਹੱਥਾਂ ਵਿਚ ਖੇਡ ਰਹੇ ਇਨ੍ਹਾਂ ਲੋਕਾਂ ਨੂੰ ਸਿੱਖ ਕੌਮ ਦੇ ਅਕਸ ਨੂੰ ਢਾਹ ਲਾਉਣ ਤੋਂ ਬਾਜ਼ ਆਉਣ ਲਈ ਵੀ ਕਿਹਾ।

ਇਸ ਤੋਂ ਪਹਿਲਾਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਜੋਤੀ ਜੋਤਿ ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਗੁਰਗੱਦੀ ਦਿਵਸ ਮੌਕੇ ਜੁੜੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬਾਨ ਵੱਲੋਂ ਦਰਸਾਏ ਹੋਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਵਿਖੇ ਬਣਾਏ ਜਾਣ ਵਾਲੇ ਭਾਈ ਕੂਰਮ ਜੀ ਨਿਵਾਸ ਦਾ ਨੀਂਹ ਪੱਥਰ ਵੀ ਰੱਖਿਆ। ਪ੍ਰੋ. ਬਡੂੰਗਰ ਨੇ ਦੱਸਿਆ ਕਿ ਸੰਗਤਾਂ ਦੀ ਸਹੂਲਤ ਲਈ ਬਣਾਏ ਜਾਣ ਵਾਲੇ ਇਸ ਨਿਵਾਸ ਦੇ ੫੦ ਕਮਰੇ ਹੋਣਗੇ ਅਤੇ ਇਸ ਦੇ ਨਿਰਮਾਣ ਦੀ ਸੇਵਾ ਬਾਬਾ ਬਚਨ ਸਿੰਘ ਦਿੱਲੀ ਵਾਲਿਆਂ ਵੱਲੋਂ ਬਾਬਾ ਮਹਿੰਦਰ ਸਿੰਘ ਨੂੰ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸੰਗਤਾਂ ਦੀ ਸਹੂਲਤ ਲਈ ਬਿਹਤਰ ਪ੍ਰਬੰਧ ਕਰਨ ਲਈ ਵਚਨਬਧ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਮੈਂਬਰ ਸ. ਚਰਨਜੀਤ ਸਿੰਘ ਕਾਲੇਵਾਲ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਜਿੰਦਰ ਸਿੰਘ ਧਾਮੀ, ਬੀਬੀ ਹਰਜਿੰਦਰ ਕੌਰ, ਬਾਬਾ ਮਹਿੰਦਰ ਸਿੰਘ, ਸ. ਸੰਤਾ ਸਿੰਘ ਉਮੈਦਪੁਰੀ, ਸ. ਭਗਵੰਤ ਸਿੰਘ ਧੰਗੇੜਾ ਨਿੱਜੀ ਸਹਾਇਕ, ਸ. ਅਮਰਜੀਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਅੰਬ ਸਾਹਿਬ, ਸ. ਪਰਮਜੀਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਨਾਢਾ ਸਾਹਿਬ, ਸ. ਪ੍ਰਮਿੰਦਰ ਸਿੰਘ ਮੈਨੇਜਰ ਗੁਰਦੁਆਰਾ ਬਾਗ ਸ਼ਹੀਦਾਂ ਬੜੈਲ, ਸ. ਤੇਜਿੰਦਰਪਾਲ ਸਿੰਘ ਸਿੱਧੂ, ਸ. ਅਮਰੀਕ ਸਿੰਘ ਮੋਹਾਲੀ, ਸ. ਪਰਮਜੀਤ ਸਿੰਘ ਕਾਹਲੋਂ, ਸ. ਜਸਵੰਤ ਸਿੰਘ ਭੁੱਲਰ ਆਦਿ ਹਾਜ਼ਰ ਸਨ।

੧੩ ਅਕਤੂਬਰ

# ਸ਼੍ਰੋਮਣੀ ਕਮੇਟੀ ਵੱਲੋਂ ਮਾਤਾ ਗੁਜਰੀ ਕਾਲਜ ਵਿਖੇ ਤਿੰਨ ਰੋਜ਼ਾ ਖ਼ਾਲਸਾਈ ਖੇਡ ਉਤਸਵ ਸੰਪੰਨ

## ਓਵਰਆਲ ਟਰਾਫੀ 'ਤੇ ਗੁਰੂ ਨਾਨਕ ਕਾਲਜ ਬੁਢਲਾਡਾ ਦਾ ਕਬਜ਼ਾ

### ਖੇਡਾਂ ਵਿਚ ਵਧੀਆ ਪ੍ਰਦਰਸ਼ਨ ਕਰਨ ਵਾਲੇ ੬ ਖਿਡਾਰੀ ੪੧, ੩੧ ਤੇ ੨੧ ਹਜ਼ਾਰ ਨਾਲ ਸਨਮਾਨਿਤ

ਫ਼ਤਹਿਗੜ੍ਹ ਸਾਹਿਬ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠਲੇ ਉੱਚ ਵਿਦਿਅਕ ਅਦਾਰਿਆਂ ਦਾ ਇਥੋਂ ਦੇ ਮਾਤਾ ਗੁਜਰੀ ਕਾਲਜ ਵਿਖੇ ਸ਼ਨਿਚਰਵਾਰ ਨੂੰ ਆਰੰਭ ਹੋਇਆ ਸਾਲ ੨੦੧੭ ਦਾ ਤਿੰਨ ਰੋਜ਼ਾ ਖਾਲਸਾਈ ਖੇਡ ਉਤਸਵ ਅਮਿੱਟ ਪੈੜਾਂ ਛੱਡਦਾ ਸੰਪੰਨ ਹੋ ਗਿਆ। ਇਸ ਖੇਡ ਉਤਸਵ ਦੌਰਾਨ ਓਵਰਆਲ ਚੈਂਪੀਅਨਸ਼ਿਪ ਟਰਾਫੀ 'ਤੇ ਗੁਰੂ ਨਾਨਕ ਕਾਲਜ ਬੁਢਲਾਡਾ ਕਾਬਜ਼ ਰਿਹਾ ਅਤੇ ਦੂਸਰਾ ਸਥਾਨ ਮਾਤਾ ਗੁਜਰੀ ਕਾਲਜ ਫਤਹਿਗੜ੍ਹ ਸਾਹਿਬ ਨੇ

ਪ੍ਰਾਪਤ ਕੀਤਾ। ਸਮਾਪਤੀ ਸਮਾਰੋਹ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਇਸ ਖੇਡ ਉਤਸਵ ਦੌਰਾਨ ਵੱਖ ਵੱਖ ਖੇਡਾਂ ਵਿਚ ਮੋਹਰੀ ਰਹਿਣ ਵਾਲੇ ਖਿਡਾਰੀਆਂ ਨੂੰ ਇਨਾਮ ਅਤੇ ਸਨਮਾਨ ਦੇ ਕੇ ਨਿਵਾਜਿਆ। ਸਮਾਪਤੀ ਸਮਾਰੋਹ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਬੀਬੀ ਜੋਗਿੰਦਰ ਕੌਰ ਤੇ ਸ. ਬਲਵਿੰਦਰ ਸਿੰਘ ਵੇਈਂਪੂਈਂ ਵੀ ਮੌਜੂਦ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਦੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਨਾਮਣਾ ਖੱਟਣ ਵਾਲੇ ਖਿਡਾਰੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਅਦਾਰਿਆਂ ਅੰਦਰ ਨੌਕਰੀ ਦੇਣ ਸਮੇਂ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰੀਰਕ ਤੰਦਰੁਸਤੀ ਲਈ ਮਨੁੱਖੀ ਜੀਵਨ ਅੰਦਰ ਖੇਡਾਂ ਦਾ ਵਿਸ਼ੇਸ਼ ਮਹੱਤਵ ਹੈ ਅਤੇ ਗੁਰੂ ਸਾਹਿਬਾਨ ਨੇ ਜਿੱਥੇ ਆਤਮਕ ਮਜ਼ਬੂਤੀ ਲਈ ਗੁਰਬਾਣੀ ਰਚੀ, ਉਥੇ ਹੀ ਮੱਲ ਅਖਾੜੇ ਤੇ ਸ਼ਸਤਰ ਵਿਦਿਆ ਰਾਹੀਂ ਸਰੀਰਕ ਤੰਦਰੁਸਤੀ ਲਈ ਪ੍ਰੇਰਿਤ ਕੀਤਾ। ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੌਜਵਾਨਾਂ ਅਤੇ ਬੱਚਿਆਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਕਾਰਜਸ਼ੀਲ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਖੇਡ ਉਤਸਵ ਵਿਚ ਸ਼ਾਮਲ ਹੋਏ ਖਿਡਾਰੀਆਂ ਨੂੰ ਪ੍ਰੇਰਨਾ ਕਰਦਿਆਂ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਸਿੱਖੀ ਸਰੂਪ ਵਿਚ ਕਾਇਮ ਰਹਿੰਦਿਆਂ ਜੀਵਨ ਵਿਚ ਅੱਗੇ ਵਧੀਏ ਅਤੇ ਗੁਰਮਤਿ ਦੀ ਰੌਸ਼ਨੀ ਵਿਚ ਜੀਵਨ ਬਤੀਤ ਕਰੀਏ। ਇਸ ਮੌਕੇ ਪ੍ਰੋ: ਬਡੂੰਗਰ ਨੇ ੨੦੧੮ ਦੀਆਂ ਖਾਲਸਾਈ ਖੇਡਾਂ ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਲੁਧਿਆਣਾ ਵਿਖੇ ਕਰਵਾਉਣ ਦਾ ਐਲਾਨ ਵੀ ਕੀਤਾ।

ਖਾਲਸਾਈ ਖੇਡ ਉਤਸਵ ਦੌਰਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ. ਬਲਦੇਵ ਸਿੰਘ ਕਾਇਮਪੁਰ ਅਤੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਓਵਰਆਲ ਪ੍ਰਾਪਤੀਆਂ ਕਰਨ ਵਾਲੇ ਸ਼੍ਰੋਮਣੀ ਕਮੇਟੀ ਅਧੀਨ ਵਿਦਿਅਕ ਸੰਸਥਾਵਾਂ ਦੇ ੬ ਖਿਡਾਰੀਆਂ ਨੂੰ ਵਿਸ਼ੇਸ਼ ਇਨਾਮ ਦੇ ਕੇ ਸਨਮਾਨਿਤ ਕੀਤਾ। ਇਨ੍ਹਾਂ ਵਿਚੋਂ ਕਾਲਜਾਂ ਨਾਲ ਸਬੰਧਤ ੩ ਖਿਡਾਰੀਆਂ ਖਾਲਸਾ ਕਾਲਜ ਪਟਿਆਲਾ ਦੀ ਪ੍ਰਭਜੋਤ ਕੌਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੀ ਹਾਕੀ ਖਿਡਾਰਨ ਹਰਦੀਪ ਕੌਰ ਅਤੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੀ ਐਥਲੈਟਿਕਸ ਖਿਡਾਰਨ ਅੰਮ੍ਰਿਤ ਕੌਰ ਨੂੰ ਕ੍ਰਮਵਾਰ ੪੧ ਹਜ਼ਾਰ, ੩੧ ਹਜ਼ਾਰ ਅਤੇ ੨੧ ਹਜ਼ਾਰ ਦੇ ਇਨਾਮ ਦਿੱਤੇ ਗਏ। ਇਸੇ ਤਰ੍ਹਾਂ ਸਕੂਲਾਂ ਵਿਚੋਂ ਸਨਮਾਨਿਤ ਕੀਤੇ ਗਏ ੩ ਖਿਡਾਰੀਆਂ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਪਬਲਿਕ ਸਕੂਲ ਨਡਾਲਾ ਦੇ ਸੁਖਪਾਲ ਸਿੰਘ, ਮਹਾਰਾਜਾ ਰਣਜੀਤ ਸਿੰਘ ਪਬਲਿਕ ਸਕੂਲ ਤਰਨਤਾਰਨ ਦੇ ਅਰਸ਼ਦੀਪ ਸਿੰਘ ਅਤੇ ਗੁਰੂ ਨਾਨਕ ਦੇਵ ਅਕੈਡਮੀ ਬਟਾਲਾ ਦੀ ਸ਼ਹਿਜਾਦਦੀਪ ਕੌਰ ਨੂੰ ਵੀ ੪੧ ਹਜ਼ਾਰ, ੩੧ ਹਜ਼ਾਰ ਅਤੇ ੨੧ ਹਜ਼ਾਰ ਦੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ੬ ਖਿਡਾਰੀਆਂ ਨੇ ਜਿੱਥੇ ਖਾਲਸਾਈ ਖੇਡਾਂ ਵਿਚ ਬਿਹਤਰ ਪ੍ਰਦਰਸ਼ਨ ਕੀਤਾ, ਉਥੇ ਹੀ ਵੱਖ-ਵੱਖ ਖੇਡ ਮੁਕਾਬਲਿਆਂ ਦੌਰਾਨ ਕੌਮੀ ਤੇ ਕੌਮਾਂਤਰੀ ਪ੍ਰਾਪਤੀਆਂ ਵੀ ਕੀਤੀਆਂ ਹਨ।

ਇਥੇ ਜਿਕਰਯੋਗ ਹੈ ਕਿ ੧੪ ਅਕਤੂਬਰ ਨੂੰ ੧੪ਵੇਂ ਸਾਲਾਨਾ ਖ਼ਾਲਸਾਈ ਖੇਡ ਉਤਸਵ-੨੦੧੭ ਦੀ ਸ਼ੁਰੂਆਤ ਅੱਜ ਮਾਤਾ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ ਦੇ ਬਾਬਾ ਫ਼ਤਹਿ ਸਿੰਘ ਖੇਡ ਸਟੇਡੀਅਮ ਵਿਖੇ 'ਬੋਲੇ ਸੋ ਨਿਹਾਲ' ਦੇ ਜੈਕਾਰਿਆਂ ਨਾਲ ਕੀਤੀ ਗਈ। ਖੇਡ ਉਤਸਵ ਦੀ ਆਰੰਭਤਾ ਸਮੇਂ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਨਰਸਿੰਙਿਆਂ ਅਤੇ ਨਗਾਰਿਆਂ ਦੀ ਗੂੰਜ ਨਾਲ ਖਾਲਸਾਈ ਮਾਹੌਲ ਸਿਰਜਿਆ ਗਿਆ। ਇਸ ਖ਼ਾਲਸਾਈ ਖੇਡ ਉਤਸਵ ਵਿਚ ਹਿੱਸਾ ਲੈ ਰਹੀਆਂ ਸ਼੍ਰੋਮਣੀ ਕਮੇਟੀ ਦੇ ਵੱਖ ਵੱਖ ਕਾਲਜ਼ਾਂ ਦੀਆਂ ਟੀਮਾਂ ਦਾ ਖ਼ਾਲਸਾਈ ਲਿਬਾਸ ਸਭ ਨੂੰ ਪ੍ਰਭਾਵਿਤ ਕਰ ਰਿਹਾ ਸੀ। ਇਸ ਦੇ ਨਾਲ ਹੀ ਖੇਡ ਉਤਸਵ 'ਚ ਸਿੱਖ ਮਾਰਸ਼ਲ ਆਰਟ ਗੱਤਕਾ ਤੋਂ ਇਲਾਵਾ ਹੈਲੀਕਾਪਟਰ ਦੁਆਰਾ ਫੁੱਲਾਂ ਦੀ ਵਰਖਾ ਅਤੇ ਐਨ.ਸੀ.ਸੀ. ਕੈਡਿਟਾਂ ਵੱਲੋਂ ਦਿੱਤਾ ਗਿਆ ਗਾਰਡ ਆਫ਼ ਆਨਰ ਸਾਰਿਆਂ ਲਈ ਖਿੱਚ ਦਾ ਕੇਂਦਰ ਬਣੇ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਜੋ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਹੋਏ ਸਨ ਨੇ ਚੜ੍ਹਦੀ ਕਲਾ ਦੇ ਪ੍ਰਤੀਕ ਖ਼ਾਲਸਾਈ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨ ਉਪਰੰਤ ਰੰਗ-ਬਿਰੰਗੇ ਗੁਬਾਰਿਆਂ ਨੂੰ ਉਡਾ ਕੇ ਖੇਡ ਸਮਾਰੋਹ ਸ਼ੁਰੂ ਕਰਵਾਇਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ

ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਬੀਬੀ ਜੋਗਿੰਦਰ ਕੌਰ ਅਤੇ ਸ. ਬਲਵਿੰਦਰ ਸਿੰਘ ਵੇਈਂਪੂਈਂ, ਮੈਂਬਰ ਸ. ਰਵਿੰਦਰ ਸਿੰਘ ਖਾਲਸਾ, ਅਕਾਲੀ ਆਗੂ ਸ. ਦੀਦਾਰ ਸਿੰਘ ਭੱਟੀ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਐਡੀਸ਼ਨਲ ਸਕੱਤਰ ਸਪੋਰਟਸ ਸ. ਕੇਵਲ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਸਕੱਤਰ ਸਿੰਘ ਤੇ ਸ. ਹਰਜੀਤ ਸਿੰਘ ਲਾਲੂਘੁੰਮਣ, ਨਿੱਜੀ ਸਹਾਇਕ ਸ. ਭਗਵੰਤ ਸਿੰਘ ਧੰਗੇੜਾ, ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਭਾਈ ਹਰਪਾਲ ਸਿੰਘ, ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ. ਸੁਖਦਰਸ਼ਨ ਸਿੰਘ ਖਹਿਰਾ, ਡਾਇਰੈਕਟਰ ਐਜੂਕੇਸ਼ਨ ਸ. ਜਤਿੰਦਰ ਸਿੰਘ ਸਿੱਧੂ, ਅਸਿਸਟੈਂਟ ਡਾਇਰੈਕਟਰ ਡਾ. ਪ੍ਰਭਜੀਤ ਸਿੰਘ ਅਤੇ ਪ੍ਰਿੰਸੀਪਲ ਸਤਵੰਤ ਕੌਰ, ਡਾ. ਚਮਕੌਰ ਸਿੰਘ, ਡਾ. ਕੁਲਦੀਪ ਸਿੰਘ ਬੱਲ, ਪ੍ਰਿੰਸੀਪਲ ਕੁਲਦੀਪ ਕੌਰ, ਡਾ. ਕਸ਼ਮੀਰ ਸਿੰਘ, ਪ੍ਰਿੰਸੀਪਲ ਸ. ਗੁਰਚਰਨ ਸਿੰਘ ਲਾਂਬਾ, ਡਾ. ਪ੍ਰਭਜੀਤ ਸਿੰਘ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਸ. ਬਲਵਿੰਦਰ ਸਿੰਘ ਭਮਾਰਸੀ, ਸਕੂਲਾਂ ਕਾਲਜਾਂ ਦੇ ਪ੍ਰਿੰਸੀਪਲ, ਪ੍ਰੋਫੈਸਰ ਅਤੇ ਖਿਡਾਰੀ ਵੱਡੀ ਗਿਣਤੀ ਵਿਚ ਹਾਜ਼ਰ ਸਨ। ੧੯ ਅਕਤੂਬਰ

# ਸ਼੍ਰੋਮਣੀ ਕਮੇਟੀ ਦੇ ਕਾਲਜ ਦੀ ਵਿਦਿਆਰਥਣ ਦੇ ਰਾਸ਼ਟਰੀ ਪੁਰਸਕਾਰ ਜਿੱਤਣ 'ਤੇ ਪ੍ਰਧਾਨ ਮੰਤਰੀ ਨੇ ਕੀਤਾ ਸਨਮਾਨਿਤ

## ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਦਿੱਤੀ ਵਧਾਈ

ਅੰਮ੍ਰਿਤਸਰ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਭਾਈ ਬਹਿਲੋ ਖ਼ਾਲਸਾ ਗਰਲਜ਼ ਕਾਲਜ, ਫਫੜੇ ਭਾਈਕੇ (ਮਾਨਸਾ) ਦੀ ਵਿਦਿਆਰਥਣ ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਚਲਾਏ ਗਏ 'ਸਵੱਛ ਭਾਰਤ ਅਭਿਆਨ' ਤਹਿਤ ਕਰਵਾਏ ਗਏ ਰਾਸ਼ਟਰ ਪੱਧਰ ਦੇ ਨਿਬੰਧ ਰਚਨਾ ਮੁਕਾਬਲਿਆਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ 'ਤੇ ਰਾਸ਼ਟਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਰਾਸ਼ਟਰੀ ਪੱਧਰ 'ਤੇ ੨੯ ਰਾਜਾਂ ਵਿੱਚੋ ਰਮਨਦੀਪ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਿਸ ਲਈ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਉਸ ਨੂੰ ੫੦ ਹਜ਼ਾਰ ਰੁਪਏ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਵਿਦਿਆਰਥਣ ਰਮਨਦੀਪ ਕੌਰ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ, ਜਿਸ ਲਈ ਕਾਲਜ ਦੇ ਪ੍ਰਿੰਸੀਪਲ ਅਤੇ ਰਮਨਦੀਪ ਕੌਰ ਦੇ ਮਾਪੇ ਵੀ ਵਧਾਈ ਦੇ ਪਾਤਰ ਹਨ। ਕਾਲਜ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਮਨਦੀਪ ਕੌਰ ਦੇ ਵਾਪਸ ਪਰਤਣ 'ਤੇ ਸਟਾਫ, ਵਿਦਿਆਰਥੀਆਂ ਅਤੇ ਇਲਾਕੇ ਦੀਆਂ ਸ਼ਖਸੀਅਤਾਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ ਗਿਆ। ਵਿਦਿਆਰਥਣ ਰਮਨਦੀਪ ਕੌਰ ਨੂੰ ਰਾਸ਼ਟਰੀ ਪੁਰਸਕਾਰ ਮਿਲਣ 'ਤੇ ਭਾਈ ਬਹਿਲੋ ਖ਼ਾਲਸਾ ਗਰਲਜ਼ ਕਾਲਜ, ਪਿੰਡ ਫਫੜੇ ਭਾਈਕੇ ਦੇ ਸਟਾਫ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

ਜ਼ਿਕਰਯੋਗ ਹੈ ਕਿ ਰਮਨਦੀਪ ਕੌਰ ਨੇ ਪਿਛਲੇ ਦਿਨੀਂ ਨਹਿਰੂ ਯੁਵਾ ਕੇਂਦਰ ਵੱਲੋਂ ਕਰਵਾਏ ਗਏ ਨਿਬੰਧ ਮੁਕਾਬਲਿਆਂ ਵਿੱਚ ਭਾਗ ਲਿਆ ਜਿਸਦਾ ਵਿਸ਼ਾ 'ਮੈਂ ਸਵੱਛਤਾ ਲਈ ਕੀ ਕਰਾਂਗੀ' ਸੀ। ਇਨ੍ਹਾਂ ਮੁਕਾਬਲਿਆਂ ਵਿੱਚ ਰਮਨਦੀਪ ਕੌਰ ਨੇ ਪਹਿਲਾਂ ਸਟੇਟ ਲੈਵਲ ਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ। ਇਸ ਤੋਂ ਬਾਅਦ ਇਸ ਵਿਦਿਆਰਥਣ ਨੇ ਰਾਸ਼ਟਰੀ ਪੱਧਰ 'ਤੇ ਪਹਿਲਾ ਸਥਾਨ ਪ੍ਰਾਪਤ ਕਰਕੇ ਨਾਮਣਾ ਖੱਟਿਆ ਹੈ। ਇਸ ਮੌਕੇ ਸਹਾਇਕ ਪ੍ਰੋਫੈਸਰ ਵੀਰਵੰਤੀ ਕੌਰ ਤੇ ਪ੍ਰੋ: ਸਿਮਰਜੀਤ ਕੌਰ, ਸ. ਹਰਦੀਪ ਸਿੰਘ, ਸ. ਅਵਤਾਰ ਸਿੰਘ, ਨਹਿਰੂ ਯੁਵਾ ਕੇਂਦਰ ਦੇ ਕੋ-ਆਰਡੀਨੇਟਰ ਬੀਬੀ ਪਰਮਜੀਤ ਕੌਰ, ਸਿੱਖਿਆ ਵਿਕਾਸ ਮੰਚ ਦੇ ਪ੍ਰਧਾਨ ਸ੍ਰੀ ਹਰਦੀਪ ਸਿੱਧੂ, ਡਿਸਟ੍ਰਿਕਟ ਪ੍ਰੋਜੈਕਟ ਅਫਸਰ ਸੰਦੀਪ, ਵੱਡੀ ਗਿਣਤੀ ਵਿਚ ਸਕੂਲ ਦੀਆਂ ਵਿਦਿਆਰਥਣਾਂ ਅਤੇ ਇਲਾਕੇ ਦੇ ਲੋਕ ਮੌਜੂਦ ਸਨ।

੩ ਅਕਤੂਬਰ

# ਇਫਕੋ ਕੰਪਨੀ ਨੇ ਕਰਵਾਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ੨੫੦ ਦੀਵਾਰ ਘੜੀਆਂ ਦੀ ਸੇਵਾ

ਅੰਮ੍ਰਿਤਸਰ, -ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਸ਼ਰਧਾ ਭਾਵਨਾ ਤਹਿਤ ਪ੍ਰਸਿੱਧ ਕੰਪਨੀ ਇਫਕੋ ਵੱਲੋਂ ਅੱਜ ੨੫੦ ਦੀਵਾਰ ਘੜੀਆਂ ਦੀ ਸੇਵਾ ਕੀਤੀ ਗਈ। ਬੰਦੀਛੋੜ ਦਿਵਸ ਮੌਕੇ ਕੰਪਨੀ ਵੱਲੋਂ ਭੇਟਾ ਕੀਤੀਆਂ ਗਈਆਂ ਇਹ ਦੀਵਾਰ ਘੜੀਆਂ ਸ੍ਰੀ ਦਰਬਾਰ ਸਾਹਿਬ ਦੇ ਸਾਰਾਗੜ੍ਹੀ ਨਿਵਾਸ ਦੇ ਕਮਰਿਆਂ ਵਿਚ ਲਗਾਈਆਂ ਜਾਣਗੀਆਂ। ਸ਼੍ਰੋਮਣੀ ਕਮੇਟੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵਿਖੇ ਕੰਪਨੀ ਦੇ ਜੁਆਇੰਟ ਜਨਰਲ ਮੈਨੇਜਰ ਸ. ਸੁਖਦੇਵ ਸਿੰਘ ਭੰਗੂ, ਸੀਨੀਅਰ ਏਰੀਆ ਮੈਨੇਜਰ ਸ. ਸੁਖਪਾਲ ਸਿੰਘ ਸਿੱਧੂ ਅਤੇ ਉਨ੍ਹਾਂ ਦੇ ਨਾਲ ਆਏ ਕੰਪਨੀ ਦੇ ਕਰਮਚਾਰੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ ਤੇ ਸ. ਸੁਰਜੀਤ ਸਿੰਘ ਭਿੱਟੇਵੱਡ, ਸ਼੍ਰੋਮਣੀ ਕਮੇਟੀ ਮੈਂਬਰ ਸ. ਬਾਵਾ ਸਿੰਘ ਗੁਮਾਨਪੁਰਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਮਨਜੀਤ ਸਿੰਘ ਤੇ ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ ਵੱਲੋਂ ਸਾਂਝੇ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਕੰਪਨੀ ਦੇ ਅਧਿਕਾਰੀਆਂ ਨੇ ਕਿਹਾ ਕਿ ਗੁਰੂ ਸਾਹਿਬ ਦੀ ਬਖ਼ਸ਼ਿਸ਼ ਨਾਲ ਕੰਪਨੀ ਲਗਾਤਾਰ ਤਰੱਕੀ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਦਾ ਸਰਬਸਾਂਝਾ ਅਧਿਆਤਮਿਕ ਅਸਥਾਨ ਹੈ, ਜਿਥੇ ਸੇਵਾ ਕਰਕੇ ਬਖ਼ਸ਼ਿਸ਼ਾਂ ਪ੍ਰਾਪਤ ਹੁੰਦੀਆਂ ਹਨ।

ਵਰਣਨਯੋਗ ਹੈ ਕਿ ਇਸ ਕੰਪਨੀ ਵੱਲੋਂ ਪਹਿਲਾਂ ਵੀ ਗੁਰੂ ਘਰ ਲਈ ਭੇਟਾਵਾਂ ਅਰਪਿਤ ਕੀਤੀਆਂ ਜਾਂਦੀਆਂ ਰਹੀਆਂ ਹਨ। ਕੰਪਨੀ ਦੇ ਪੰਜਾਹ ਸਾਲ ਪੂਰੇ ਹੋਣ 'ਤੇ ੨੪ ਅਗਸਤ ੨੦੧੭ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਾਮ ਪੰਜਾਹ ਲੱਖ ਰੁਪਏ ਦਾ ਚੈੱਕ ਕੰਪਨੀ ਵੱਲੋਂ ਭੇਟ ਕੀਤਾ ਗਿਆ ਸੀ ਅਤੇ ਹੁਣ ਫਿਰ ਦੀਵਾਰ ਘੜੀਆਂ ਦੀ ਸੇਵਾ ਕੀਤੀ ਗਈ ਹੈ।

ਅੱਜ ਦੀਵਾਰ ਘੜੀਆਂ ਦੀ ਸੇਵਾ ਕਰਨ 'ਤੇ ਕੰਪਨੀ ਅਧਿਕਾਰੀਆਂ ਨੂੰ ਸਨਮਾਨਿਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ ਤੇ ਸ. ਸੁਰਜੀਤ ਸਿੰਘ ਭਿੱਟੇਵੱਡ, ਸ਼੍ਰੋਮਣੀ ਕਮੇਟੀ ਮੈਂਬਰ ਸ. ਬਾਵਾ ਸਿੰਘ ਗੁਮਾਨਪੁਰਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ ਤੇ ਸ. ਦਿਲਜੀਤ ਸਿੰਘ ਬੇਦੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ, ਐਡੀਸ਼ਨਲ ਮੈਨੇਜਰ ਸ. ਹਰਪ੍ਰੀਤ ਸਿੰਘ, ਸ. ਇਕਬਾਲ ਸਿੰਘ ਮੁੱਖੀ, ਸ. ਬਘੇਲ ਸਿੰਘ, ਸ. ਪਰਮਜੀਤ ਸਿੰਘ ਆਦਿ ਹਾਜ਼ਰ ਸਨ।

੧੭ ਅਕਤੂਬਰ

# ਕਰਜ਼ੇ ਚੁੱਕ ਕੇ ਕੀਤੀ ਜਾ ਰਹੀ ਫਜ਼ੂਲ ਖਰਚੀ ਬੰਦ ਕਰ ਕੇ ਸਮਾਜਿਕ ਰਸਮਾਂ ਸਾਦੇ ਢੰਗ ਨਾਲ ਨਿਭਾਈਆਂ ਜਾਣ - ਗਿਆਨੀ ਗੁਰਬਚਨ ਸਿੰਘ

# ਪੰਥ ਨੂੰ ਦਰਪੇਸ਼ ਸਮੱਸਿਆਵਾਂ ਤੇ ਚੁਣੌਤੀਆਂ ਦੇ ਹੱਲ ਲਈ ਕੌਮੀ ਇਕਜੁੱਟਤਾ ਜ਼ਰੂਰੀ - ਪ੍ਰੋ. ਬਡੂੰਗਰ

ਅੰਮ੍ਰਿਤਸਰ -ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਬੰਦੀ ਛੋੜ ਦਿਵਸ ਮੌਕੇ ਮਨੁੱਖਤਾ ਦੇ ਅਧਿਆਤਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਉਢੀ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਜਿਥੇ ਕੌਮ ਦੇ ਨਾਂਅ ਸੰਦੇਸ਼ ਦਿੱਤਾ, ਉਥੇ ਹੀ ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਦਮਦਮੀ ਟਕਸਾਲ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਖਾਲਸਾ ਅਤੇ ਕਥਾਵਾਚਕ ਭਾਈ ਰਣਜੀਤ ਸਿੰਘ ਗੌਹਰ ਨੇ ਵੀ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਬੰਦੀਛੋੜ ਦਿਵਸ ਦੀ ਮੁਬਾਰਕਬਾਦ ਦਿੱਤੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਕੌਮ ਦੇ ਨਾਂਅ ਦਿੱਤੇ ਸੰਦੇਸ਼ ਵਿਚ ਜਿਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਸੁਚੇਤ ਅਤੇ ਸਾਵਧਾਨ ਹੋਣ ਲਈ ਕਿਹਾ, ਉਥੇ ਹੀ ਕੌਮ ਨੂੰ ਨਸ਼ਿਆਂ, ਪਤਿਤਪੁਣੇ ਅਤੇ ਸਮਾਜਿਕ ਕੁਰੀਤੀਆਂ ਵਿਰੁੱਧ ਕਰੜਾ ਸੰਘਰਸ਼ ਵਿਢਣ ਦਾ ਵੀ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਮੇਂ-ਸਮੇਂ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦਿੱਤੇ ਸੰਦੇਸ਼/ਆਦੇਸ਼ ਦੇ ਬਾਵਜੂਦ ਵੀ ਪਿਛਲੇ ਸਮੇਂ ਵੱਖ-ਵੱਖ ਥਾਵਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਹੋ ਰਹੀ ਬੇਅਦਬੀ ਰੁਕਣ ਦਾ ਨਾਂਅ ਨਹੀਂ ਲੈ ਰਹੀ। ਇਸ ਮੰਦਭਾਗੇ ਚਲਣ ਨੂੰ ਰੋਕਣ ਲਈ ਗੁਰਦੁਆਰਾ ਕਮੇਟੀਆਂ ਸੁਚੇਤ ਹੋਣ ਅਤੇ ਸ਼ਰਾਰਤੀ ਅਨਸਰਾਂ ਤੇ ਨਜ਼ਰ ਰੱਖਣ ਲਈ ਗੁਰੂ-ਘਰਾਂ ਵਿਚ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਦਾ ਪ੍ਰਬੰਧ ਕਰਨ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਅਤੇ ਬਹਿਬਲ ਕਲਾਂ ਕਤਲ ਕਾਂਡ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰੇ।

ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਨਸ਼ਿਆਂ ਅਤੇ ਪਤਿਤਪੁਣੇ ਵਰਗੀਆਂ ਅਲਾਮਤਾਂ ਨੂੰ ਰੋਕਣ ਲਈ ਮਾਪਿਆਂ ਦੀ ਜ਼ੁੰਮੇਵਾਰੀ ਨਿਰਾਧਰਤ ਕਰਦਿਆਂ ਕਿਹਾ ਕਿ ਉਹ ਬੱਚਿਆਂ ਨੂੰ ਗੁਰੂ ਸਾਹਿਬਾਨ ਦੀਆਂ ਸਾਖੀਆਂ ਅਤੇ ਸਿੱਖ ਯੋਧਿਆਂ ਦਾ ਇਤਿਹਾਸ ਸੁਣਾਕੇ ਉਨ੍ਹਾਂ ਅੰਦਰ ਸਿੱਖੀ ਜਜ਼ਬਾ ਪ੍ਰਫੁਲਤ ਕਰਨ। ਪੰਚਾਇਤਾਂ ਆਪਣੇ ਪਿੰਡਾਂ ਵਿੱਚੋਂ ਸ਼ਰਾਬ ਦੇ ਠੇਕੇ ਚੁਕਵਾਉਣ ਲਈ ਸਰਬਸੰਮਤੀ ਨਾਲ ਮਤੇ ਪਾਸ ਕਰਕੇ ਪੰਜਾਬ ਦੇ ਸੰਬੰਧਿਤ ਵਿਭਾਗ ਨੂੰ ਭੇਜਣ ਅਤੇ ਇਹ ਮਤੇ ਪਾਸ ਕਰਵਾਉਣ ਲਈ ਸਿੱਖ ਸੰਗਤਾਂ ਅਤੇ ਖ਼ਾਸਕਰ ਬੀਬੀਆਂ ਭੈਣਾਂ ਅੱਗੇ ਆਉਣ। ਉਨ੍ਹਾਂ ਸਮਾਜਿਕ ਰਸਮਾਂ ਸਾਦੇ ਢੰਗ ਨਾਲ ਨਿਭਾਉਣ ਦੀ ਪ੍ਰੇਰਨਾ ਕਰਦਿਆਂ ਕਿਹਾ ਕਿ ਦੇਖਾ-ਦੇਖੀ ਕਰਜ਼ੇ ਚੁੱਕ ਕੇ ਕੀਤੀ ਜਾ ਰਹੀ ਫਜ਼ੂਲ ਖਰਚੀ ਨੂੰ ਬੰਦ ਕੀਤਾ ਜਾਵੇ ਅਤੇ ਸਮਾਜਿਕ ਰਸਮਾਂ ਗੁਰੂ-ਘਰਾਂ ਅੰਦਰ ਕਰਨ ਨੂੰ ਤਰਜ਼ੀਹ ਦਿੱਤੀ ਜਾਵੇ। ਅਜਿਹੇ ਨਾਲ ਜਿਥੇ ਫਜ਼ੂਲ ਖਰਚੀ ਘਟੇਗੀ ਉਥੇ ਹੀ ਵਰਤਮਾਨ ਸਮੇਂ ਅੰਦਰ ਹੋ ਰਹੀਆਂ ਕਿਸਾਨ ਖੁਦਕੁਸ਼ੀਆਂ ਨੂੰ ਵੀ ਠੱਲ ਪੈ ਸਕੇਗੀ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੇਸ਼ ਦੀਆਂ ਵੱਖ-ਵੱਖ ਜ਼ੇਲ੍ਹਾਂ ਵਿਚ ਬੰਦ ਸਜ਼ਾ ਪੂਰੀ ਕਰ ਚੁੱਕੇ ਬੇਕਸੂਰ ਸਿੱਖ ਕੈਦੀਆਂ ਨੂੰ ਤੁਰੰਤ ਰਿਹਾ ਕਰੇ। ਉਨ੍ਹਾਂ ਪੰਥਕ ਜਥੇਬੰਦੀਆਂ ਨੂੰ ਬੇਲੋੜੇ ਮੁੱਦਿਆਂ ਤੇ ਆਪਸੀ ਟਕਰਾਅ ਤੇ ਭਰਾ-ਮਾਰੂ ਜੰਗ ਨੂੰ ਛੱਡ ਕੇ ਪੰਥਕ ਏਕਤਾ ਨਾਲ ਆਪਣੀ ਸ਼ਕਤੀ ਦਾ ਰੁਖ਼ ਪੰਥਕ ਦੁਸ਼ਮਣਾਂ ਵੱਲ ਕਰਨ ਦਾ ਵੀ ਸੱਦਾ ਦਿੱਤਾ।

ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਹਿੰਦੁਸਤਾਨ ਦੀ ਬੋਲੀ, ਸੱਭਿਆਚਾਰ ਅਤੇ ਰੀਤੀ-ਰਿਵਾਜ਼ ਬਚਾਉਣ ਲਈ ਜੋ ਮਿਸ਼ਨ ਆਰੰਭਿਆ ਉਸ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਹੋਰ ਅੱਗੇ ਵਧਾਉਂਦਿਆਂ ਜ਼ੁਲਮ ਅਤੇ ਅਨਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਲੋਕਾਈ ਨੂੰ ਇਕ ਨਵੀਂ ਰੋਸ਼ਨੀ, ਨਵੇਂ ਜਜ਼ਬੇ ਅਤੇ ਨਵੇਂ ਜੋਸ਼ ਦੇ ਰੂਬਰੂ ਕੀਤਾ। ਉਨ੍ਹਾਂ ਸੰਗਤ ਨੂੰ ਅਪੀਲ ਕਰਦਿਆਂ ਕਿਹਾ ਕਿ ਧਾਰਮਿਕ, ਸਮਾਜਿਕ, ਰਾਜਨੀਤਿਕ, ਆਰਥਿਕ ਅਤੇ ਵਿਗਿਆਨਿਕ ਕ੍ਰਾਂਤੀ ਦਾ ਮੁੱਢ ਬੰਨਣ ਵਾਲੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਹੋਏ ਮਾਰਗ ਨੂੰ ਅਪਨਾਉਣਾ ਅੱਜ ਦੀ ਵੱਡੀ ਲੋੜ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਗੁਰੂ ਸਾਹਿਬ ਦੀ ਸ਼ਰਨ ਬੰਧਨਾਂ ਤੋਂ ਮੁਕਤੀ ਦਾ ਰਾਹ ਦਿਖਾਉਂਦੀ ਹੈ ਪਰ ਅੱਜ ਬਹੁਤ ਸਾਰੀਆਂ ਸਮਾਜਿਕ ਕੁਰੀਤੀਆਂ ਵਿਚ ਫਸ ਕੇ ਅਸੀਂ ਜੀਵਨ ਦੁਸ਼ਵਾਰੀਆਂ ਵਾਲੇ ਪਾਸੇ ਲਿਜਾ ਰਹੇ ਹਾਂ। ਉਨ੍ਹਾਂ ਕਿਹਾ ਕਿ ਅੱਜ ਪੰਥ ਵਿਰੋਧੀ ਸ਼ਕਤੀਆਂ ਵੀ ਸਿੱਖਾਂ ਨੂੰ ਗੁਰੂ ਸਾਹਿਬਾਨ ਦੇ ਮਿਸ਼ਨ ਤੋਂ ਭਟਕਾਉਣ ਦਾ ਜਤਨ ਕਰ ਰਹੀਆਂ ਹਨ, ਜਿਨ੍ਹਾਂ ਤੋਂ ਸੁਚੇਤ ਹੋਣਾ ਪਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪੰਥ ਨੂੰ ਦਰਪੇਸ਼ ਸਮੱਸਿਆਵਾਂ ਤੇ ਚੁਣੌਤੀਆਂ ਨੂੰ ਸਮਝਣ ਲਈ ਇਕਜੁੱਟ ਹੋਈਏ ਤਾਂ ਜੋ ਸਾਡੀ ਨਿਆਰੀ ਪਛਾਣ ਬਰਕਰਾਰ ਰਹਿ ਸਕੇ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਦਮਦਮੀ ਟਕਸਾਲ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਖ਼ਾਲਸਾ ਅਤੇ ਕਥਾਵਾਚਕ ਗਿਆਨੀ ਰਣਜੀਤ ਸਿੰਘ ਗੌਹਰ ਨੇ ਜਿਥੇ ਬੰਦੀਛੋੜ ਦਿਵਸ ਦੀ ਇਤਿਹਾਸਕ ਮਹੱਤਤਾ ਨੂੰ ਉਜਾਗਰ ਕੀਤਾ, ਉਥੇ ਹੀ ਵਰਤਮਾਨ ਪ੍ਰਸੰਗ ਵਿਚ ਸਮੁੱਚੀ ਸਿੱਖ ਕੌਮ ਨੂੰ ਸਵੈ-ਮੰਥਨ ਵਿਧੀ ਦੁਆਰਾ ਕੌਮ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਹੋਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਕਮੇਟੀ ਮੈਂਬਰ ਭਾਈ ਰਾਮ ਸਿੰਘ ਅਤੇ ਸ. ਸੁਰਜੀਤ ਸਿੰਘ ਭਿੱਟੇਵੱਡ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਬਾਵਾ ਸਿੰਘ ਗੁਮਾਨਪੁਰਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਜਗਸੀਰ ਸਿੰਘ ਮਾਂਗੇਆਣਾ, ਸਕੱਤਰ ਡਾ. ਰੂਪ ਸਿੰਘ, ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਹਰਭਜਨ ਸਿੰਘ ਮਨਾਵਾਂ, ਸ. ਮਹਿੰਦਰ ਸਿੰਘ ਆਹਲੀ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਬਿਜੈ ਸਿੰਘ ਤੇ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਸਕੱਤਰ ਸਿੰਘ, ਸ. ਮਹਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਰਘਬੀਰ ਸਿੰਘ ਮੰਡ ਅਤੇ ਵੱਡੀ ਤਾਦਾਦ ਵਿਚ ਸੰਗਤਾਂ ਹਾਜ਼ਰ ਸਨ।੧੯ ਅਕਤੂਬਰ

# ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਵੱਲੋਂ ਬੰਦੀ-ਛੋੜ ਦਿਵਸ (ਦੀਵਾਲੀ) ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰੂ ਕੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘ ਜਥੇਬੰਦੀਆਂ ਨੂੰ ਸਨਮਾਨਿਤ ਕੀਤਾ ਗਿਆ

ਅੰਮ੍ਰਿਤਸਰ - ਬੰਦੀ-ਛੋੜ ਦਿਵਸ (ਦੀਵਾਲੀ) ਮੌਕੇ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੁਰਾਤਨ ਚੱਲੀ ਆ ਰਹੀ ਪੰਥਕ ਰਿਵਾਇਤ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਆਯੋਜਿਤ ਧਾਰਮਿਕ ਸਮਾਗਮ ਵਿੱਚ ਗੁਰੂ-ਕੀਆਂ ਲਾਡਲੀਆਂ ਫੌਜਾਂ (ਨਿਹੰਗ ਸਿੰਘ ਦਲਾਂ ਦੇ ਮੁਖੀਆਂ) ਨੂੰ ਸਨਮਾਨਿਤ ਕੀਤਾ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਸਨਮਾਨ ਸਮਾਗਮ ਸਮੇਂ ਬਾਬਾ ਬਲਬੀਰ ਸਿੰਘ ਮੁੱਖੀ ਸ਼੍ਰੋਮਣੀ ਬੁੱਢਾ ਦਲ ੯੬ ਕਰੋੜੀ, ਬਾਬਾ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ, ਬਾਬਾ ਬਿੱਧੀ ਚੰਦ ਤਰਨਾ ਦਲ ਸੁਰਸਿੰਘ ਦੇ ਮੁਖੀ ਬਾਬਾ ਅਵਤਾਰ ਸਿੰਘ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾ ਵਾਲੇ ਵੱਲੋਂ ਬਾਬਾ ਨਾਗਰ ਸਿੰਘ, ਤਰਨਾ ਦਲ ਬਾਬਾ ਬਕਾਲਾ ਵੱਲੋਂ ਬਾਬਾ ਗੱਜਣ ਸਿੰਘ, ਗਿਆਨੀ ਤਰਸੇਮ ਸਿੰਘ ਮੋਰਾਂਵਾਲੀ, ਬਾਬਾ ਤਰਲੋਕ ਸਿੰਘ ਖਿਆਲਾ ਵੱਲੋਂ ਬਾਬਾ ਸੁੱਖਾ ਸਿੰਘ, ਬਾਬਾ ਰਘਬੀਰ ਸਿੰਘ ਖਿਆਲਾ, ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਦਰਸ਼ਨ ਸਿੰਘ, ਬਾਬਾ ਮੇਜਰ ਸਿੰਘ ਲੁਧਿਆਣੇ ਵਾਲੇ, ਬਾਬਾ ਸਾਬ ਸਿੰਘ, ਬਾਬਾ ਤਾਰਾ ਸਿੰਘ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਬਲਦੇਵ ਸਿੰਘ ਮੁਸਤਰਾਬਾਦ, ਬਾਬਾ ਵੱਸਣ ਸਿੰਘ ਮੜ੍ਹੀਆਵਾਲਾ, ਬਾਬਾ ਵਰਿਆਮ ਸਿੰਘ ਮੜ੍ਹੀਆਵਾਲਾ, ਬਾਬਾ ਮਾਨ ਸਿੰਘ ਮੜ੍ਹੀਆਵਾਲਾ, ਬਾਬਾ ਤਰਸੇਮ ਸਿੰਘ ਮਹਿਤਾ ਚੌਂਕ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਨੂੰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦੁਸ਼ਾਲਾ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਸਮਾਗਮ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਬਿਜੈ ਸਿੰਘ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਸਕੱਤਰ ਸਿੰਘ ਸਮੇਤ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।੨੦ ਅਕਤੂਬਰ

# ਬੰਦੀ-ਛੋੜ ਦਿਵਸ ਮੌਕੇ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀ ਤੇ ਕਰਮਚਾਰੀ ਸਨਮਾਨਿਤ

ਅੰਮ੍ਰਿਤਸਰ -ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿਦ ਸਾਹਿਬ ਜੀ ਦਾ ਬੰਦੀਛੋੜ ਦਿਵਸ ਸੱਚਖੰਡ ਸ੍ਰੀ ਹਰਿਮੰਦਰ

ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਮਨਾਉਣ ਤੇ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੁਲਾਜ਼ਮਾਂ, ਅਧਿਕਾਰੀਆਂ ਵੱਲੋਂ ਡਿਊਟੀ ਸੇਵਾ ਨਿਭਾਉਣ ਦੇ ਬਦਲੇ ਉਨ੍ਹਾਂ ਨੂੰ ਅੱਜ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਨਮਾਨਿਤ ਕੀਤਾ ਗਿਆ। ਸਨਮਾਨ ਸਮਾਰੋਹ ਮੌਕੇ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਵਿਖੇ ਸਮੂਹ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸਕੱਤਰ ਡਾ. ਰੂਪ ਸਿੰਘ ਨੇ ਸਮੂਹ ਮੁਲਾਜ਼ਮਾਂ ਨੂੰ ਸਾਂਝੇ ਤੌਰ ਤੇ ਪ੍ਰਧਾਨ ਸ਼੍ਰੋਮਣੀ ਕਮੇਟੀ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੇ ਮੁਲਾਜ਼ਮਾਂ ਦੇ ਰਿਣੀ ਹਨ, ਜਿਨ੍ਹਾਂ ਦੀ ਮਿਹਨਤ ਸਦਕਾ ਸੰਗਤਾਂ ਦੇ ਸਹਿਯੋਗ ਨਾਲ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿਦ ਸਾਹਿਬ ਜੀ ਦਾ ਬੰਦੀਛੋੜ ਦਿਵਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬਹੁਤ ਸ਼ਰਧਾਪੂਰਵਕ ਢੰਗ ਨਾਲ ਮਨਾਇਆ ਗਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਬੰਦੀਛੋੜ ਦਿਵਸ ਸੰਗਤਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਭਾਰੀ ਗਿਣਤੀ ਵਿਚ ਹਾਜ਼ਰੀ ਭਰ ਕੇ ਮਨਾਉਣ ਤੇ ਮਿਲੇ ਸਹਿਯੋਗ ਤੇ ਵੀ ਖ਼ੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਅਗਾਂਹ ਵੀ ਆਉਣ ਵਾਲੇ ਦਿਨ ਤਿਉਹਾਰ ਮੌਕੇ ਇਸੇ ਤਰ੍ਹਾਂ ਸੰਗਤਾਂ ਪਹੁੰਚ ਕੇ ਗੁਰੂ ਸਾਹਿਬ ਅੱਗੇ ਨਤਮਸਤਕ ਹੋਣ ਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ। ਸਨਮਾਨ ਸਮਾਰੋਹ ਮੌਕੇ ਬਾਬਾ ਭਜਨ ਸਿੰਘ ਭਲਵਾਨ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ, ਬਾਬਾ ਸੁਖਵਿੰਦਰ ਸਿੰਘ ਕਾਰ ਸੇਵਾ ਭੂਰੀਵਾਲੇ, ਬਾਬਾ ਧਰਮਜੀਤ ਸਿੰਘ ਕਾਰ ਸੇਵਾ ਬਾਬਾ ਅਟੱਲ ਰਾਏ ਜੀ, ਸ਼੍ਰੋਮਣੀ ਕਮੇਟੀ ਸਕੱਤਰ ਡਾ. ਰੂਪ ਸਿੰਘ, ਸ. ਅਵਤਾਰ ਸਿੰਘ ਸੈਂਪਲਾ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ ਦਾ ਸ਼੍ਰੋਮਣੀ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਇਸ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸਾਹਿਬਾਨ, ਮੁਲਾਜ਼ਮਾਂ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਦਾ ਡਿਊਟੀ ਸੇਵਾਵਾਂ ਨਿਭਾਉਣ ਤੇ ਧੰਨਵਾਦ, ਸਨਮਾਨਿਤ ਕਰਨ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਮਗਵਿੰਦਰ ਸਿੰਘ ਖਾਪੜਖੇੜੀ, ਜਥੇ: ਬਾਵਾ ਸਿੰਘ ਗੁਮਾਨਪੁਰਾ, ਸਕੱਤਰ ਡਾ. ਰੂਪ ਸਿੰਘ, ਸ. ਅਵਤਾਰ ਸਿੰਘ ਸੈਂਪਲਾ, ਸ. ਮਨਜੀਤ ਸਿੰਘ ਵੱਲੋਂ ਸਾਂਝੇ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਸਕੱਤਰ ਸ. ਮਨਜੀਤ ਸਿੰਘ ਸਕੱਤਰ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਮਹਿੰਦਰ ਸਿੰਘ ਆਹਲੀ, ਸ ਬਿਜੈ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਜਸਵਿੰਦਰ ਸਿੰਘ ਦੀਨਪੁਰ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਮੀਤ ਸਿੰਘ ਬੁੱਟਰ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸ. ਰਘਬੀਰ ਸਿੰਘ ਮੰਡ, ਐਡੀਸ਼ਨਲ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਸ. ਲਖਵਿੰਦਰ ਸਿੰਘ ਬੱਦੋਵਾਲ, ਸ. ਸੁਖਰਾਜ ਸਿੰਘ. ਸ. ਬਘੇਲ ਸਿੰਘ, ਸ. ਲਖਬੀਰ ਸਿੰਘ, ਸ. ਹਰਪ੍ਰੀਤ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ ਅਤੇ ਸ. ਮਲਕੀਤ ਸਿੰਘ ਬਹਿੜਵਾਲ, ਮੀਤ ਮੈਨੇਜਰ ਸ. ਗੁਰਪ੍ਰੀਤ ਸਿੰਘ ਤੇ ਸ. ਬਖਸ਼ੀਸ਼ ਸਿੰਘ ਆਦਿ ਹਾਜ਼ਰ ਸਨ।੨੦ ਅਕਤੂਬਰ

# ਲੈਫਟੀਨੈਂਟ ਜਨਰਲ ਜਗਜੀਤ ਸਿੰਘ ਅਰੋੜਾ, ਜਨਰਲ ਹਰਬਖ਼ਸ਼ ਸਿੰਘ ਤੇ ਏਅਰ ਮਾਰਸ਼ਲ ਸ. ਅਰਜਨ ਸਿੰਘ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸਥਾਪਤ

ਅੰਮ੍ਰਿਤਸਰ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੇ ਉੱਦਮਾਂ ਸਦਕਾ ਤਿੰਨ ਸਿੱਖ ਜਰਨੈਲਾਂ ਲੈਫਟੀਨੈਂਟ ਜਨਰਲ ਜਗਜੀਤ ਸਿੰਘ ਅਰੋੜਾ, ਜਨਰਲ ਹਰਬਖਸ਼ ਸਿੰਘ ਤੇ ਏਅਰ ਮਾਰਸ਼ਲ ਸ.

ਅਰਜਨ ਸਿੰਘ ਦੀਆਂ ਤਸਵੀਰਾਂ ਅੱਜ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸਥਾਪਤ ਕਰ ਦਿੱਤੀਆਂ ਗਈਆਂ। ਇਸ ਮੌਕੇ ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਪ੍ਰੋ: ਕਿਰਪਾਲ ਸਿੰਘ ਬਡੂੰਗਰ ਤੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਨਿਭਾਈ। ਇਸ ਤੋਂ ਪਹਿਲਾਂ ਭਾਈ ਬਲਵਿੰਦਰ ਸਿੰਘ ਲੋਪੋਕੇ ਦੇ ਹਜ਼ੂਰੀ ਰਾਗੀ ਜੱਥੇ ਵੱਲੋਂ ਪਾਵਨ ਗੁਰਬਾਣੀ ਦਾ ਅਨੰਦਮਈ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਕੁਲਵਿੰਦਰ ਸਿੰਘ ਅਰਦਾਸੀਏ ਨੇ ਕੀਤੀ।

ਇਸ ਸਮੇਂ ਬੋਲਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਇਤਿਹਾਸਕ ਤੱਥਾਂ ਦੇ ਆਧਾਰ 'ਤੇ ਤਿੰਨਾਂ ਯੋਧਿਆਂ ਦੇ ਜੀਵਨ ਅਤੇ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਖਾਲਸਾ ਪੰਥ ਦੇ ਯੋਧਿਆਂ ਨੇ ਹਮੇਸ਼ਾ ਹੀ ਦੇਸ਼, ਕੌਮ ਦੀ ਰਾਖੀ ਲਈ ਆਪਣੀਆਂ ਛਾਤੀਆਂ ਡਾਹ ਕੇ ਇਤਿਹਾਸ ਰਚਿਆ। ਇਨ੍ਹਾਂ ਸੂਰਬੀਰਾਂ ਦੀ ਹੀ ਦੇਣ ਹੈ ਕਿ ਅੱਜ ਪੰਜਾਬ ਭਾਰਤ ਦੇਸ਼ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਜ਼ੁਲਮ ਦੇ ਵਿਰੁੱਧ ਆਵਾਜ਼ ਉਠਾ ਕੇ ਸਿੱਖ ਕੌਮ ਨੂੰ ਆਜ਼ਾਦੀ ਤੇ ਨਿਡਰਤਾ ਦਾ ਸਿਧਾਂਤ ਦ੍ਰਿੜ੍ਹ ਕਰਵਾਇਆ। ਪ੍ਰੋ: ਬਡੂੰਗਰ ਨੇ ਕਿਹਾ ਕਿ ਸਿੱਖ ਨਾਇਕਾਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਇਸ ਕਰਕੇ ਲਗਾਈਆਂ ਜਾਂਦੀਆਂ ਹਨ ਕਿ ਵਰਤਮਾਨ ਅਤੇ ਭਵਿੱਖ ਦੀਆਂ ਪੀੜੀਆਂ ਸਿੱਖੀ ਬਾਣੇ ਤੇ ਸਿੱਖੀ ਸਰੂਪ ਵਿਚ ਰਹਿ ਕੇ ਹਰੇਕ ਖੇਤਰ ਵਿਚ ਅੱਗੇ ਵਧਣ ਲਈ ਪ੍ਰੇਰਣਾ ਲੈ ਸਕਣ। ਸਿੱਖ ਨੌਜੁਆਨੀ ਆਪਣੇ ਮਹਾਨ ਇਤਿਹਾਸ, ਵਿਰਾਸਤ ਤੇ ਸੱਭਿਆਚਾਰ ਦੇ ਵਿਲੱਖਣ ਖਜ਼ਾਨੇ ਤੋਂ ਜਾਣੂੰ ਹੋ ਸਕੇ। ਉਨ੍ਹਾਂ ਕਿਹਾ ਕਿ ਇਸ ਸਥਾਨ ਦੀਆਂ ਸਾਰੀਆਂ ਗੈਲਰੀਆਂ ਵਿਚੋਂ ਲੰਘ, ਆਖਰੀ ਗੈਲਰੀ ਤੀਕ ਪਹੁੰਚ ਕੇ ਸੰਗਤਾਂ ਨੂੰ ਆਪਣੇ ਮਨਾਂ ਅੰਦਰ ਕੌਮੀ ਇਤਿਹਾਸ ਤੇ ਪੰਥਕ ਭਾਵਨਾ ਦਾ ਅਨੋਖਾ ਅਨੁਭਵ ਮਹਿਸੂਸ ਹੁੰਦਾ ਹੈ ਅਤੇ ਉਹ ਆਪਣੇ ਮਨਾਂ ਅੰਦਰ ਸਿੱਖੀ ਪਿਆਰ ਨੂੰ ਭਰ ਕੇ ਲੈ ਜਾਂਦੀਆਂ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ ਨੂੰ ਗੁਰੂ ਸਾਹਿਬਾਨ, ਸਿੱਖ ਯੋਧਿਆਂ ਤੇ ਨਾਇਕਾਂ ਦੀਆਂ ਸਾਖੀਆਂ ਸੁਣਾ ਕੇ ਉਨ੍ਹਾਂ ਅੰਦਰ ਸਿੱਖੀ ਜਜ਼ਬਾ ਪੈਦਾ ਕਰਨ ਲਈ ਯਤਨਸ਼ੀਲ ਹੋਣ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਕਿਹਾ ਕਿ ਸਿੱਖ ਇਤਿਹਾਸ ਨੂੰ ਸੰਭਾਲਣਾ ਸਾਡੇ ਸਾਰਿਆਂ ਦਾ ਮੁੱਢਲਾ ਤੇ ਮੁੱਖ ਕਰਤੱਵ ਹੈ। ਉਨ੍ਹਾਂ ਕਿਹਾ ਕਿ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੀ ਦੂਰ ਅੰਦੇਸ਼ ਸੋਚ ਸਦਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀ ਸੇਵਾ ਤੇ ਫਰਜ਼ ਬਾਖੂਬੀ ਨਿਭਾਅ ਰਹੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਕੌਮੀ ਨਾਇਕਾਂ ਵਰਗੇ ਬਣਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਮੌਕੇ ਸਿੰਘ ਸਾਹਿਬ ਵੱਲੋਂ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਭਾਈ ਅਮਰਜੀਤ ਸਿੰਘ ਚਾਵਲਾ ਤੇ ਅੰਤ੍ਰਿੰਗ ਕਮੇਟੀ ਮੈਂਬਰਾਂ ਦਾ ਧੰਨਵਾਦ ਕਰਦਿਆਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਵਿਚ ਪੁੱਜੇ ਸ. ਸੁਰਜੀਤ ਸਿੰਘ ਇੰਗਲੈਂਡ ਤੇ ਸੂਬੇਦਾਰ ਸ. ਦਲਬੀਰ ਸਿੰਘ ਨੂੰ ਵੀ ਸਿੰਘ ਸਾਹਿਬ ਵੱਲੋਂ ਸਿਰੋਪਾਓ ਦੀ ਬਖਸ਼ਿਸ਼ ਕੀਤੀ ਗਈ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਸਿੱਖ ਕੌਮ ਦੇ ਅਮੀਰ ਇਤਿਹਾਸ ਨੂੰ ਵਰਤਮਾਨ ਪੀੜੀ ਸਾਹਮਣੇ ਪੇਸ਼ ਕਰਨ ਦਾ ਮਹੱਤਵਪੂਰਨ ਸਥਾਨ ਹੈ। ਉਨ੍ਹਾਂ ਕਿਹਾ ਕਿ ਸਿੱਖ ਪੰਥ, ਸਿੱਖਾਂ ਦੀ ਵੱਖਰੀ ਪਛਾਣ ਤੇ ਦੇਸ਼ ਲਈ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਵੱਖ-ਵੱਖ ਪ੍ਰਮੁੱਖ ਸ਼ਖਸੀਅਤਾਂ ਦੀਆਂ ਤਸਵੀਰਾਂ ਇਥੇ ਲਗਾਈਆਂ ਜਾਂਦੀਆਂ ਹਨ। ਉਨ੍ਹਾਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦਾ ਇਸ ਸਬੰਧੀ ਅਗਵਾਈ ਕਰਨ ਲਈ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਸੁਰਜੀਤ ਸਿੰਘ ਕਾਲਾਬੂਲਾ ਤੇ ਸ. ਬਲਵਿੰਦਰ ਸਿੰਘ ਵੇਈਂਪੂਈਂ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਮਨਜੀਤ ਸਿੰਘ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਅਜਾਇਬ ਸਿੰਘ ਅਭਿਆਸੀ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਿਕਰਮ ਸਿੰਘ ਕੋਟਲਾ, ਸ. ਗੁਰਲਾਲ ਸਿੰਘ ਫਤਹਿਗੜ੍ਹ ਸਾਹਿਬ ਤੇ ਸ. ਅਮਰਜੀਤ ਸਿੰਘ ਭਲਾਈਪੁਰ, ਸਕੱਤਰ ਡਾ. ਰੂਪ ਸਿੰਘ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਮਹਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਨਿੱਜੀ ਸਹਾਇਕ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਸ. ਸੁਰਜੀਤ ਸਿੰਘ ਇੰਗਲੈਂਡ, ਸੂਬੇਦਾਰ ਸ. ਦਲਬੀਰ ਸਿੰਘ, ਡਾ. ਮਨਜੀਤ ਸਿੰਘ ਭੋਮਾ, ਸ਼੍ਰੋਮਣੀ

ਕਮੇਟੀ ਦਾ ਸਮੁੱਚਾ ਸਟਾਫ ਅਤੇ ਸੰਗਤਾਂ ਹਾਜ਼ਰ ਸਨ। ੩੧ ਅਕਤੂਬਰ

# ਸ਼ਹੀਦ ਭਾਈ ਮਨੀ ਸਿੰਘ ਦੀ ਯਾਦ ਵਿਚ ਮਾਤਾ ਸਾਹਿਬ ਕੌਰ ਗਰਲਜ਼ ਕਾਲਜ਼ ਵਿਖੇ ਗੁਰਮਤਿ ਸਮਾਗਮ

## ਸਿੱਖ ਇਤਿਹਾਸ ਜਬਰ, ਜ਼ੁਲਮ ਅਤੇ ਅਨਿਆਂ ਵਿਰੁੱਧ ਸੰਘਰਸ਼ ਦੀ ਅਦੁੱਤੀ ਦਾਸਤਾਨ -ਪ੍ਰੋ: ਕਿਰਪਾਲ ਸਿੰਘ ਬਡੂੰਗਰ

ਤਲਵੰਡੀ ਸਾਬੋ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਸਥਿਤ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਵਿਖੇ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਮਨੀ ਸਿੰਘ ਦੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਸ਼ਬਦ ਕੀਰਤਨ, ਵਾਰ ਗਾਇਨ, ਕਵੀਸ਼ਰੀ ਗਾਇਨ, ਗੱਤਕਾ ਪ੍ਰਦਰਸ਼ਨੀ, ਧਾਰਮਿਕ ਲੈਕਚਰ, ਕੋਰੀਓਗ੍ਰਾਫੀ ਤੇ ਕਵਿਤਾ ਉਚਾਰਨ ਰਾਹੀਂ ਗੁਰਬਾਣੀ, ਸਿੱਖ ਇਤਿਹਾਸ, ਸਿੱਖ ਸੱਭਿਆਚਾਰ ਤੇ ਗੁਰਮਤਿ ਫਲਸਫੇ ਨਾਲ ਸੰਗਤਾਂ ਨੂੰ ਜੋੜਿਆ। ਸਮਾਗਮ ਦੀ ਆਰੰਭਤਾ ਸਮੇਂ ਕਾਲਜ ਦੀ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਜਿਥੇ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਅਤੇ ਹੋਰਾਂ ਨੂੰ ਜੀ ਆਇਆਂ ਕਿਹਾ ਉਥੇ ਹੀ ਸਮਾਗਮ ਦੀ ਰੂਪ ਰੇਖਾ ਤੇ ਮਨੋਰਥ ਸਬੰਧੀ ਵੀ ਚਾਨਣਾ ਪਾਇਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਾਰਾ ਸਿੱਖ ਇਤਿਹਾਸ ਜਬਰ, ਜ਼ੁਲਮ ਅਤੇ ਅਨਿਆਂ ਵਿਰੁੱਧ ਸੰਘਰਸ਼ ਦੀ ਅਦੁੱਤੀ ਦਾਸਤਾਨ ਹੈ। ਉਨ੍ਹਾਂ ਕਿਹਾ ਕਿ ਭਾਈ ਮਨੀ ਸਿੰਘ ਵੀ ਸਿੱਖ ਇਤਿਹਾਸ ਦੇ ਅਨਮੋਲ ਮੋਤੀ ਹਨ, ਜਿਨ੍ਹਾਂ ਨੇ ਧਰਮ ਲਈ ਆਪਣਾ ਬੰਦ ਬੰਦ ਕਟਵਾ ਕੇ ਸਿੱਖੀ ਵਿਚ ਪ੍ਰਪੱਕ ਰਹਿੰਦਿਆਂ ਬੇਮਿਸਾਲ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਵੱਲੋਂ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਲਈ ਪਾਏ ਵਡਮੁੱਲੇ ਯੋਗਦਾਨ ਨੂੰ ਸਦਾ ਯਾਦ ਰੱਖਿਆ ਜਾਵੇਗਾ। ਪ੍ਰੋ: ਬਡੂੰਗਰ ਨੇ ਭਾਈ ਮਨੀ ਸਿੰਘ ਦੇ ਜੀਵਨ ਨੂੰ ਹਾਜ਼ਰ ਵਿਦਿਆਥਣਾਂ ਨਾਲ ਸਾਂਝਿਆਂ ਕਰਦਿਆਂ ਕਿਹਾ ਕਿ ਕੌਮ ਦੀ ਖਾਤਰ ਆਪਾ ਵਾਰਨ ਵਾਲੇ ਅਜਿਹੇ ਸ਼ਹੀਦਾਂ ਨੂੰ ਆਦਰਸ਼ ਮੰਨ ਕੇ ਸਾਨੂੰ ਆਪਣੇ ਗੌਰਵਸ਼ਾਲੀ ਇਤਿਹਾਸ ਤੋਂ ਜ਼ਿੰਦਗੀ ਦੀਆਂ ਸੇਧਾਂ ਲੈਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਧਾਰਮਿਕ, ਰਾਜਨੀਤਿਕ, ਸੱਭਿਆਚਾਰਕ, ਆਰਥਕ ਅਤੇ ਵਿਗਿਆਨਕ ਭਾਵ ਮਨੁੱਖਤਾ ਨੂੰ ਜੀਵਨ ਦੇ ਹਰ ਪੱਖ ਤੋਂ ਅਗਵਾਈ ਦਿੱਤੀ, ਜਿਸ ਕਾਰਨ ਗੁਰਮਤਿ ਫਲਸਫਾ ਦੁਨੀਆਂ ਵਿਚੋਂ ਸਭ ਤੋਂ ਨਿਵੇਕਲਾ ਹੈ। ਪ੍ਰੋ: ਬਡੂੰਗਰ ਨੇ ਸਮਾਗਮ ਦੌਰਾਨ ਵੱਖ-ਵੱਖ ਧਾਰਮਿਕ ਪੇਸ਼ਕਾਰੀਆਂ ਕਰਨ ਵਾਲੀਆਂ ਵਿਦਿਆਰਥਣਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਨਕਦ ਇਨਾਮ ਦੇਣ ਦਾ ਵੀ ਐਲਾਨ ਕੀਤਾ।

ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ਼ਹੀਦ ਭਾਈ ਮਨੀ ਸਿੰਘ ਦੇ ਜੀਵਨ ਅਤੇ ਕਾਰਜਾਂ ਨੂੰ ਯਾਦ ਕਰਦਿਆਂ ਕਾਲਜ ਵੱਲੋਂ ਉਨ੍ਹਾਂ ਨੂੰ ਸਮਰਪਿਤ ਕਰਵਾਏ ਗਏ ਸਮਾਗਮ ਨੂੰ ਬੱਚੀਆਂ ਲਈ ਲਾਭਦਾਇਕ ਦੱਸਿਆ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਸ਼੍ਰੋਮਣੀ ਕਮੇਟੀ ਦੇ ਕਾਲਜਾਂ ਵਿਚ ਆਯੋਜਤ ਕੀਤੇ ਜਾ ਰਹੇ ਸਮਾਗਮਾਂ ਦੀ ਲੜੀ ਦੀ ਸ਼ਲਾਘਾ ਕਰਦਿਆਂ ਇਸਨੂੰ ਸਮੇਂ ਦੀ ਮੁੱਖ ਲੋੜ ਕਰਾਰ ਦਿੱਤਾ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਅਜਿਹੇ ਸਮਾਗਮਾਂ ਦੇ ਸਿੱਟੇ ਸਾਰਥਕ ਨਿਕਲਣਗੇ ਅਤੇ ਨੌਜੁਆਨੀ ਆਪਣੇ ਸਿੱਖ ਵਿਰਸੇ ਨਾਲ ਜੁੜੇਗੀ।

ਸਮਾਗਮ ਉਪਰੰਤ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਬਾਬਾ ਬੂਟਾ ਸਿੰਘ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੇ ਬਾਬਾ ਲਾਭ ਸਿੰਘ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆਂ ਵੱਲੋਂ ਕਾਲਜ ਵਿਖੇ ਤਿਆਰ ਕੀਤੇ ਗਏ ਸਾਇੰਸ ਬਲਾਕ ਦਾ ਰਸਮੀ ਉਦਘਾਟਨ ਵੀ ਕੀਤਾ। ਇਸ ਦੌਰਾਨ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਲਗਾਈਆਂ ਗਈਆਂ ਵੱਖ-ਵੱਖ ਪ੍ਰਦਰਸ਼ਨੀਆਂ ਵੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ।

ਇਸ ਮੌਕੇ ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਗੁਰਮੇਲ ਸਿੰਘ ਸੰਗਤਪੁਰਾ, ਬੀਬੀ ਜੋਗਿੰਦਰ ਕੌਰ

ਤੇ ਸ. ਸੁਰਜੀਤ ਸਿੰਘ ਕਾਲਾਬੂਲਾ ਅੰਤ੍ਰਿੰਗ ਮੈਂਬਰ, ਸ. ਮੇਜਰ ਸਿੰਘ ਢਿੱਲੋਂ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਮੋਹਣ ਸਿੰਘ ਬੰਗੀ, ਸ. ਮਨਜੀਤ ਸਿੰਘ ਬੱਪੀਆਣਾ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਸੁਖਚੈਨ ਸਿੰਘ ਧਰਮਪੁਰਾ, ਸ. ਮਿੱਠੂ ਸਿੰਘ ਕਾਹਨੇਕੇ, ਸ. ਗੁਰਤੇਜ ਸਿੰਘ ਢੱਡੇ, ਸ. ਸੁਰਜੀਤ ਸਿੰਘ ਰਾਏਪੁਰ ਤੇ ਸ. ਚਰਨਜੀਤ ਸਿੰਘ ਕਾਲੇਵਾਲ ਮੈਂਬਰ, ਬਾਬਾ ਭਜਨ ਸਿੰਘ ਭਲਵਾਨ ਕਾਰਸੇਵਾ ਵਾਲੇ, ਡਾ. ਤੇਜਿੰਦਰ ਕੌਰ ਧਾਲੀਵਾਲ ਪ੍ਰਿੰਸੀਪਲ ਗੁਰੂ ਨਾਨਕ ਗਰਲਜ਼ ਕਾਲਜ ਸ੍ਰੀ ਮੁਕਤਸਰ ਸਾਹਿਬ, ਚੇਅਰਮੈਨ ਸ. ਅਮਰਜੀਤ ਸਿੰਘ ਸਿੱਧੂ ਅਕਾਲੀ ਆਗੂ, ਸ. ਭਗਵੰਤ ਸਿੰਘ ਧੰਗੇੜਾ ਨਿੱਜੀ ਸਹਾਇਕ, ਭਾਈ ਗੁਰਜੰਟ ਸਿੰਘ ਹੈਡ ਗ੍ਰੰਥੀ, ਬਾਬਾ ਕਾਕਾ ਸਿੰਘ ਬੁੰਗਾ ਮਸਤੂਆਣਾ, ਸ. ਕਰਨ ਸਿੰਘ ਮੈਨੇਜਰ, ਸ. ਸ਼ਮਸ਼ੇਰ ਸਿੰਘ ਐਡੀ: ਮੈਨੇਜਰ, ਸ. ਜਗੀਰ ਸਿੰਘ, ਕਾਲਜ ਦਾ ਸਟਾਫ ਤੇ ਵੱਡੀ ਗਿਣਤੀ ਵਿਚ ਵਿਦਿਆਰਣਾਂ ਹਾਜ਼ਰ ਸਨ। ੨੧ ਅਕਤੂਬਰ

# ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼੍ਰੋਮਣੀ ਕਮੇਟੀ ਦੇ ਆਈ.ਟੀ. ਵਿੰਗ ਦਾ ਕੀਤਾ ਉਦਘਾਟਨ

## ਸੋਸ਼ਲ ਮੀਡੀਆ ਰਾਹੀਂ ਸਿੱਖੀ ਪ੍ਰਚਾਰ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਦੀਆਂ ਗਤੀਵਿਧੀਆਂ ਨੂੰ ਉਭਾਰਨ ਲਈ ਕੰਮ ਕਰੇਗਾ ਆਈ.ਟੀ. ਵਿੰਗ -ਪ੍ਰੋ. ਬਡੂੰਗਰ

ਅੰਮ੍ਰਿਤਸਰ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਦੇ ਨਾਲ ਨਾਲ ਸ਼੍ਰੋਮਣੀ ਕਮੇਟੀ ਦੀਆਂ ਗਤੀਵਿਧੀਆਂ ਅਤੇ ਪ੍ਰਾਪਤੀਆਂ ਨੂੰ ਸੋਸ਼ਲ ਮੀਡੀਆ ਰਾਹੀਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਤੀਕ ਪਹੁੰਚਾਉਣ ਲਈ ਨਵੇਂ ਸਥਾਪਿਤ ਕੀਤੇ ਗਏ ਆਈ.ਟੀ. ਵਿੰਗ (ਇਨਫ਼ਰਮੇਸ਼ਨ ਟੈਕਨਾਲੋਜੀ) ਦਾ ਉਦਘਾਟਨ ਅੱਜ ਅਰਦਾਸ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕੀਤਾ। ਇਹ ਵਿੰਗ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਤੋਂ ਚਲਾਏ ਜਾ ਰਹੇ ਇੰਟਰਨੈੱਟ ਵਿਭਾਗ ਦਾ ਹੀ ਇਕ ਭਾਗ ਹੋਵੇਗਾ।

ਉਦਘਾਟਨ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਲਈ ਵਰਤਮਾਨ ਸਮੇਂ ਵਿਚ ਇਲੈਕਟ੍ਰੋਨਿਕ ਤਕਨੀਕ ਦੀ ਵਰਤੋਂ ਬੇਹੱਦ ਜ਼ਰੂਰੀ ਹੈ ਕਿਉਂਕਿ ਅਜੋਕੀ ਪੀੜ੍ਹੀ ਦਾ ਵੱਡਾ ਹਿੱਸਾ ਆਧੁਨਿਕ ਸਾਧਨਾਂ ਦੀ ਵਰਤੋਂ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾਂਦੇ ਧਰਮ ਪ੍ਰਚਾਰ ਕਾਰਜਾਂ ਤੋਂ ਇਲਾਵਾ ਸਮਾਜਿਕ, ਵਿਦਿਅਕ ਅਤੇ ਲੋਕ ਕਲਿਆਣਕਾਰੀ ਗਤੀਵਿਧੀਆਂ ਨੂੰ ਸੰਸਾਰ ਭਰ ਦੇ ਲੋਕਾਂ ਤੱਕ ਪਹੁੰਚਾਉਣ ਲਈ ਇਹ ਆਈ.ਟੀ. ਵਿੰਗ ਸਥਾਪਿਤ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸੋਸ਼ਲ ਮੀਡੀਆ ਤੇ ਆਉਂਦੇ ਸਵਾਲਾਂ ਦਾ ਜਵਾਬ ਦੇਣ ਦੇ ਨਾਲ-ਨਾਲ ਵੱਖ-ਵੱਖ ਸਿੱਖ ਮਸਲਿਆਂ ਤੇ ਸੰਜੀਦਾ ਗੱਲਬਾਤ ਨੂੰ ਸੰਗਤਾਂ ਤੱਕ ਪਹੁੰਚਾਉਣ ਲਈ ਇਸ ਮਾਧਿਅਮ ਨੂੰ ਵਰਤਿਆ ਜਾਵੇਗਾ। ਪ੍ਰੋ. ਬਡੂੰਗਰ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਜਲਦੀ ਹੀ ਇਕ ਸਟੂਡਿਓ ਵੀ ਬਣਾਇਆ ਜਾਵੇਗਾ।

ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸੰਗਤਾਂ ਦੀ ਮੰਗ ਅਨੁਸਾਰ ਇਸ ਕਾਰਜ ਲਈ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਕੱਤਰ ਡਾ. ਰੂਪ ਸਿੰਘ, ਪ੍ਰੋ. ਸੁਖਜੀਤ ਸਿੰਘ, ਡਾ. ਮਨਪ੍ਰੀਤ ਸਿੰਘ ਅਤੇ ਡਾ. ਕਨਵਲਵੀਰ ਸਿੰਘ ਢੀਂਡਸਾ 'ਤੇ ਆਧਾਰਿਤ ਇਕ ਸਬ-ਕਮੇਟੀ ਬਣਾਈ ਗਈ ਸੀ, ਜਿਸ ਵੱਲੋਂ ਦਿੱਤੇ ਗਏ ਸੁਝਾਵਾਂ ਅਨੁਸਾਰ ਆਈ.ਟੀ. ਵਿੰਗ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ ਲੁਧਿਆਣਾ ਦੇ ਪ੍ਰੋ. ਸੁਖਜੀਤ ਸਿੰਘ ਅਤੇ ਡਾ. ਮਨਪ੍ਰੀਤ ਸਿੰਘ ਤੋਂ ਇਲਾਵਾ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਡਾ. ਕਨਵਲਵੀਰ ਸਿੰਘ ਢੀਂਡਸਾ ਸਲਾਹਕਾਰ ਵਜੋਂ ਕੰਮ ਕਰਨਗੇ।

ਦੱਸਣਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੰਟਰਨੈੱਟ ਵਿਭਾਗ ਲੰਮੇ ਸਮੇਂ ਤੋਂ ਕਾਰਜਸ਼ੀਲ ਹੈ, ਜਿਸ ਦੁਆਰਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਲਾਈਵ ਕੀਰਤਨ, ਪਾਵਨ ਹੁਕਮਨਾਮਾ ਰੋਜ਼ਾਨਾ ਸੰਗਤਾਂ ਤੱਕ ਪਹੁੰਚਾਇਆ ਜਾਂਦਾ ਹੈ। ਇਸ ਤੋਂ ਇਲਾਵਾ ਸਿੱਖ ਇਤਿਹਾਸ, ਸਿੱਖ ਸਿਧਾਂਤਾਂ ਅਤੇ ਸਿੱਖ ਰਹਿਤ-ਮਰਿਯਾਦਾ ਨੂੰ ਵੀ ਵੱਡੀ ਪੱਧਰ 'ਤੇ ਪ੍ਰਚਾਰਿਆ ਜਾਂਦਾ ਹੈ। ਹੁਣ ਇਸ ਦਾ ਹੋਰ ਵਿਸਥਾਰ ਕਰਦਿਆਂ ਸੋਸ਼ਲ ਮੀਡੀਆ ਤੇ ਸਰਗਰਮ ਹੋਣ

ਲਈ ਨਵਾਂ ਆਈ.ਟੀ. ਵਿੰਗ ਸਥਾਪਿਤ ਕੀਤਾ ਗਿਆ ਹੈ।

ਉਦਘਾਟਨ ਸਮੇਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਰਾਮ ਸਿੰਘ, ਸ. ਬਲਵਿੰਦਰ ਸਿੰਘ ਵੇਈਂਪੁਈਂ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਬਚਨ ਸਿੰਘ ਕਰਮੂਵਾਲਾ, ਬੀਬੀ ਕਿਰਨਜੋਤ ਕੌਰ, ਸ. ਹਰਪਾਲ ਸਿੰਘ ਜੱਲਾ, ਸ. ਗੁਰਤੇਜ ਸਿੰਘ ਢੱਡੇ, ਸ. ਤਾਰਾ ਸਿੰਘ ਸੱਲਾ, ਸ਼੍ਰੋਮਣੀ ਕਮੇਟੀ ਸਕੱਤਰ ਡਾ. ਰੂਪ ਸਿੰਘ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ ਤੇ ਸ. ਬਿਜੈ ਸਿੰਘ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਸਕੱਤਰ ਸਿੰਘ ਤੇ ਸ. ਬਲਵਿੰਦਰ ਸਿੰਘ ਕਾਹਲਵਾਂ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਇੰਟਰਨੈੱਟ ਵਿਭਾਗ ਦੇ ਇੰਚਾਜ ਸ. ਜਸਪਾਲ ਸਿੰਘ, ਸ. ਸੁਖਬੀਰ ਸਿੰਘ ਵਧੀਕ ਮੈਨੇਜਰ ਆਦਿ ਮੌਜੂਦ ਸਨ।੨੭ ਅਕਤੂਬਰ

# ਅਧਿਆਤਮਕ ਤੇ ਸਮਾਜਕ ਵਿਕਾਸ ਲਈ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਜੀਵਨ ਦਾ ਮਾਰਗ ਦਰਸ਼ਕ ਬਣਾਉਣਾ ਚਾਹੀਦਾ -ਪ੍ਰੋ: ਕਿਰਪਾਲ ਸਿੰਘ ਬਡੂੰਗਰ

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਸਮਰਪਿਤ ਤ੍ਰੈ-ਸ਼ਤਾਬਦੀ ਖਾਲਸਾ ਕਾਲਜ ਵਿਖੇ ਕਰਵਾਇਆ ਅਰਦਾਸ ਦਿਵਸ ਸਮਾਗਮ

ਅੰਮ੍ਰਿਤਸਰ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤ੍ਰੈ-ਸ਼ਤਾਬਦੀ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ਼ ਸ੍ਰੀ ਅੰਮ੍ਰਿਤਸਰ ਵਿਖੇ ਦਸਵੇਂ ਪਾਤਸ਼ਾਹ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰਦਾਸ ਦਿਵਸ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦਾ ਕਾਲਜ਼ ਪ੍ਰਬੰਧਕਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਕਵਿਤਾ ਗਾਇਨ ਤੇ ਕਵੀਸ਼ਰੀ ਉਚਾਰਨ ਰਾਹੀਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਤੇ ਲਾਸਾਨੀ ਕੁਰਬਾਨੀ ਨੂੰ ਨਿਵੇਕਲੇ ਢੰਗ ਨਾਲ ਪੇਸ਼ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਰਬੰਸਦਾਨੀ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਦੱਬੇ ਕੁਚਲੇ ਮਜ਼ਲੂਮ ਲੋਕਾਂ ਅੰਦਰ ਜ਼ੁਲਮ ਖਿਲਾਫ ਡਟਣ ਦੀ ਅਜਿਹੀ ਹਿੰਮਤ ਭਰੀ ਕਿ ਮੁਗ਼ਲੀਆ ਹਕੂਮਤ ਦਾ ਤਖਤਾ ਇਸ ਦੇਸ਼ ਵਿਚੋਂ ਹਮੇਸ਼ਾ ਲਈ ਪੁੱਟਿਆ ਗਿਆ। ਸ੍ਰੀ ਗੁਰੂ ਗੋਬਿੰਦ ਸਿੰਘ ਨੇ ਸੰਨ ੧੬੯੯ ਵਿਚ ਖਾਲਸਾ ਸਜਾ ਕੇ ਦੇਸ਼ ਦੇ ਲੋਕਾਂ ਨੂੰ ਅਣਖ, ਗ਼ੈਰਤ, ਨਿਡਰਤਾ ਤੇ ਇੱਜ਼ਤ ਨਾਲ ਜਿਉਣ ਦਾ ਮਾਰਗ ਦਿਖਾਇਆ ਅਤੇ ਆਪਣੇ ਧਰਮ ਦੀ ਰੱਖਿਆ ਲਈ ਜ਼ੁਲਮ ਵਿਰੁੱਧ ਖੜ੍ਹੇ ਹੋਣ ਦੀ ਜਾਚ ਸਿਖਾਈ। ਪ੍ਰੋ: ਬਡੂੰਗਰ ਨੇ ਕਿਹਾ ਕਿ ਦਸਮ ਪਾਤਸ਼ਾਹ ਨੇ ਖਾਲਸਾ ਪੰਥ ਅਤੇ ਦੇਸ਼ ਦੀ ਰੱਖਿਆ ਲਈ ਆਪਣਾ ਸਰਬੰਸ ਵਾਰ ਦਿੱਤਾ, ਜਿਸ ਵਰਗੀ ਮਿਸਾਲ ਦੁਨੀਆਂ ਦੇ ਕਿਸੇ ਇਤਿਹਾਸ ਅੰਦਰ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਨੇ ਖਾਲਸਾ ਪੰਥ ਨੂੰ ਸੰਕਟ ਦੀ ਘੜੀ ਵਿਚ ਵੀ ਚੜ੍ਹਦੀ ਕਲਾ ਨਾਲ ਰਹਿਣਾ ਸਿਖਾਇਆ। ਉਨ੍ਹਾਂ ਕਿਹਾ ਕਿ ਦਸਮ ਪਿਤਾ ਦੇ ਹੁਕਮ ਅਨੁਸਾਰ ਸਮੂਹ ਸਿੱਖਾਂ ਨੂੰ ਅਧਿਆਤਮਕ ਤੇ ਸਮਾਜਕ ਵਿਕਾਸ ਲਈ ਧਰਮ ਵਿਚ ਪ੍ਰਪੱਕ ਰਹਿੰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਆਪਣੇ ਜੀਵਨ ਦਾ ਮਾਰਗ ਦਰਸ਼ਕ ਬਣਾਉਣਾ ਚਾਹੀਦਾ ਹੈ ਅਤੇ ਗੁਰੂ ਵਾਲੇ ਬਣ ਕੇ ਇਸ ਸਮਾਜ ਨੂੰ ਮਨੁੱਖੀ ਕਦਰਾਂ-ਕੀਮਤਾਂ ਪੱਖੋਂ ਉੱਨਤ ਬਣਾਉਣ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ।

ਇਸ ਸਮੇਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਕਾਲਜ ਦੀ ਵੈੱਬਸਾਈਟ ਅਤੇ ਮਾਤਾ ਸਾਹਿਬ ਕੌਰ ਦੇ ਨਾਮ 'ਤੇ ਬਣਾਈ ਜਾਣ ਵਾਲੀ ਨਵੀਂ ਪਾਰਕ ਦਾ ਉਦਘਾਟਨ ਵੀ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਧੰਨਵਾਦ ਕਰਦਿਆਂ ਪੁੱਜੀਆਂ ਸਮੂਹ ਸ਼ਖਸੀਅਤਾਂ ਨੂੰ ਜੀ ਆਇਆਂ ਆਖਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਰਾਮ ਸਿੰਘ ਤੇ ਸ. ਸੁਰਜੀਤ ਸਿੰਘ ਕਾਲਾਬੂਲਾ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਬੀਬੀ ਕਿਰਨਜੋਤ ਕੌਰ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਭਗਵੰਤ ਸਿੰਘ ਸਿਆਲਕਾ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਸ. ਅਜਾਇਬ ਸਿੰਘ ਅਭਿਆਸੀ, ਸਕੱਤਰ ਡਾ. ਰੂਪ ਸਿੰਘ ਤੇ ਸ.

ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਡਾ. ਪਰਮਜੀਤ ਸਿੰਘ ਸਰੋਆ, ਸ. ਬਿਜੈ ਸਿੰਘ, ਸ. ਮਹਿੰਦਰ ਸਿੰਘ ਆਹਲੀ, ਨਿੱਜੀ ਸਹਾਇਕ ਸ. ਭਗਵੰਤ ਸਿੰਘ ਧੰਗੇੜਾ, ਸ. ਰਾਜਿੰਦਰ ਸਿੰਘ ਰੂਬੀ ਐਡੀਸ਼ਨਲ ਮੈਨੇਜਰ, ਪ੍ਰਿੰਸੀਪਲ ਡਾ. ਗਗਨਦੀਪ ਸਿੰਘ, ਸੁਪ੍ਰਿੰਟੈਂਡੈਂਟ ਸ. ਮਨਿੰਦਰਮੋਹਨ ਸਿੰਘ, ਕਾਲਜ ਦਾ ਸਟਾਫ ਤੇ ਵੱਡੀ ਗਿਣਤੀ ਵਿਚ ਵਿਦਿਆਰਥੀ ਹਾਜ਼ਰ ਸਨ। ੩੦ ਅਕਤੂਬਰ

## ਸ. ਜਸਵਿੰਦਰ ਸਿੰਘ ਦੀਪ ਮੀਤ ਸਕੱਤਰ ਨੂੰ ਸੇਵਾ ਮੁਕਤ ਹੋਣ 'ਤੇ ਨਿੱਘੀ ਵਿਦਾਇਗੀ

ਅੰਮ੍ਰਿਤਸਰ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਮੀਤ ਸਕੱਤਰ ਵਜੋਂ ਸੇਵਾ ਨਿਭਾਅ ਰਹੇ ਸ. ਜਸਵਿੰਦਰ ਸਿੰਘ ਦੀਪ ਦੇ ਸੇਵਾਮੁਕਤ ਹੋਣ 'ਤੇ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਸ. ਦੀਪ ਨੂੰ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਸ੍ਰੀ ਸਾਹਿਬ, ਸਿਰੋਪਾਓ, ਲੋਈ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ।

ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕੱਤਰਤਾ ਹਾਲ ਵਿੱਚ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਨੇ ਕਿਹਾ ਕਿ ਸ. ਜਸਵਿੰਦਰ ਸਿੰਘ ਨੇ ਸ਼੍ਰੋਮਣੀ ਕਮੇਟੀ ਵਿੱਚ ਵੱਖ-ਵੱਖ ਅਹੁਦਿਆਂ ਤੇ ਰਹਿੰਦੇ ਹੋਏ ਆਪਣੇ ਜਿੰਮੇ ਲੱਗੀਆਂ ਸੇਵਾਵਾਂ ਨੂੰ ਲਗਨ, ਮਿਹਨਤ ਤੇ ਇਮਾਨਦਾਰੀ ਨਾਲ ਬਾਖੂਬੀ ਨਿਭਾਇਆ ਹੈ। ਉਨ੍ਹਾਂ ਕਿਹਾ ਸ. ਦੀਪ ੧੯੮੭ ਵਿਚ ਬਤੌਰ ਕਲਰਕ ਭਰਤੀ ਹੋ ਕੇ ਆਪਣੀ ਮਿਹਨਤ ਅਤੇ ਕਾਬਲੀਅਤ ਨਾਲ ਮੀਤ ਸਕੱਤਰ ਦੇ ਉੱਚ ਅਹੁਦੇ ਤਕ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਸ. ਜਸਵਿੰਦਰ ਸਿੰਘ ਬਹੁਤ ਨਿੱਘੇ ਸੁਭਾਅ ਦੇ ਮਾਲਕ ਹਨ ਅਤੇ ਇਨ੍ਹਾਂ ਵਰਗੇ ਤਜ਼ਰਬੇਕਾਰ ਵਿਅਕਤੀਆਂ ਤੋਂ ਨਵੇਂ ਕਰਮਚਾਰੀਆਂ ਨੂੰ ਸਿੱਖਣ ਦੀ ਲੋੜ ਹੈ। ਇਸ ਮੌਕੇ ਐਡੀਸ਼ਨਲ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਕੇਵਲ ਸਿੰਘ ਅਤੇ ਮੀਤ ਸਕੱਤਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਵੀ ਸ. ਜਸਵਿੰਦਰ ਸਿੰਘ ਦੀਪ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਚੰਗੇ ਭਵਿੱਖ ਲਈ ਸ਼ੁਭ ਕਾਮਨਾਵਾਂ ਵੀ ਦਿੱਤੀਆਂ।

ਇਸ ਮੌਕੇ ਸੇਵਾ ਮੁਕਤ ਹੋਏ ਸ. ਜਸਵਿੰਦਰ ਸਿੰਘ ਦੀਪ ਨੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਆਪਣੇ ਆਪ ਨੂੰ ਵਡਭਾਗਾ ਸਮਝਦੇ ਹਨ ਕਿ ਉਨ੍ਹਾਂ ਨੂੰ ਇਸ ਮਹਾਨ ਸੰਸਥਾ ਵਿਚ ਸੇਵਾ ਨਿਭਾਉਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਇਸ ਮੌਕੇ ਐਡੀਸ਼ਨਲ ਸਕੱਤਰ ਸ. ਮਹਿੰਦਰ ਸਿੰਘ ਆਹਲੀ ਤੇ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਗੁਰਮੀਤ ਸਿੰਘ ਬੁੱਟਰ, ਸ. ਹਰਜੀਤ ਸਿੰਘ ਲਾਲੂਘੁੰਮਣ ਤੇ ਸ. ਮਹਿੰਦਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ, ਪ੍ਰੋ: ਸੁਖਦੇਵ ਸਿੰਘ ਇੰਚਾਰਜ, ਸ. ਹਰਪ੍ਰੀਤ ਸਿੰਘ ਤੇ ਸ. ਨਰਿੰਦਰ ਸਿੰਘ ਐਡੀਸ਼ਨਲ ਮੈਨੇਜਰ ਸਮੇਤ ਵੱਡੀ ਗਿਣਤੀ ਵਿਚ ਸ਼੍ਰੋਮਣੀ ਕਮੇਟੀ ਮੁਲਾਜ਼ਮ ਅਤੇ ਸ. ਦੀਪ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ। ੦੩ ਅਕਤੂਬਰ

## ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸਿੱਖ ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਰਵਾਨਾ

ਅੰਮ੍ਰਿਤਸਰ, -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਗਤ ਗੁਰੂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਲਈ ੮੪੬ ਸ਼ਰਧਾਲੂਆਂ ਦਾ ਜੱਥਾ ਸ. ਗੁਰਮੀਤ ਸਿੰਘ ਬੂਹ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿਚ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ ਗਿਆ। ਜਥਾ ਰਵਾਨਾ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਅਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਨੇ ਸਾਂਝੇ ਤੌਰ 'ਤੇ ਜਥੇ ਦੇ ਲੀਡਰ ਸ. ਗੁਰਮੀਤ ਸਿੰਘ ਬੂਹ, ਡਿਪਟੀ ਲੀਡਰ ਸ. ਰਵਿੰਦਰ ਸਿੰਘ ਖ਼ਾਲਸਾ, ਬੀਬੀ ਨਰਿੰਦਰ ਕੌਰ, ਬੀਬੀ ਦਵਿੰਦਰ ਕੌਰ ਅਤੇ ਪ੍ਰਬੰਧਕ ਸ. ਗੁਰਿੰਦਰਪਾਲ ਸਿੰਘ ਠਰੂ ਨੂੰ ਸਿਰੋਪਾਓ ਦਿੱਤੇ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ

ਤਰ੍ਹਾਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਵਿਖੇ ਭੇਜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਤੇ ਪਾਕਿਸਤਾਨ ਅੰਬੈਸੀ ਨੂੰ ਭੇਜੇ ੯੮੦ ਸ਼ਰਧਾਲੂਆਂ ਦੇ ਪਾਸਪੋਰਟਾਂ ਵਿਚੋਂ ੯੪੬ ਵੀਜ਼ੇ ਪ੍ਰਦਾਨ ਕੀਤੇ ਗਏ ਹਨ ਅਤੇ ੩੪ ਸ਼ਰਧਾਲੂਆਂ ਨੂੰ ਵੀਜ਼ਾ ਨਹੀਂ ਦਿੱਤਾ ਗਿਆ। ਡਾ. ਰੂਪ ਸਿੰਘ ਨੇ ਕਿਹਾ ਕਿ ਪਾਕਿਸਤਾਨ ਵਿਖੇ ਸਿੱਖਾਂ ਦੇ ਇਤਿਹਾਸਕ ਤੇ ਧਾਰਮਿਕ ਗੁਰਦੁਆਰਾ ਸਾਹਿਬਾਨ ਸੁਸ਼ੋਭਿਤ ਹਨ ਅਤੇ ਹਰ ਸਿੱਖ ਰੋਜ਼ਾਨਾ ਅਰਦਾਸ ਵਿਚ ਉਨ੍ਹਾਂ ਗੁਰਧਾਮਾਂ ਦੇ ਦਰਸ਼ਨ ਕਰਨ ਨੂੰ ਲੋਚਦਾ ਹੈ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਵੱਧ ਤੋਂ ਵੱਧ ਸਿੱਖ ਸ਼ਰਧਾਲੂਆਂ ਨੂੰ ਵੀਜ਼ੇ ਜਾਰੀ ਕੀਤੇ ਜਾਣ ਤਾਂ ਜੋ ਉਹ ਆਪਣੇ ਵਿਛੜੇ ਗੁਰਧਾਮਾਂ ਦੇ ਦਰਸ਼ਨ ਕਰ ਸਕਣ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਜੱਥੇ ਦੇ ਮੁੱਖ ਲੀਡਰ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮੀਤ ਸਿੰਘ ਬੂਹ ਜਦ ਕਿ ਡਿਪਟੀ ਲੀਡਰ ਵਜੋਂ ਸ਼੍ਰੋਮਣੀ ਕਮੇਟੀ ਮੈਂਬਰ ਸ. ਰਵਿੰਦਰ ਸਿੰਘ, ਬੀਬੀ ਨਰਿੰਦਰ ਕੌਰ ਤੇ ਬੀਬੀ ਦਵਿੰਦਰ ਕੌਰ ਨੂੰ ਸੇਵਾ ਸੌਂਪੀ ਗਈ ਹੈ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਜਨਮ ਅਸਥਾਨ ਨਨਕਾਣਾ ਸਾਹਿਬ (ਪਾਕਿਸਤਾਨ) ਲਈ ਧਾਰਮਿਕ ਲਿਟਰੇਚਰ ਤੋਂ ਇਲਾਵਾ ੭੫੦ ਥਾਲੀਆਂ, ੭੫੦ ਗਲਾਸ, ੭੫੦ ਕੌਲੀਆਂ (ਬਾਟੇ), ਸੈਂਚੀਆਂ ਸਾਹਿਬ ਦੋ ਸੈੱਟ, ਦੋ ਸੋ ਗੁਟਕਾ ਨਿਤਨੇਮ ਸਾਹਿਬ ਅਤੇ ਇਕ ਸੋ ਗੁਟਕਾ ਸੁਖਮਨੀ ਸਾਹਿਬ ਭੇਜੇ ਗਏ ਹਨ।

ਜਥੇ ਦੇ ਮੁੱਖ ਲੀਡਰ ਸ. ਗੁਰਮੀਤ ਸਿੰਘ ਬੂਹ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਵਿਖੇ ਗੁਰਪੁਰਬ ਮਨਾਉਣ ਲਈ ਉਨ੍ਹਾਂ ਨੂੰ ਜਥੇ ਦੀ ਅਗਵਾਈ ਕਰਨ ਦਾ ਸੁਭਾਅ ਪ੍ਰਾਪਤ ਹੋਣਾ ਉਨ੍ਹਾਂ ਦੀ ਖ਼ੁਸ਼ਕਿਸਮਤੀ ਹੈ। ਉਨ੍ਹਾਂ ਦੱਸਿਆ ਕਿ ਇਹ ਜੱਥਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਅਤੇ ਸਿੱਖਾਂ ਦੇ ਪਹਿਲੇ ਤੀਰਥ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਅਤੇ ਗੁਰਦੁਆਰਾ ਸੱਚਾ ਸੌਦਾ ਸਾਹਿਬ, ਮੰਡੀ ਚੂਹੜਕਾਨਾ (ਸ਼ੇਖੂਪੁਰਾ) ਦੇ ਦਰਸ਼ਨ-ਦੀਦਾਰੇ ਕਰੇਗਾ ਅਤੇ ੪ ਨਵੰਬਰ ਨੂੰ ਪਹਿਲੇ ਪਾਤਸ਼ਾਹ ਜੀ ਦਾ ਪ੍ਰਕਾਸ਼ ਪੁਰਬ ਮਨਾਏਗਾ। ਉਪਰੰਤ ੬ ਨਵੰਬਰ ਨੂੰ ਗੁਰਦੁਆਰਾ ਸ੍ਰੀ ਪੰਜਾ ਸਾਹਿਬ, ੮ ਨਵੰਬਰ ਨੂੰ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲਾਹੌਰ, ਗੁਰਦੁਆਰਾ ਸ੍ਰੀ ਰੋੜੀ ਸਾਹਿਬ (ਐਮਨਾਬਾਦ), ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਕੇ ੧੧ ਨਵੰਬਰ ੨੦੧੭ ਨੂੰ ਵਾਪਸ ਭਾਰਤ ਪਰਤ ਆਵੇਗਾ।

ਇਸ ਮੌਕੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਸਕੱਤਰ ਸਿੰਘ, ਐਡੀਸ਼ਨਲ ਮੈਨੇਜਰ ਸ. ਬਘੇਲ ਸਿੰਘ, ਇੰਚਾਰਜ ਸ. ਕਰਨਜੀਤ ਸਿੰਘ ਤੇ ਕਰਮਬੀਰ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਸਮੇਤ ਵੱਡੀ ਗਿਣਤੀ ਵਿਚ ਸ਼੍ਰੋਮਣੀ ਕਮੇਟੀ ਦਾ ਸਟਾਫ਼ ਹਾਜ਼ਰ ਸੀ। ੦੨ ਨਵੰਬਰ

■

ਅੰਮ੍ਰਿਤ ਛਕੋ,

ਸਿੰਘ ਸਜੋ

# ਧਰਮ ਪ੍ਰਚਾਰ ਕਮੇਟੀ ਦੀਆਂ ਸੇਵਾ ਸਰਗਰਮੀਆਂ

## ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਾਵਨ ਬਾਣੀ ਸਮੁੱਚੇ ਬ੍ਰਹਿਮੰਡ ਦੀਆਂ ਸਮੂਹ ਸਮੱਸਿਆਵਾਂ ਦਾ ਸਮਾਧਾਨ - ਪ੍ਰੋ: ਕਿਰਪਾਲ ਸਿੰਘ ਬਡੂੰਗਰ

### ਗੁਰੂ ਨਾਨਕ ਖਾਲਸਾ ਕਾਲਜ ਵਿਖੇ ਕਰਵਾਇਆ ਵਿਸ਼ੇਸ਼ ਸੈਮੀਨਾਰ

ਸੁਲਤਾਨਪੁਰ ਲੋਧੀ -ਅੱਜ ਦੇ ਸੁਆਰਥਪੂਰਨ ਤੇ ਆਪੋ-ਧਾਪੀ ਵਾਲੇ ਦੌਰ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਤੇ ਉਪਦੇਸ਼ ਸਮੁੱਚੀ ਮਨੁੱਖਤਾ ਨੂੰ ਅਗਵਾਈ ਪ੍ਰਦਾਨ ਕਰਨ ਵਾਲਾ ਅਤੇ ਮਨੁੱਖੀ ਮਨ ਦੀਆਂ ਉਲਝਣਾਂ ਤੇ ਭਟਕਣਾਂ ਨੂੰ ਮਿਟਾਉਣ ਵਾਲਾ ਅਮੁੱਲ ਖਜ਼ਾਨਾ ਹੈ। ਉਨ੍ਹਾਂ ਦੀ ਪਾਵਨ ਬਾਣੀ ਵਿਚ ਸਮੁੱਚੇ ਬ੍ਰਹਿਮੰਡ ਦੀਆਂ ਸਮੂਹ ਸਮੱਸਿਆਂਵਾਂ ਦਾ ਸਮਾਧਾਨ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਅੱਜ ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਪਦੇਸ਼ ਤੇ ਪਰਉਪਕਾਰ ਵਿਸ਼ੇ 'ਤੇ ਕਰਵਾਏ ਗਏ ਵਿਸ਼ੇਸ਼ ਸੈਮੀਨਾਰ ਵਿਚ ਮੁੱਖ ਮਹਿਮਾਨ ਵਜੋਂ ਸ਼ਿਕਰਤ ਕਰਦਿਆਂ ਕੀਤਾ। ਉਨ੍ਹਾਂ ਪਹਿਲੇ ਪਾਤਸ਼ਾਹ ਦੇ ਜੀਵਨ ਪੱਖ ਬਾਰੇ ਬੋਲਦਿਆਂ ਗੁਰੂ ਜੀ ਦੀ ਚਿਰ-ਸਦੀਵ ਵਿਚਾਰਧਾਰਾ ਦੇ ਧਾਰਨੀ ਬਣਨ ਲਈ ਪ੍ਰੇਰਿਆ। ਪ੍ਰੋ: ਬਡੂੰਗਰ ਨੇ ਕਿਹਾ ਕਿ ਪਹਿਲੇ ਪਾਤਸ਼ਾਹ ਉਹ ਕ੍ਰਾਂਤੀਕਾਰੀ ਰਹਿਬਰ ਸਨ, ਜਿਨ੍ਹਾਂ ਨੇ ਸਮਾਜ ਵਿਚ ਹੋ ਰਹੀ ਲੁੱਟ-ਖਸੁੱਟ ਤੇ ਅਨਿਆਂ ਦੀ ਪ੍ਰਵਿਰਤੀ ਵਿਰੁੱਧ ਤਿੱਖੀ ਸੁਰ ਵਿਚ ਆਵਾਜ਼ ਉਠਾਈ। ਜਿਥੇ ਗੁਰੂ ਸਾਹਿਬ ਨੇ ਸਮਾਜਕ, ਧਾਰਮਿਕ ਤੇ ਰਾਜਨੀਤਿਕ ਸੁਧਾਰਾਂ ਦੀ ਗੱਲ ਕੀਤੀ, ਉਥੇ ਹੀ ਮਨੁੱਖੀ ਮਾਨਸਿਕਤਾ ਨੂੰ ਮਨੋਵਿਗਿਆਨਕ ਪੱਖ ਤੋਂ ਵਡਮੁੱਲੀਆਂ ਸੇਧਾਂ ਪ੍ਰਦਾਨ ਕੀਤੀਆਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ੨੦ ਰੁਪਏ ਨਾਲ ਲੰਗਰ ਲਗਾ ਕੇ ਜੋ ਪਰਉਪਕਾਰ ਦਾ ਸਿਧਾਂਤ ਸਿੱਖ ਪੰਥ ਨੂੰ ਬਖਸ਼ਿਆਂ ਉਹ ਅੱਜ ਵੀ ਖਾਲਸਾ ਪੰਥ ਦੀ ਸ਼ਾਨ ਬਣਿਆ ਹੋਇਆ ਹੈ।

ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਮਨੁੱਖੀ ਕਲਿਆਣ ਦਾ ਉਹ ਮਾਰਗ ਹੈ, ਜਿਸ ਵਿਚ ਹੱਕ-ਸੱਚ, ਨਿਆਂ, ਸਹਿਜ, ਸੰਜਮ, ਦਇਆ, ਸੇਵਾ, ਪਰਉਪਕਾਰ ਜਿਹੇ ਗੁਣਾਂ ਦੀ ਸ਼ਮੂਲੀਅਤ ਹੈ, ਜੋ ਮਨੁੱਖੀ ਜੀਵਨ ਨੂੰ ਉੱਨਤ ਅਤੇ ਵਿਕਾਸ ਦੀ ਸਿਖ਼ਰ ਤੀਕ ਪਹੁੰਚਾਉਂਦਾ ਹੈ। ਉਨ੍ਹਾਂ ਪ੍ਰੇਰਨਾ ਕਰਦਿਆਂ ਕਿਹਾ ਕਿ ਅੱਜ ਦੀ ਨੌਜੁਆਨੀ ਅੰਦਰ ਅਕਾਦਮਿਕ ਵਿਦਿਆ ਦੇ ਨਾਲ-ਨਾਲ ਪਹਿਲੇ ਪਾਤਸ਼ਾਹ ਦੀ ਅੰਮ੍ਰਿਤਮਈ ਬਾਣੀ ਤੇ ਉਪਦੇਸ਼ ਦਾ ਸੰਚਾਰ ਕਰਨਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਜੇਕਰ ਬੱਚੇ ਆਪਣੇ ਧਾਰਮਿਕ ਅਕੀਦਿਆਂ, ਸਿਧਾਂਤਾਂ ਵਿਚ ਪ੍ਰਪੱਕ ਹੋਣਗੇ ਤਾਂ ਨਿਰਸੰਦੇਹ ਉਹ ਆਪਣੀ ਕੌਮ, ਸਮਾਜ, ਦੇਸ਼ ਅਤੇ ਮਾਪਿਆਂ ਪ੍ਰਤੀ ਸੇਵਾ ਤੇ ਸੁਹਿਰਦਤਾ ਵਾਲੀ ਭਾਵਨਾ ਨਾਲ ਲਬਰੇਜ਼ ਹੋਣਗੇ। ਇਸ ਤੋਂ ਪਹਿਲਾਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੪੯ਵੇਂ ਪ੍ਰਕਾਸ਼ ਪੁਰਬ ਮੌਕੇ ਕਰਵਾਏ ਜਾ ਰਹੇ ਸਮਾਗਮਾਂ ਦੀ ਆਰੰਭਤਾ ਸਮੇਂ

ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ। ਜਿਥੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਪਲਵਿੰਦਰ ਸਿੰਘ ਨੇ ਸਮਾਗਮਾਂ ਦੀ ਸਫਲਤਾ ਲਈ ਗੁਰੂ ਚਰਨਾਂ ਵਿਚ ਅਰਦਾਸ ਕੀਤੀ।

ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣਾ ਲੋਕਾਈ ਸੁਧਾਰ ਦਾ ਮਿਸ਼ਨ ਇਸ ਪਵਿੱਤਰ ਧਰਤੀ 'ਤੇ ਕਈ ਸਾਲ ਰਹਿ ਕੇ ਚਲਾਇਆ। ਗੁਰੂ ਸਾਹਿਬ ਨੇ ਦੇਸ਼-ਦੇਸ਼ਾਂਤਰਾਂ ਵਿਚ ਜਾ ਕੇ ਸੱਚ ਦਾ ਹੋਕਾ ਦਿੱਤਾ ਅਤੇ ਸਮੇਂ ਦੇ ਹਾਕਮਾਂ ਵੱਲੋਂ ਕੀਤੇ ਜਾਂਦੇ ਜ਼ੁਲਮ ਵਿਰੁੱਧ ਆਵਾਜ਼ ਬੁਲੰਦ ਕੀਤੀ। ਭਾਈ ਚਾਵਲਾ ਨੇ ਸਿੱਖ ਧਰਮ ਦੇ ਮੋਢੀ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਉਪਦੇਸ਼ ਨੂੰ ਸੰਸਾਰ ਦੇ ਕੋਨੇ-ਕੋਨੇ ਵਿਚ ਪਹੁੰਚਾਉਣ ਲਈ ਕਰਵਾਏ ਜਾਂਦੇ ਸਮਾਗਮਾਂ ਦੀ ਯੋਗ ਅਗਵਾਈ ਕਰਨ ਲਈ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦਾ ਧੰਨਵਾਦ ਕੀਤਾ। ਇਸ ਮੌਕੇ ਆਪਣੇ ਕੁੰਜੀਵਤ ਭਾਸ਼ਣ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਆਪਣੇ ਘਰੋਂ ਗਿਆਨ ਲੈਣ ਲਈ ਨਹੀਂ ਸਗੋਂ ਧਰਤਿ ਲੋਕਾਈ ਨੂੰ ਗਿਆਨ ਵੰਡਣ ਲਈ ਤੁਰੇ ਸਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਜੋ ਵੀ ਸਿੱਖਿਆਵਾਂ ਦਿੱਤੀਆਂ ਉਹ ਗੁਰੂ ਜੀ ਦੀ ਜ਼ਿੰਦਗੀ ਵਿਚੋਂ ਵੀ ਸਪੱਸ਼ਟ ਨਜ਼ਰ ਆਉਂਦੀਆਂ ਹਨ। ਉਨ੍ਹਾਂ ਕਿਹਾ ਕਿ ਜਪੁਜੀ ਸਾਹਿਬ ਦੀ ਬਾਣੀ ਮਨੁੱਖਾ ਜੀਵਨ ਨੂੰ ਸੰਵਾਰਨ ਵਾਲਾ ਅਨੋਖਾ ਤੇ ਸਰਲ ਪੰਧ ਹੈ। ਜਗਤ ਗੁਰੂ ਜੀ ਦੀ ਬਾਣੀ ਆਤਮਾ ਨੂੰ ਪਰਮਾਤਮਾ ਵਿਚ ਅਭੇਦ ਕਰਨ ਵਾਲਾ ਸਾਫ ਤੇ ਸਿੱਧਾ ਰਸਤਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਆਪਣੇ ਮਨ ਵਿਚ ਜਗਤ ਉਧਾਰ ਦਾ ਉਦੇਸ਼ ਲੈ ਕੇ ਚੱਲੇ ਸਨ ਅਤੇ ਜਿਸ ਦਿਸ਼ਾ ਵਿਚ ਵੀ ਉਹ ਗਏ ਲੋਕਾਂ ਨੇ ਉਨ੍ਹਾਂ ਨੂੰ ਆਪਣਾ ਪੀਰ, ਗੁਰੂ, ਪਿਤਾ, ਪੈਗ਼ੰਬਰ ਤੇ ਬਾਬਾ ਮੰਨ ਲਿਆ। ਡਾ. ਰੂਪ ਸਿੰਘ ਨੇ ਭਾਈ ਗੁਰਦਾਸ ਜੀ ਦੀ ਬਾਣੀ ਵਿਚੋਂ ਹਵਾਲਾ ਦਿੰਦਿਆਂ ਕਿਹਾ ਕਿ ਪ੍ਰਕਾਸ਼ ਦਾ ਮਤਲਬ ਪ੍ਰਗਟ ਹੋਣ ਦੀ ਪ੍ਰਕਿਰਿਆ ਹੈ ਭਾਵ ਜਿਵੇਂ ਮੁੱਢ ਕਦੀਮ ਤੋਂ ਸੂਰਜ ਪ੍ਰਗਟ ਹੈ ਉਵੇਂ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੋਤਿ ਵੀ ਸਦਾ ਪ੍ਰਗਟ ਹੈ। ਅਸੀਂ ਗੁਰੂ ਸਾਹਿਬ ਦੀ ਪਾਵਨ ਬਾਣੀ ਵਿਚੋਂ ਉਨ੍ਹਾਂ ਦੇ ਦਰਸ਼ਨ ਕਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਨੂੰ ਪੜ੍ਹਨ ਤੇ ਸਮਝਣ ਵਾਲਾ ਆਤਮਕ ਤੌਰ 'ਤੇ ਦਾਰਸ਼ਨਿਕ ਗੁਣਾਂ ਵਾਲਾ ਬਣ ਜਾਂਦਾ ਹੈ।

ਉੱਘੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਹਵਾ ਨੂੰ ਗੁਰੂ, ਪਾਣੀ ਨੂੰ ਪਿਤਾ ਤੇ ਧਰਤੀ ਨੂੰ ਮਾਤਾ ਦਾ ਦਰਜਾ ਦੇ ਕੇ ਇਸ ਕੁਦਰਤ ਦੀ ਮਨੁੱਖਾ ਜੀਵਨ ਲਈ ਮਹੱਤਤਾ ਤੋਂ ਜਾਣੂੰ ਕਰਵਾਇਆ। ਇਸ ਲਈ ਸਾਨੂੰ ਇਸਦੀ ਸਾਂਭ-ਸੰਭਾਲ ਪ੍ਰਤੀ ਸੰਜੀਦਾ ਹੋਣਾ ਚਾਹੀਦਾ ਹੈ। ਇਸ ਮੌਕੇ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਨੇ ਵੀ ਗੁਰੂ ਸਾਹਿਬ ਦੀ ਬਾਣੀ ਤੋਂ ਸੇਧ ਲੈਣ ਦੀ ਪ੍ਰੇਰਨਾ ਕੀਤੀ। ਸੈਮੀਨਾਰ ਦੌਰਾਨ ਡਾ. ਰਜਿੰਦਰ ਕੌਰ ਪ੍ਰਿੰਸੀਪਲ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਇਸਤਰੀ ਜਾਤੀ ਦੀ ਹੁੰਦੀ ਦੁਰਦਸ਼ਾ ਖਿਲਾਫ ਆਪਣੀ ਬਾਣੀ ਰਾਹੀਂ ਆਵਾਜ਼ ਉਠਾਈ ਅਤੇ ਉਪਦੇਸ਼ ਦੇ ਕੇ ਇਸਤਰੀ ਨੂੰ ਸਨਮਾਨਜਨਕ ਦਰਜਾ ਦਿੱਤਾ। ਸੈਮੀਨਾਰ ਵਿਚ ਡਾ. ਸੁਖਦਰਸ਼ਨ ਸਿੰਘ ਖਹਿਰਾ ਦੂਸਰੇ ਸੈਸ਼ਨ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਆਪਣੀ ਬਾਣੀ ਵਿਚ ਮਨੁੱਖੀ ਹੱਕਾਂ ਦੀ ਗੱਲ ਕਈ ਸਦੀਆਂ ਪਹਿਲਾਂ ਕਰ ਕੇ ਲੋਕਾਂ ਨੂੰ ਜਾਗਰੂਕ ਕੀਤਾ। ਇਸ ਮੌਕੇ ਡਾ. ਕਸ਼ਮੀਰ ਸਿੰਘ, ਡਾ. ਪਰਮਵੀਰ ਸਿੰਘ ਤੇ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਵੀ ਗੁਰੂ ਸਾਹਿਬ ਬਾਰੇ ਜਾਣਕਾਰੀ ਭਰਪੂਰ ਪਰਚੇ ਪੜ੍ਹੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ, ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ, ਸਾਬਕਾ ਮੰਤਰੀ ਬੀਬੀ ਉਪਿੰਦਰਜੀਤ ਕੌਰ, ਸੰਤ ਬਲਬੀਰ ਸਿੰਘ ਸੀਚੇਵਾਲ, ਬਾਬਾ ਸੇਵਾ ਸਿੰਘ ਕਾਰਸੇਵਾ, ਅੰਤ੍ਰਿੰਗ ਮੈਂਬਰ ਸ. ਸਤਪਾਲ ਸਿੰਘ ਤਲਵੰਡੀ, ਮੈਂਬਰ ਬੀਬੀ ਗੁਰਪ੍ਰੀਤ ਕੌਰ, ਸ.ਸਰਵਣ ਸਿੰਘ ਕੁਲਾਰ, ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਡਾ. ਪਰਮਜੀਤ ਸਿੰਘ ਸਰੋਆ, ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਚਾਨਣ ਸਿੰਘ ਦੀਪੇਵਾਲ, ਡਾ. ਪਰਮਵੀਰ ਸਿੰਘ, ਡਾ. ਕਸ਼ਮੀਰ ਸਿੰਘ, ਡਾ. ਪ੍ਰੀਤਮਹਿੰਦਰ ਸਿੰਘ, ਸ. ਗੁਰਪ੍ਰੀਤ ਸਿੰਘ ਰੋਡੇ ਮੈਨੇਜਰ, ਕਾਲਜ ਦੇ ਪ੍ਰਧਾਨ ਇੰਜੀ. ਸਵਰਨ ਸਿੰਘ, ਪ੍ਰਿੰਸੀਪਲ ਸ. ਸੁਖਵਿੰਦਰ ਸਿੰਘ ਰੰਧਾਵਾ, ਵਾਈਸ ਪ੍ਰਿੰਸੀਪਲ ਸ. ਹਰਬੰਸ ਸਿੰਘ, ਸੁਪ੍ਰਿੰਟੈਂਡੈਂਟ ਸ. ਅਮਰੀਕ ਸਿੰਘ, ਵੱਖ-ਵੱਖ ਸਕੂਲਾਂ ਕਾਲਜਾਂ ਦੇ ਪ੍ਰੋਫੈਸਰ, ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

੦੨ ਨਵੰਬਰ

# ਸ਼੍ਰੋਮਣੀ ਕਮੇਟੀ ਵੱਲੋਂ ਸਢੌਰਾ ਵਿਖੇ ਪੀਰ ਬੁੱਧੂ ਸ਼ਾਹ ਦੀ ਯਾਦ ਵਿਚ ਗੁਰਮਤਿ ਸਮਾਗਮ

## ਸ਼੍ਰੋਮਣੀ ਕਮੇਟੀ ਵੱਲੋਂ ਪੀਰ ਬੁੱਧੂ ਸ਼ਾਹ ਦਾ ਜਨਮ ਦਿਹਾੜਾ ਮਨਾਇਆ ਜਾਵੇਗਾ - ਪ੍ਰੋ. ਬਡੂੰਗਰ

ਅੰਮ੍ਰਿਤਸਰ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਡਿਓੜੀ ਸਾਹਿਬ, ਯਾਦਗਾਰ ਬਾਬਾ ਬੰਦਾ ਸਿੰਘ ਬਹਾਦੁਰ ਸਢੌਰਾ (ਹਰਿਆਣਾ) 'ਚ ਪੀਰ ਬੁੱਧੂ ਸ਼ਾਹ ਜੀ ਦੀ ਯਾਦ ਵਿਚ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵਿਸ਼ੇਸ਼ ਤੌਰ ਤੇ ਪਹੁੰਚੇ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਗੁਰੂ ਸਾਹਿਬ ਤੋਂ ਪ੍ਰੇਰਨਾ ਲੈ ਕੇ ਬਾਬਾ ਬੰਦਾ ਸਿੰਘ ਬਹਾਦਰ ਨੇ ਦੁਸ਼ਮਣ 'ਤੇ ਇਤਿਹਾਸਕ ਜਿੱਤ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਸਿੱਖ ਕੌਮ ਦਾ ਮਹਾਨਾਇਕ ਹੈ, ਜਿਸ ਦੇ ਜੀਵਨ ਅਤੇ ਕਾਰਨਾਮਿਆਂ ਤੋਂ ਵਰਤਮਾਨ ਪੀੜ੍ਹੀ ਨੂੰ ਸੇਧ ਪ੍ਰਾਪਤ ਕਰਨੀ ਚਾਹੀਦੀ ਹੈ। ਇਸ ਮੌਕੇ ਪ੍ਰੋ. ਬਡੂੰਗਰ ਨੇ ਹਰ ਸਾਲ ੨੧ ਮਾਰਚ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪੀਰ ਬੁੱਧੂ ਸ਼ਾਹ ਦਾ ਜਨਮ ਦਿਹਾੜਾ ਮਨਾਉਣ ਦਾ ਐਲਾਨ ਵੀ ਕੀਤਾ। ਇਸ ਤੋਂ ਪਹਿਲਾਂ ਇੱਥੇ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵੀ ਸੰਗਤਾਂ ਨੂੰ ਗੁਰਮਤਿ ਨਾਲ ਜੋੜਿਆ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੂੰ ਸ. ਬਲਦੇਵ ਸਿੰਘ ਕਾਇਮਪੁਰ ਤੇ ਹੋਰਾਂ ਨੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਬਾਬਾ ਸੁੱਖਾ ਸਿੰਘ ਕਰਨਾਲ ਕਾਰ ਸੇਵਾ ਵਾਲੇ, ਸ਼੍ਰੋਮਣੀ ਕਮੇਟੀ ਮੈਂਬਰ ਭੁਪਿੰਦਰ ਸਿੰਘ ਅਸੰਧ, ਬੀਬੀ ਮਨਜੀਤ ਕੌਰ ਗਧੌਲਾ, ਗੁਰਦੀਪ ਸਿੰਘ ਭਾਨੋਖੇੜੀ, ਸ਼੍ਰੋਮਣੀ ਅਕਾਲੀ ਦਲ ਹਰਿਆਣਾ ਦੇ ਸਾਬਕਾ ਸੂਬਾਈ ਪ੍ਰਧਾਨ ਸ਼ਰਨਜੀਤ ਸਿੰਘ ਸੌਥਾ, ਧਰਮ ਪ੍ਰਚਾਰ ਕਮੇਟੀ ਮੈਂਬਰ ਤਜਿੰਦਰਪਾਲ ਸਿੰਘ ਸਮੇਤ ਹੋਰ ਸ਼ਖਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ 'ਤੇ ਬਾਬਾ ਹਰਜਿੰਦਰ ਸਿੰਘ ਹਾਂਡੀਖੇੜਾ ਵਾਲੇ, ਸ. ਭਗਵੰਤ ਸਿੰਘ ਧੰਗੇੜਾ ਨਿੱਜੀ ਸਹਾਇਕ, ਡਾ. ਪਰਮਵੀਰ ਸਿੰਘ, ਸਿੱਖ ਮਿਸ਼ਨ ਹਰਿਆਣਾ ਪ੍ਰਭਾਰੀ ਮੰਗਪ੍ਰੀਤ ਸਿੰਘ, ਸੁਖਦੇਵ ਸਿੰਘ, ਸਬ ਆਫ਼ਿਸ ਪ੍ਰਭਾਰੀ ਪਰਮਜੀਤ ਸਿੰਘ ਦੁਨੀਆ ਮਾਜਰਾ, ਇਤਿਹਾਸਕ ਗੁਦਰੁਆਰਾ ਸ੍ਰੀ ਪੰਜੋਖਰਾ ਸਾਹਿਬ ਦੇ ਮੈਨੇਜਰ ਨਰਿੰਦਰ ਸਿੰਘ, ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ੯ਵੀਂ ਕੁਰੂਕਸ਼ੇਤਰ ਦੇ ਮੈਨੇਜਰ ਜਸਬੀਰ ਸਿੰਘ, ਇਤਿਹਾਸਕ ਗੁਰਦੁਅਰਾ ਸਾਹਿਬ ਪਹਿਲੀ ਅਤੇ ੧੦ਵੀਂ ਕਪਾਲਮੋਚਨ ਦੇ ਮੈਨੇਜਰ ਹਰਵਿੰਦਰ ਸਿੰਘ, ਸਮੇਤ ਵੱਡੀ ਗਿਣਤੀ 'ਚ ਸੰਗਤ ਮੌਜੂਦ ਸੀ।

੯ ਅਕਤੂਬਰ

# ਗਿਆਨੀ ਕਰਤਾਰ ਸਿੰਘ ਖਾਲਸਾ ਵੀਹਵੀਂ ਸਦੀ ਦੇ ਮਹਾਨ ਸੰਤ ਤੇ ਸੰਘਰਸ਼ੀ ਯੋਧੇ ਸਨ - ਪ੍ਰੋ: ਬਡੂੰਗਰ

## ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਦੀ ਯਾਦ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ

ਅੰਮ੍ਰਿਤਸਰ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਵੀਹਵੀਂ ਸਦੀ

ਦੇ ਮਹਾਨ ਪ੍ਰਚਾਰਕ, ਸਮਾਜ ਸੁਧਾਰਕ ਅਤੇ ਦਮਦਮੀ ਟਕਸਾਲ ਦੇ ਤੇਰਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਦੀ ਯਾਦ ਨੂੰ ਸਮਰਪਿਤ ਉਨ੍ਹਾਂ ਦੇ ਜੱਦੀ ਪਿੰਡ ਭੂਰਾ ਕੋਹਨਾ ਵਿਖੇ ਦੋ ਰੋਜ਼ਾ ਗੁਰਮਤਿ ਸਮਾਗਮ ਦੇ ਪਹਿਲੇ ਦਿਨ ਅੱਜ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਦੇ ਸਪੁੱਤਰ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਅਤੇ ਸ਼ਹੀਦ ਭਾਈ ਅਮਰੀਕ ਸਿੰਘ ਦੀ ਸਪੁੱਤਰੀ ਪ੍ਰਿੰਸੀਪਲ ਸਤਵੰਤ ਕੌਰ ਸਹਾਇਕ ਡਾਇਰੈਕਟਰ ਸਿੱਖਿਆ ਸ਼੍ਰੋਮਣੀ ਕਮੇਟੀ ਦੀ ਦੇਖ ਰੇਖ ਹੇਠ ਕਰਵਾਏ ਗਏ ਇਸ ਸੈਮੀਨਾਰ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵਿਸ਼ੇਸ਼ ਤੌਰ ਤੇ ਪਹੁੰਚੇ। ਸੈਮੀਨਾਰ ਦੀ ਆਰੰਭਤਾ ਸਮੇਂ ਪ੍ਰਿੰਸੀਪਲ ਸਤਵੰਤ ਕੌਰ ਨੇ ਸੈਮੀਨਾਰ ਦੀ ਰੂਪ ਰੇਖਾ ਸਾਂਝੀ ਕੀਤੀ ਅਤੇ ਭਾਈ ਮਨਜੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੂੰ ਜੀ ਆਇਆਂ ਕਿਹਾ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲੇ ਵੀਹਵੀਂ ਸਦੀ ਦੇ ਮਹਾਨ ਸੰਤ ਅਤੇ ਸੰਘਰਸ਼ੀ ਯੋਧੇ ਸਨ। ਉਨ੍ਹਾਂ ਨੇ ਸਾਰੀ ਉਮਰ ਗੁਰੂ ਗ੍ਰੰਥ ਤੇ ਗੁਰੂ ਪੰਥ ਨੂੰ ਸਮਰਪਿਤ ਹੋ ਕੇ ਗੁਰਮਤਿ ਦਾ ਪ੍ਰਚਾਰ ਪ੍ਰਸਾਰ ਕੀਤਾ। ਉਨ੍ਹਾਂ ਕਿਹਾ ਕਿ ਗਿਆਨੀ ਕਰਤਾਰ ਸਿੰਘ ਖਾਲਸਾ ਨੇ ਦਮਦਮੀ ਟਕਸਾਲ ਦੇ ਤੇਰਵੇਂ ਮੁਖੀ ਵਜੋਂ ਸੁਚੱਜੀ ਅਗਵਾਈ ਕਰਦਿਆਂ ਜਿਥੇ ਅਨੇਕਾਂ ਪ੍ਰਚਾਰਕ ਤਿਆਰ ਕੀਤੇ, ਉਥੇ ਹੀ ਪੰਥ ਨੂੰ ਦਰਪੇਸ਼ ਤਤਕਾਲੀ ਚੁਣੌਤੀਆਂ ਦਾ ਨਾ ਕੇਵਲ ਡਟ ਕੇ ਮੁਕਾਬਲਾ ਹੀ ਕੀਤਾ ਸਗੋਂ ਉਨ੍ਹਾਂ ਵਿਚੋਂ ਕੌਮ ਨੂੰ ਬਾਹਰ ਕੱਢਣ ਲਈ ਕਰੜਾ ਸੰਘਰਸ਼ ਵੀ ਕੀਤਾ। ਪ੍ਰੋ: ਬਡੂੰਗਰ ਨੇ ਕਿਹਾ ਕਿ ਗਿਆਨੀ ਕਰਤਾਰ ਸਿੰਘ ਖਾਲਸਾ ਦੀ ਸ਼ਖਸੀਅਤ ਨਿੱਡਰ ਪ੍ਰਭਾਵ ਵਾਲੀ ਸੀ, ਜਿਸ ਨੇ ਗੁਰਮਤਿ ਫਲਸਫੇ ਨੂੰ ਸੰਗਤਾਂ ਵਿਚ ਉਭਾਰਨ ਸਮੇਂ ਆਈਆਂ ਔਕੜਾਂ ਦੀ ਪ੍ਰਵਾਹ ਨਾ ਕਰਦਿਆਂ ਆਪਣੇ ਮਿਸ਼ਨ ਨੂੰ ਜਾਰੀ ਰੱਖਿਆ। ਉਨ੍ਹਾਂ ਕਿਹਾ ਕਿ ਗਿਆਨੀ ਕਰਤਾਰ ਸਿੰਘ ਖਾਲਸਾ ਦੀ ਕੌਮੀ ਦੇਣ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗਿਆਨੀ ਕਰਤਾਰ ਸਿੰਘ ਖਾਲਸਾ ਵੱਲੋਂ ਸਮਾਜਕ ਕੁਰੀਤੀਆਂ ਖਿਲਾਫ ਕੀਤੇ ਯਤਨਾਂ ਦੀ ਗੱਲ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿਚ ਸਮਾਜਕ ਬੁਰਾਈਆਂ ਵਿਰੁੱਧ ਲਾਮਬੰਦ ਹੋਣ ਲਈ ਸਾਨੂੰ ਸਾਰਿਆਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਗਿਆਨੀ ਕਰਤਾਰ ਸਿੰਘ ਖਾਲਸਾ ਦੇ ਪਾਏ ਪੂਰਨਿਆਂ ਅਨੁਸਾਰ ਅਜੋਕੀਆਂ ਸਮੱਸਿਆਵਾਂ ਦੇ ਹੱਲ ਲਈ ਗੁਰਮਤਿ ਜੁਗਤਿ ਦੇ ਧਾਰਨੀ ਬਣਨਾ ਚਾਹੀਦਾ ਹੈ। ਇਸ ਮੌਕੇ ਪ੍ਰੋ: ਬਡੂੰਗਰ ਨੇ ਗਿਆਨੀ ਕਰਤਾਰ ਸਿੰਘ ਖਾਲਸਾ ਦੀ ਯਾਦ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਸਮਾਗਮ ਕਰਵਾਉਣ ਦਾ ਐਲਾਨ ਕਰਦਿਆਂ ਉਨ੍ਹਾਂ ਦੀ ਯਾਦ ਵਿਚ ਇਥੇ ਸਥਿਤ ਸਿੱਖ ਮਿਸ਼ਨਰੀ ਕਾਲਜ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧਤਾ ਦਾ ਪ੍ਰਗਟਾਵਾ ਵੀ ਕੀਤਾ।

ਇਸ ਦੌਰਾਨ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਅਤੇ ਪ੍ਰਸਿੱਧ ਸਿੱਖ ਵਿਦਵਾਨ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਵੱਲੋਂ ਨਿਭਾਈਆਂ ਪੰਥਕ ਸੇਵਾਵਾਂ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਉਂਦਿਆਂ ਕਿਹਾ ਕਿ ਅੱਜ ਉਨ੍ਹਾਂ ਦੇ ਜੀਵਨ ਅਤੇ ਉਨ੍ਹਾਂ ਦੀ ਪੰਥਕ ਦੇਣ ਤੋਂ ਨੌਜੁਆਨੀ ਨੂੰ ਜਾਣੂੰ ਕਰਵਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮਾਵਾਂ ਆਪਣੇ ਬੱਚਿਆਂ ਨੂੰ ਗੁਰਸਿੱਖੀ ਜੀਵਨ ਵਿਚ ਪ੍ਰਪੱਕ ਕਰਨ ਲਈ ਗਿਆਨੀ ਕਰਤਾਰ ਸਿੰਘ ਖਾਲਸਾ ਵਰਗੇ ਗੁਰਸਿੱਖਾਂ ਦੀਆਂ ਜੀਵਨ ਕਹਾਣੀਆਂ ਸੁਣਾਉਣ ਤਾਂ ਜੋ ਬੱਚਿਆਂ ਨੂੰ ਆਪਣੇ ਵਡੇਰਿਆਂ ਵੱਲੋਂ ਸਿੱਖੀ ਦੀ ਚੜ੍ਹਦੀ ਕਲਾ ਲਈ ਕੀਤੇ ਕਾਰਜਾਂ ਤੋਂ ਪ੍ਰੇਰਨਾ ਮਿਲ ਸਕੇ। ਸੈਮੀਨਾਰ ਵਿਚ ਸਿੱਖ ਵਿਦਵਾਨ ਡਾ. ਸੂਬਾ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ. ਗੁਰਬਚਨ ਸਿੰਘ ਕਰਮੂਵਾਲਾ, ਸ. ਬਲਵਿੰਦਰ ਸਿੰਘ ਵੇਈਂਪੂਈਂ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਬਾਬਾ ਨਿਰਮਲ ਸਿੰਘ ਨੌਸ਼ਹਿਰਾ ਢਾਲਾ ਆਦਿ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ ਅਤੇ ਹੋਰਾਂ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ. ਗੁਰਬਚਨ ਸਿੰਘ ਕਰਮੂਵਾਲਾ, ਸ. ਬਲਵਿੰਦਰ ਸਿੰਘ ਵੇਈਂਪੂਈਂ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਬਾਬਾ ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਐਡੀਸ਼ਨਲ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਬੀਬੀ ਅਮਰਜੀਤ ਕੌਰ, ਸ. ਕੰਵਰ ਚੜ੍ਹਤ ਸਿੰਘ ਮੀਤ ਸਕੱਤਰ ਸ. ਚਾਨਣ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ ਤੇ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਭਗਵੰਤ ਸਿੰਘ ਧੰਗੇੜਾ ਨਿੱਜੀ ਸਹਾਇਕ, ਪ੍ਰੋ: ਸੁਖਦੇਵ ਸਿੰਘ, ਪ੍ਰਿੰਸੀਪਲ ਰਾਜਪਾਲ ਸਿੰਘ, ਪ੍ਰਿੰਸੀਪਲ ਕੁਲਵਿੰਦਰ ਸਿੰਘ, ਸ. ਹਰਜਿੰਦਰ ਸਿੰਘ ਐਡੀਸ਼ਨਲ ਮੈਨੇਜਰ, ਪ੍ਰਿੰਸੀਪਲ ਗੁਰਪ੍ਰੀਤ ਸਿੰਘ, ਪ੍ਰਿੰਸੀਪਲ ਤਰਨਜੀਤ ਸਿੰਘ, ਸ. ਜਗੀਰ ਸਿੰਘ ਗਿੱਲ, ਸ. ਜਸਪਾਲ ਸਿੰਘ ਮੈਨੇਜਰ, ਬਾਬਾ ਸੋਹਣ ਸਿੰਘ ਕਾਰਸੇਵਾ ਵਾਲੇ, ਪ੍ਰਿੰਸੀਪਲ ਬਲਦੇਵ ਸਿੰਘ ਸਮੇਤ ਵੱਖ-ਵੱਖ ਗੁਰਮਤਿ ਕਾਲਜਾਂ ਦੇ ਵਿਦਿਆਰਥੀ ਅਤੇ ਸੰਗਤਾਂ ਹਾਜ਼ਰ ਸਨ। ੨੦ ਅਕਤੂਬਰ

# ਗੁਰਮਤਿ ਸਿਖਲਾਈ ਸਕੂਲ ਦੇ ਅੱਠਵੇਂ ਬੈਚ ਦੀ ਸਮਾਪਤੀ

ਡਾ. ਸਤਿੰਦਰ ਸਿੰਘ (ਰੀਸਰਚ ਸਕਾਲਰ) ਵੱਲੋਂ ਪੁਜੀ ਰਿਪੋਰਟ ਅਨੁਸਾਰ ਮਾਣਯੋਗ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੇ ਯਤਨਾਂ ਨਾਲ ਮਿਤੀ ੧੬-੨-੨੦੧੭ ਤੋਂ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਅਡਵਾਂਸਡ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ੍ਹ ਵਿਖੇ ਨਿਰੰਤਰ 'ਗੁਰਮਤਿ ਸਿਖਲਾਈ ਸਕੂਲ' ਚੱਲ ਰਿਹਾ ਹੈ। ਇਸ ਲੜੀ ਤਹਿਤ ਅੱਠਵੇਂ ਬੈਚ ਵਿਚ ੬੦ ਸਿਖਿਆਰਥੀਆਂ ਨੇ ਮਿਤੀ ੨੫-੯-੧੭ ਤੋਂ ੨੪-੧੦-੧੭ ਤੱਕ ਇਕ ਮਹੀਨੇ ਦੇ ਰਿਫਰੈਸ਼ਰ ਕੋਰਸ ਵਿਚ ਸਿਖਲਾਈ ਪ੍ਰਾਪਤ ਕੀਤੀ। ਸਿਖਿਆਰਥੀਆਂ ਵਿਚ ਸੁਪਰਵਾਈਜ਼ਰ, ਅਕਾਊਂਟੈਂਟ, ਕਲਰਕ ਅਤੇ ਸੇਵਾਦਾਰ ਆਦਿ ਸਨ ਜਿਨ੍ਹਾਂ ਦੀਆਂ ਦੋ ਕਲਾਸਾਂ ਬਣਾ ਕੇ ਸਿਖਲਾਈ ਦਿੱਤੀ ਗਈ।

ਮਿਤੀ ੨੫-੯-੧੭ ਨੂੰ ਕੋਰਸ ਦੇ ਪਹਿਲੇ ਦਿਨ ਸਿੱਖ ਵਿਸ਼ਵਕੋਸ਼ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪ੍ਰੋਫੈਸਰ ਡਾ. ਪਰਮਵੀਰ ਸਿੰਘ ਨੇ ਰਿਫਰੈਸ਼ਰ ਕੋਰਸ ਦੇ ਮੰਤਵ ਬਾਰੇ ਦੱਸਦਿਆਂ ਕਿਹਾ ਕਿ ਦਫ਼ਤਰੀ ਕੰਮਾਂ-ਕਾਰਾਂ ਵਿਚ ਰੁੱਝੇ ਰਹਿਣ ਕਾਰਨ ਸਾਡੇ ਵਿਚ ਖੜੋਤ ਆ ਜਾਂਦੀ ਹੈ। ਰਿਫਰੈਸ਼ਰ ਕੋਰਸ ਦੌਰਾਨ ਜਦੋਂ ਅਸੀਂ ਇੱਕ ਥਾਂ 'ਤੇ ਰਹਿੰਦੇ ਹਾਂ ਤਾਂ ਇਸ ਨਾਲ ਜਿਥੇ ਮੁਲਾਜ਼ਮਾਂ ਦੀਆਂ ਦੂਰੀਆਂ ਘਟਦੀਆਂ ਹਨ ਉਥੇ ਸੰਸਥਾ ਨੂੰ ਵੀ ਬਲ ਮਿਲਦਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ. ਅਮਰਜੀਤ ਸਿੰਘ ਜੀ ਚਾਵਲਾ ਨੇ ਕਿਹਾ ਕਿ ਸਾਡੇ ਕੋਲ ਗੌਰਵਮਈ ਵਿਰਾਸਤ ਹੈ। ਅਸੀਂ ਇਸ ਵਿਰਾਸਤ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ।

ਮਿਤੀ ੨੬-੯-੧੭ ਨੂੰ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਗੁਰਮੇਲ ਸਿੰਘ ਨੇ 'ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਮੁਢਲੀ ਜਾਣਕਾਰੀ' ਵਿਸ਼ੇ ਤਹਿਤ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਗੁਰੂ ਗ੍ਰੰਥ ਸਾਹਿਬ ਆਪਣੇ ਅੰਦਰ ਭਿੰਨ-ਭਿੰਨ ਸੱਭਿਆਚਾਰ, ਰੂਹਾਨੀ ਤੇ ਸਾਂਝੀਵਾਲਤਾ ਦੇ ਉਦੇਸ਼ ਨੂੰ ਸਮੋਈ ਬੈਠਾ ਹੈ। ਉਨ੍ਹਾਂ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਜੁਗਤ, ਸੰਕਲਨ ਦਾ ਇਤਿਹਾਸ ਅਤੇ ਬਾਣੀਕਾਰਾਂ ਨਾਲ ਜਾਣ-ਪਛਾਣ ਕਰਵਾਈ। ਮਿਤੀ ੨੭ ਸਤੰਬਰ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਉਚੇਚੇ ਤੌਰ 'ਤੇ ਪੁੱਜੇ। ਉਨ੍ਹਾਂ ਨੇ ਸਿਖਿਆਰਥੀਆਂ ਨੂੰ ਪ੍ਰੇਰਦਿਆਂ ਕਿਹਾ ਕਿ ਅਸੀਂ ਸਾਰੇ ਇਕ ਪਰਿਵਾਰ ਹਾਂ। ਸਾਡੇ ਉੱਪਰ ਸਮੁੱਚੇ ਪੰਥ ਨੂੰ ਆਸਾਂ ਹਨ। ਅਸੀਂ ਸਿੱਖਾਂ ਦੀ ਸ਼੍ਰੋਮਣੀ ਜਥੇਬੰਦੀ ਦੇ ਅਧਿਕਾਰੀ ਹਾਂ ਤੇ ਸਾਡਾ ਵਰਤੋਂ-ਵਿਹਾਰ ਪ੍ਰਭਾਵਸ਼ਾਲੀ ਹੋਣਾ ਚਾਹੀਦਾ ਹੈ। ਰਿਟਾਇਰਡ ਪ੍ਰਿੰਸੀਪਲ ਪ੍ਰਭਜੋਤ ਕੌਰ ਨੇ 'ਸ਼ਖਸੀਅਤ ਉਸਾਰੀ' ਵਿਸ਼ੇ ਤਹਿਤ ਬੋਲਦਿਆਂ ਦਸਤਾਰ, ਗੁਫ਼ਤਾਰ ਤੇ ਰਫ਼ਤਾਰ ਦੇ ਆਧਾਰ 'ਤੇ ਸਖਸ਼ੀਅਤ ਦੀ ਰੂਪ ਰੇਖਾ ਪੇਸ਼ ਕੀਤੀ। ਮਿਤੀ ੨੮-੯-੧੭ ਹਿੰਪਾਲੀ ਕੌਰ ਨੇ ਮੁਹਾਰਨੀ ਬਾਰੇ ਜਾਣਕਾਰੀ ਦਿੱਤੀ ਅਤੇ ਸਿਖਿਆਰਥੀਆਂ ਨੂੰ ਯਾਦ ਕਰਵਾਈ। ਸਿਖਿਆਰਥੀਆਂ ਨੇ ਇਸ ਜਾਣਕਾਰੀ ਦਾ ਭਰਪੂਰ ਲਾਹਾ ਲਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਸਕੱਤਰ (ਸਿੱਖਿਆ) ਸਿਮਰਜੀਤ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਰਵਿਸ ਰੂਲਜ਼ ਬਾਰੇ ਜਾਣਕਾਰੀ ਦਿੱਤੀ। ਪੀ. ਸੀ. ਐਚ. ਐਸ. ਲੁਧਿਆਣਾ ਦੇ ਨੁਮਾਇੰਦੇ ਡਾ. ਪੁਸ਼ਪਿੰਦਰ ਸਿੰਘ ਨੇ 'ਕੋਮਲ ਮੁਹਾਰਤਾਂ' ਤੇ ਸੰਚਾਰ ਮੁਹਾਰਤਾਂ' ਵਿਸ਼ੇ ਤਹਿਤ ਬੋਲਦਿਆਂ ਕਿਹਾ ਕਿ

ਗੁਰੂ ਸਾਹਿਬ ਦਾ ਸਮੁੱਚਾ ਜੀਵਨ ਪ੍ਰਭਾਵਸ਼ਾਲੀ ਸੀ। ਸਾਨੂੰ ਵੀ ਇਸ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ। ਮਿਤੀ ੧੩-੧੦-੧੭ ਨੂੰ 'ਸਿਖਸ ਹੈਲਪਿੰਗ ਸਿਖਸ' ਦੇ ਨੁਮਾਇੰਦੇ ਸ. ਸਤਨਾਮ ਸਿੰਘ ਸੁਲੋਪਰੀ ਨੇ ਪੂਰੇ ਦਿਨ ਦੀ ਵਰਕਸ਼ਾਪ ਵਿਚ 'ਸ਼ਖਸੀਅਤ ਉਸਾਰੀ ਤੇ ਗੁਰਮਤਿ ਦ੍ਰਿਸ਼ਟੀਕੋਣ' ਵਿਸ਼ੇ ਤਹਿਤ ਵਿਚਾਰ ਸਾਂਝੇ ਕੀਤੇ।

ਮਿਤੀ ੧੭-੧੦-੧੭ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸਾਬਕਾ ਇੰਟਰਨਲ ਆਡੀਟਰ ਭਾਈ ਸੁਰਿੰਦਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਿਯਮਾਂ ਤੇ ਉਪ-ਨਿਯਮਾਂ ਬਾਰੇ ਜਾਣਕਾਰੀ ਦਿੱਤੀ ਤੇ ਆਪਣੇ ਤਜਰਬੇ ਵੀ ਸਾਂਝੇ ਕੀਤੇ। ਮਿਤੀ ੧੯-੧੦-੧੭ ਨੂੰ 'ਖਾਲਸਾ ਏਡ' ਦੇ ਮੈਨੇਜਿੰਗ ਡਾਇਰੈਕਟਰ ਸ. ਅਮਰਪ੍ਰੀਤ ਸਿੰਘ ਨੇ ਸੇਵਾ ਅਤੇ ਸਰਬੱਤ ਦੇ ਭਲੇ ਤਹਿਤ ਬੋਲਦਿਆਂ ਕਿਹਾ ਕਿ ਬੋਲ-ਚਾਲ ਵਿਚ ਤਾਂ ਧਰਮ ਦੀ ਗੱਲ ਬਹੁਤ ਹੈ ਪਰ ਵਿਹਾਰ ਵਿਚ ਨਹੀਂ। ਸਾਨੂੰ ਧਰਮ ਤੇ ਸਿਧਾਂਤਾਂ ਨੂੰ ਅਮਲ ਵਿਚ ਢਾਲ ਕੇ ਮਾਨਵਤਾ ਦੀ ਸੇਵਾ ਲਈ ਤਤਪਰ ਰਹਿਣਾ ਚਾਹੀਦਾ ਹੈ। ਮਿਤੀ ੨੧-੧੦-੧੭ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਹੋਟਲ ਮੈਨੇਜਮੈਂਟ ਅਤੇ ਟੂਰਿਜ਼ਮ ਵਿਭਾਗ ਦੇ ਮੁਖੀ ਡਾ. ਰਣ ਸਿੰਘ ਨੇ 'ਇਕੱਤਰਤਾਵਾਂ ਵਿਚ ਸੰਵਾਦ-ਸੰਚਾਰ ਦੀ ਲੋੜ ਤੇ ਪੂਰਤੀ' ਵਿਸ਼ੇ ਤਹਿਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੀਟਿੰਗ ਦੌਰਾਨ ਜਾਂ ਇਕੱਠ ਵਿਚ ਅਸੀਂ ਕਿਵੇਂ ਦੇ ਇੰਤਜ਼ਾਮ ਕਰਨੇ ਹਨ। ਕਲਾਸਾਂ ਤੋਂ ਇਲਾਵਾ ਸਿਖਿਆਰਥੀਆਂ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਮੇਨ ਲਾਇਬਰੇਰੀ, ਗੁਰੂ ਗੋਬਿੰਦ ਭਵਨ, ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ, ਕਲਾ ਭਵਨ ਅਤੇ ਗੁਰਮਤਿ ਸੰਗੀਤ ਵਿਭਾਗ ਦਿਖਾਏ ਗਏ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ ਗਿਆ। ਸਿਖਿਆਰਥੀਆਂ ਲਈ ਇਹ ਟੂਰ ਅਭੁੱਲ ਯਾਦ ਬਣ ਗਿਆ।

ਰੋਜ਼ਾਨਾ ਸਿਖਿਆਰਥੀਆਂ ਦੀ ਸ਼ੁਰੂਆਤ ਅੰਮ੍ਰਿਤ ਵੇਲੇ ਦੇ ਨਿਤਨੇਮ ਤੋਂ ਹੁੰਦੀ ਤੇ ਸਾਰੇ ਸਿਖਿਆਰਥੀ ਸੰਸਥਾ ਦੇ ਇਕ ਕਮਰੇ ਵਿਚ ਹੀ ਸੰਗਤੀ ਰੂਪ ਵਿਚ ਨਿਤਨੇਮ ਕਰਦੇ ਸਨ। ਫੇਰ ਉਹ ਇਕੱਠੇ ਗੁਰਦੁਆਰਾ ਪਾਤਸ਼ਾਹੀ ਨੌਵੀਂ ਦੇ ਲੰਗਰ ਹਾਲ ਵਿਚ ਬੈਠ ਕੇ ਪੰਗਤ ਵਿਚ ਲੰਗਰ ਛਕਦੇ ਤੇ ਛਕਾਉਂਦੇ ਸਨ। ਕਲਾਸਾਂ ਦਾ ਪਹਿਲਾਂ ਸਮਾਂ ੯:੧੫ ਤੋਂ ੧੧:੧੦ ਤੱਕ ਹੁੰਦਾ, ਇਸ ਸਮੇਂ ਤੱਕ ਤਿੰਨ ਪੀਰੀਅਡ ਹੁੰਦੇ ਸਨ ਅਤੇ ੧੧:੩੦ ਤੋਂ ੧੨:੦੦ ਵਜੇ ਤੱਕ ਚਾਹ ਦਾ ਸਮਾਂ ਅਤੇ ਫੇਰ ੧੨:੦੦ ਤੋਂ ੧:੩੦ ਤੱਕ ਦੋ ਲੈਕਚਰ ਹੁੰਦੇ ਸਨ। ਸ਼ਾਮ ਨੂੰ ੪:੩੦ ਵਜੇ ਖੇਡ ਅਤੇ ਸੇਵਾ ਦੇ ਪੀਰੀਅਡ ਵਿਚ ਸਿਖਿਆਰਥੀ ਖੇਡ ਰਾਹੀਂ ਸਰੀਰ ਨੂੰ ਤੰਦਰੁਸਤ ਬਣਾਉਂਦੇ ਅਤੇ ਸੇਵਾ ਰਾਹੀਂ ਆਲਾ-ਦੁਆਲਾ ਸਾਫ਼ ਸੁਥਰਾ ਰੱਖਦੇ ਸਨ। ਸਿਖਿਆਰਥੀਆਂ ਨੇ ਸੇਵਾ ਵਾਲੇ ਪੀਰੀਅਡ ਵਿਚ ਗੁਰਦੁਆਰਾ ਪਾਤਸ਼ਾਹੀ ਨੌਵੀਂ ਦੇ ਸਰੋਵਰ ਦੀ ਸਫ਼ਾਈ ਕੀਤੀ ਅਤੇ ਦੀਵਾਨ ਹਾਲ ਸਾਫ਼ ਕੀਤਾ। ਗੁਰੂ-ਘਰ ਆਉਣ ਵਾਲੀ ਸੰਗਤ ਨੇ ਸਿਖਿਆਰਥੀਆਂ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ।

ਬੈਚ ਦੀ ਸਮਾਪਤੀ ਮਿਤੀ ੨੪-੧੦-੧੭ ਨੂੰ ਹੋਈ ਜਿਸ ਵਿਚ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼ਿਰਕਤ ਕੀਤੀ ਅਤੇ ਸਿਖਲਾਈ ਪ੍ਰਾਪਤ ਕਰਨ ਵਾਲੇ ਸਿਖਿਆਰਥੀਆਂ ਨੂੰ ਸਨਮਾਨ ਵਜੋਂ ਸਰਟੀਫਿਕੇਟ ਅਤੇ ਟੀ-ਸ਼ਰਟਾਂ ਤਕਸੀਮ ਕੀਤੀਆਂ। ਸਿਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰੋ. ਬਡੂੰਗਰ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਤੋਂ ਰਿਫਰੈਸ਼ਰ ਕੋਰਸ ਆਰੰਭ ਕਰਨ ਦੀ ਸ਼ੁਰੂਆਤ ਕੀਤੀ ਗਈ ਸੀ ਤਾਂ ਜੋ ਸਿਖਿਆਰਥੀਆਂ ਨੂੰ 'ਚੰਦਨ' ਵਰਗਾ ਬਣਾਇਆ ਜਾ ਸਕੇ ਅਤੇ ਸਿਖਿਆਰਥੀ ਗਿਆਨ, ਤਜਰਬੇ ਅਤੇ ਵਿਦਵਤਾ ਵਾਲੇ ਗੁਣਾਂ ਦੇ ਧਾਰਨੀ ਬਣ ਸਕਣ। ਇਸ ਕੋਰਸ ਰਾਹੀਂ ਸਿਖਿਆਰਥੀਆਂ ਨੂੰ ਸ਼ੁੱਧ ਗੁਰਬਾਣੀ ਦੀ ਸੰਥਿਆ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਅਧੀਨ ਕੰਮ-ਕਾਜ ਨੂੰ ਹੋਰ ਸੁਚਾਰੂ ਤੇ ਵਧੀਆ ਬਣਾਉਣ ਦੀ ਜੀਵਨ ਜਾਚ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿਖਲਾਈ ਹਾਸਲ ਕਰਕੇ ਸੇਵਾ, ਮਰਿਯਾਦਾ ਤੇ ਸਿਦਕ ਨਾਲ ਕਾਰਗੁਜ਼ਾਰੀ 'ਚ ਨਿਖਾਰ ਆਵੇਗਾ।

ਡਾਇਰੈਕਟਰ ਡਾ. ਚਮਕੌਰ ਸਿੰਘ ਨੇ ਸਿਖਿਆਰਥੀਆਂ ਨੂੰ ਨਿੱਘੀ ਵਿਦਾਇਗੀ ਦਿੰਦਿਆਂ ਕਿਹਾ ਕਿ ਕੁਦਰਤ ਦਾ ਨਿਯਮ ਤਬਦੀਲੀ ਹੈ ਅਤੇ ਤਬਦੀਲੀ ਨਾਲ ਹੀ ਅਸੀਂ ਵਿਕਾਸ ਵੱਲ ਵਧ ਸਕਦੇ ਹਾਂ ਪਰ ਬੌਧਿਕ ਵਿਕਾਸ ਸਿੱਖਿਆ ਨਾਲ ਹੀ ਹੋ ਸਕਦਾ ਹੈ। ਇਸ ਦੌਰਾਨ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਪਟਿਆਲਾ ਤੋਂ ਡਾਕਟਰ ਦੀਆਂ ਸੇਵਾਵਾਂ ਲਈਆਂ ਗਈਆਂ ਜੋ ਸਮੇਂ-ਸਮੇਂ ਸਿਖਿਆਰਥੀਆਂ ਦਾ ਮੈਡੀਕਲ ਚੈਕਅਪ ਕਰਦਾ ਸੀ। ■

ਹਿਸਾਬ-ਕਿਤਾਬ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਮਈ ੨੦੧੭

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੭ | | ੧੮੫੦੭੩੭੩.00 |
| ੨ | ਧਾਰਮਿਕ ਫੰਡ ੮੭ | ੪੦ | | ੧੧੭੬੦੦੦.00 |
| ੩ | ਪ੍ਰਚਾਰ ਸਹਾਇਤਾ | ੬੫ | | ੨੦੮੬੦੦.00 |
| ੪ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ਼੍ਰੀਦ) | ੯੦ | ੧੪੧੬੨੧੮.00 | |
| ੫ | ਧਾਰਮਿਕ ਪ੍ਰੀਖਿਆ ਵਜੀਫੇ | ੧੧੧ | ੫੨੫੯੩੦.00 | |
| ੬ | ਪੱਤਰ ਵਿਹਾਰ ਕੋਰਸ ਤੇ ਖੋਜ ਕੇਦਰ | ੧੬੯ | ੩੪੬੪੯੨.00 | |
| ੭ | ਧਰਮ ਤੇ ਅੰਮ੍ਰਿਤ ਪ੍ਰਚਾਰ | ੧੯੨ | ੬੨੫੫੫੯੨.00 | ੫੨੫੦.00 |
| ੮ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੨੧ | ੧੯੭੦੨੯੦.00 | ੮੩੦੦.00 |
| ੯ | ਗੁਰਮਤਿ ਗਿਆਨ ਹਿੰਦੀ | ੨੬੯ | ੫੩੪੮੬੩.00 | ੧੪੧੧੭.00 |
| ੧੦ | ਤਨਖਾਹ ਸਟਾਫ ਦਫਤਰ | ੨੯੫ | ੩੨੨੪੨੨੦.00 | |
| ੧੧ | ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੦੫ | ੫੨੮੬੬੮.00 | |
| ੧੨ | ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼ | ੩੧੩ | ੬੯੯੭੧੮.00 | |
| ੧੩ | ਤਨਖਾਹ ਧਾਰਮਿਕ ਟੀਚਰ | ੩੨੧ | ੬੯੯੫੦੫.00 | |
| ੧੪ | ਡਾਕ ਤੇ ਤਾਰ ਖਰਚ | ੩੨੭ | ੬੨੭੮.00 | |
| ੧੫ | ਫਿਲਮਾਂ ਰਾਹੀਂ ਪ੍ਰਚਾਰ(ਤਨਖਾਹ ਫਿਲਮ ਉਪਰੇਟਰ, ਮੁੰਰਮਤ ਤੇ ਸ:ਖ: ਆਦਿ) | ੩੩੭ | ੧੮੭੦੦੪.00 | |
| ੧੬ | ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੩੫੭ | ੨੧੧੫੮੩.00 | |
| ੧੭ | ਟੈਲੀਫੋਨ | ੩੮੩ | ੧੪੫੮੪.00 | |
| ੧੮ | ਮੁਰੰਮਤ ਸਮਾਨ ਦਫਤਰ | ੪੦੩ | ੪੬੦.00 | |
| ੧੯ | ਐਂਟਰਟੇਨਮੈਂਟ | ੪੧੫ | ੧੧੫੯੭.00 | |
| ੨੦ | ਵਰਦੀਆਂ ਮੁਲਾਜਮਾਂ | ੪੨੧ | ੨੧੭੫੧੬.00 | |
| ੨੧ | ਸਫਰ ਖਰਚ ਮੁਲਾਜਮਾਂ | ੪੩੪ | ੮੫੩੦.00 | |
| ੨੨ | ਫੁਟਕਲ ਦਫਤਰ ਤੇ ਰੋਸ਼ਨੀ | ੪੪੯ | ੫੧੭੦.00 | |
| ੨੩ | ਬੀਮਾ ਗੱਡੀਆਂ ਤੇ ਕੈਸ਼ | ੪੭੧ | ੧੨੦੨੧.00 | |

| | | | |
|---|---|---|---|
| ੨੪ ਬੀਮਾਂ ਪੇਸ਼ਗੀ ਮੁਲਾਜਮਾਂ ਐਕਸੀਡੈਂਟਲ | ੫੦੩ | | ੧੨੨੯.੦੦ |
| ੨੫ ਬੀਮਾਂ ਪੇਸ਼ਗੀ ਮੁਲਾਜਮਾਂ ਮੈਡੀਕਲੇਮ | ੫੧੩ | | ੨੪੨੮੩.੦੦ |
| ੨੬ ਗਰੈਚੂਇਟੀ ਤੇ ਛੁੱਟੀਆਂ ਆਦਿ (ਸ਼੍ਰੋਮਣੀ ਕਮੇਟੀ ਨੂੰ) | ੫੨੩ | ੫੦੦੦੦੦੦.੦੦ | |
| ੨੭ ਸ਼ਤਾਬਦੀਆਂ ਸਮਾਰੋਹ | ੫੨੭ | ੧੯੭੭੮.੦੦ | |
| ੨੮ ਐਡਵਰਟਾਈਜਮੈਂਟ | ੫੭੧ | ੧੫੮੫੩੩.੦੦ | |
| ੨੯ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ | | | |
| ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੋਹੜ | ੫੭੮ | ੮੫੯੩੯੬.੦੦ | ੨੧੮੦੩.੦੦ |
| ੩੦ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੫੯੭ | ੩੦੮੦੫੨.੦੦ | ੬੧੦੬.੦੦ |
| ੩੧ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ | | | |
| ਫਿਰੋਜਪੁਰ | ੬੧੦ | ੮੮੫੭੬.੦੦ | |
| ੩੨ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੧੯ | ੧੦੬੭੫੪.੦੦ | |
| ੩੩ ਗੁਰ:ਸੰਗੀਤ ਵਿਦਿਆਲੇ:(ਬਾਦੀਆਂ, ਮੁਕਤਸਰ ਸਾਹਿਬ, | | | |
| ਭੂਰਾ ਕੋਹਨਾ, ਕਾਲਾਮਾਲਾ ਸੰਗਰੂਰ) | | | |
| ਤਨ:, ਸ:ਖ: ਤੇ ਫੁਟ:ਆਦਿ | ੬੩੧ | ੩੯੭੯੭੮.੦੦ | |
| ੩੪ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ | | | |
| ਬਰਨਾਲਾ ਤੇ ਡੇਰਾ ਬਾਬਾ ਨਾਨਕ ,ਭਾਈ ਗੁਰਦਾਸ ਵਿਦਿ:ਆਲਮਗੀਰ) | | | |
| ਤਨਖਾਹਾਂ, ਸਫਰ ਖਰਚ ਤੇ ਫੁਟਕਲ ਆਦਿ | ੬੪੭ | ੪੭੧੧੯੩.੦੦ | ੩੧੦੦.੦੦ |
| ੩੫ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ | | | |
| ਸ੍ਰੀ ਅੰਮ੍ਰਿਤਸਰ | ੬੭੧ | ੪੭੨੬੪.੦੦ | |
| ੩੬ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ | | | |
| ਸਿੱਖ ਸਟੱਡੀਜ, (ਤਨਖਾਹਾਂ, ਆਨਰੇਰੀਅਮ ਤੇ | | | |
| ਫੁਟਕਲ ਆਦਿ) | ੬੭੬ | ੫੬੧੫੪੨.੦੦ | |
| ੩੭ ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ | | | |
| ਸਾਹਿਬਾਨ ਪੰਜਾਬ ਪ੍ਰਚਾਰ | ੭੦੨ | ੫੨੮੭੭੭੫.੦੦ | ੩੦੦੦੦.੦੦ |
| ੩੮ ਸਫਰ ਖਰਚ ਪ੍ਰਚਾਰਕ, ਢਾਡੀ ਤੇ | | | |
| ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੭੧੫ | ੨੭੫੭੦੮.੦੦ | ੫੯੮੩.੦੦ |
| ੩੯ ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ | | | |
| ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੭੩੭ | ੮੧੩੯੦੯.੦੦ | |
| ੪੦ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ | | | |
| (ਛਪਾਈ) ਪੂੰਜੀਗਤ ਖਰਚੇ | ੭੬੭ | | ੨੫੨੭੪੧.੦੦ |

| | | | |
|---|---|---|---|
| ੪੧ ਇਮਾਰਤ ਦਫਤਰ ਧਰਮ ਪ੍ਰਚਾਰ ਕਮੇਟੀ | ੮੧੮ | ੨੮੩੮੦.੦੦ | |
| ੪੨ ਇਮਾਰਤ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੮੨੫ | ੫੦੦੦੦.੦੦ | |
| ੪੩ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸਰੀਆ) | ੮੩੮ | | ੨੦੯੮੭੮੬.੦੦ |
| ੪੪ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸੀਮਿੰਟ)) | ੮੪੦ | | ੧੦੭੫੮੪੫.੦੦ |
| ੪੫ ਇਮਾਰਤ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਠੇਕੇਦਾਰਾਂ) | ੮੪੨ | ੭੯੭੧੧੪੦.੦੦ | |
| ੪੬ ਸਮਾਨ ਦਫਤਰ ਧਰਮ ਪ੍ਰਚਾਰ | ੮੮੩ | ੬੮੭੫੦.੦੦ | |
| ੪੭ ਸਮਾਨ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ | ੯੦੩ | ੮੨੯੭੫.੦੦ | |
| ੪੮ ਸਮਾਨ ਦਫ਼ਤਰ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੯੦੪ | ੯੮੯੯.੦੦ | |
| ੪੯ ਸਮਾਨ ਦਫਤਰ ਯੂ.ਪੀ, ਮੱਧ ਪ੍ਰਦੇਸ਼., ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ | ੯੦੬ | ੩੦੬੦.੦੦ | |
| ੫੦ ਸਮਾਨ ਗੁਰਮਤਿ ਸੰ: ਵਿਦਿਆਲਾ ਕਾਲਾਮਾਲਾ ਸੰਗਰੂਰ) | ੯੧੫ | ੧੪੦੦.੦੦ | |
| ੫੧ ਕਿਤਾਬਾਂ ਸ਼ਹੀਦ ਸਿੱਖ ਮਿ: ਕਾਲਜ ਅੰਮ੍ਰਿਤਸਰ ਤੇ ਬੁੱਢਾ ਜੌਹੜ | ੯੨੪ | | ੮੩੫੨.੦੦ |
| ੫੨ ਕਰਜਾ ਖ੍ਰੀਦ ਜਮੀਨ (ਗੁ:ਸ੍ਰੀ ਮੰਜੀ ਸਾਹਿਬ ਲਸ਼ਕਰੀ ਕੋਟਾ ਲੁਧਿਆਣਾ) ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੯੩੬ | | ੧੦੦੦੦੦੦੦.੦੦ |
| ੫੩ ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੧੦੦੧ | ੩੫੭੨੨੩.੦੦ | |
| ੫੪ ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ | ੧੦੦੯ | ੩੯੦੧੬.੦੦ | |
| ੫੫ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੧੮ | ੧੨੭੨੦੪.੦੦ | |
| ੫੬ ਗੁਰ:ਵਿਦਿਆਲਾ ਸ਼ੇਖੁਪੁਰਾ ਮੰਚੂਰੀ,ਕਰਨਾਲ ਤਨ:, ਵਜੀ:, ਸ:ਖਰਚ ਤੇ ਫੁਟ: | ੧੦੩੫ | ੧੧੨੨੧੯.੦੦ | |
| ੫੭ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ | | | |

| | | |
|---|---|---|
| (ਗੁ: ਪਲਾਹ ਸਾਹਿਬ, (ਊਨਾ) | ੧੦੪੭ | ੧੨੩੮੭੧.੦੦ |
| ੫੮ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ,ਬਿੱਲ ਅਤੇ ਫੁਟਕਲ ਆਦਿ) ਰਾਜਿਸਥਾਨ ਸਿੱਖ ਮਿਸ਼ਨ (ਬੁਢਾ ਜੌਹੜ) | ੧੦੫੮ | ੫੬੦੬੯.੦੦ |
| ੫੯ ਤਨ:ਸਫਰ ਖਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੬੭ | ੧੦੫੦੭੫੧.੦੦ |
| ੬੦ ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ,ਖਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੭੯ | ੮੦੬੫੩.੦੦ |
| ੬੧ ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੫ | ੩੯੦੯੪.੦੦ |
| ੬੨ ਫੁੱਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੧੦੧ | ੧੧੮੯੯.੦੦ |
| ੬੩ ਸ੍ਰੀ ਗੁਰੂ ਰਾਮ ਦਾਸ ਜੀ ਗੁਰਮਤਿ ਵਿਦਿਆਲਾਂ ਸ਼ਾਹਜਹਾਨਪੁਰ ਯੂ.ਪੀ | ੧੧੧੦ | ੧੨੨੯੭੯.੦੦ |
| ੬੪ ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੧੧੯ | ੪੦੧੫੧.੦੦ |
| ੬੫ ਗੁਰ: ਸਾਹਿਬਾਨ ਨੱਕਾ ਕੂਆਂ,ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜਮੁਕਤੇਸਰ ਯੂ:ਪੀ: | ੧੧੨੭ | ੨੭੯੦੯.੦੦ |
| ੬੬ ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ: | ੧੧੩੫ | ੪੬੭੬.੦੦ |
| ੬੭ ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ, ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ | ੧੧੫੧ | ੪੫੨੨੮.੦੦ |
| ੬੮ ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੬੩ | ੧੨੬੩੫੨.੦੦ |
| ੬੯ ਦੀਵਾਨ, ਮੇਲੇ, ਕੈਂਪਸ ਤੇ ਫ਼ਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਛਤੀਸਗੜ੍ਹ ਮਿਸ਼ਨ | ੧੧੭੧ | ੪੦੫੨੫.੦੦ |
| ੭੦ ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ:ਸਫਖਰਚ ਅਤੇ ਬਿੱਲ ਆਦਿ) | ੧੧੭੬ | ੧੪੯੨੩੬.੦੦ |
| ੭੧ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ | | |

| | | | |
|---|---|---|---|
| ਸਿੱਖ ਮਿਸ਼ਨ | ੧੧੯੯ | ੧੧੧੭੦੬.੦੦ | |
| ੭੨ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੧੯੯ | ੪੯੦੮.੦੦ | |
| ੭੩ ਫੁੱਟਕਲ ਦਫ਼ਤਰ ਲੰਗਰ (ਆਉ ਭਗਤ) ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੨੦੫ | ੩੯੭੫.੦੦ | |
| ੭੪ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ, ਫੁਟਕਲ ਆਦਿ(ਕਾਸ਼ੀਪੁਰ) | ੧੨੧੧ | ੩੨੯੧੦੯.੦੦ | |
| ੭੫ ਤਨਖਾਹ ,ਸਫਰ ਖਰਚ ਆਦਿ ਸਿੱਖ ਮਿਸ਼ਨ ਨੇਪਾਲ | ੧੨੨੭ | ੭੫੫੦.੦੦ | |
| ੭੬ ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੫੩ | ੨੪੨੦੦.੦੦ | |
| ੭੭ ਸਹਾਇਤਾ ਗੁਰੂ ਕਾਸ਼ੀ ਕਾਲਜ ਆਫ ਸਿੱਖ ਸਟੱਡੀਜ ਤਲਵੰਡੀ ਸਾਬੋ ਕੀ (ਬਠਿੰਡਾ) | ੧੨੭੫ | ੧੦੦੦੦੦੦.੦੦ | |
| ੭੮ ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ | ੧੨੯੫ | ੬੦੦੦.੦੦ | |
| ੭੯ ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸ਼ਤਰ ਵਿਦਿਆ (ਗਤਕਾ) | ੧੩੧੨ | ੫੧੦੩੯੭.੦੦ | |
| ੮੦ ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ | ੧੩੪੩ | ੮੧੨੩੫.੦੦ | |
| ੮੧ ਸਹਾਇਤਾ ਕੁਦਰਤੀ ਆਫਤਾਂ, ਕੈਂਸਰ ਰਲੀਫ ਫੰਡ (ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ) | ੧੩੫੩ | | ੨੦੦੦.੦੦ |
| ੮੨ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਿਵਾਨਾ ਨੂੰ ਸਨਮਾਨਤ | ੧੩੭੩ | ੩੯੪੬੪.੦੦ | |
| ੮੩ ਸਹਾਇਤਾ ਮੁਫਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ (ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ) | ੧੩੮੬ | ੫੮੧੫੦੦.੦੦ | |
| ੮੪ ਆਮਦਨ ਕਰ | ੧੪੩੪ | ੧੨੯੫੦੦.੦੦ | ੧੩੫੫੦੦.੦੦ |
| ੮੫ ਟੀ.ਡੀ.ਐਸ. (ਅਦਾਇਗੀ ਯੋਗ) | ੧੪੫੩ | ੨੨੮੫੧.੦੦ | ੫੬੬੦੩.੦੦ |
| ੮੬ ਸੇਲ ਟੈਕਸ | ੧੪੭੧ | | ੨੮੭੮੦੦.੦੦ |
| ੮੭ ਸਹਾਇਤਾ ਬੀਬੀ ਭਾਨੀ ਕੰਨਿਆ ਨੇਤਰਹੀਣ ਵਿਦਿ: ਸੰਨ ਸਾਹਿਬ ਛੇਹਰਟਾ ਰੋਡ ਸ੍ਰੀ ਅੰਮ੍ਰਿਤਸਰ | ੧੪੮੧ | ੨੫੦੦੦.੦੦ | |
| ੮੮ ਸਹਾਇਤਾ ਭਾਈ ਨਗਾਈਆ ਜੀ ਪਬਲਿਕ ਸਕੂਲ ਫਾਰ ਡੈਫ ਆਲਮਗੀਰ ਲੁਧਿਆਣਾ | ੧੪੮੪ | ੨੧੩੭੭.੦੦ | |

| | | | |
|---|---|---|---|
| ੮੯ ਅਣਦਿੱਤੀ ਤਨਖਾਹ | ੧੫੦੩ | ੨੪੮੦੦੪.੦੦ | ੧੫੫੦੨੧.੦੦ |
| ੯੦ ਅਣਦਿੱਤੇ ਬਿਲਜ਼ | ੧੫੨੦ | ੩੩੦੦੦.੦੦ | ੨੧੦੦੦.੦੦ |
| ੯੧ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ | | | |
| ਸ੍ਰੀ ਅੰਮ੍ਰਿਤਸਰ | ੧੫੪੮ | ੬੪੪੧੧.੦੦ | ੬੪੪੧੧.੦੦ |
| ੯੨ ਅਮਾਨਤ ਕਿਰਾਇਆ ਗੁ:ਸ੍ਰੀ ਫਤਹਿਗੜ੍ਹ ਸਾਹਿਬ | ੧੫੭੧ | | ੧੭੬੬.੦੦ |
| ੯੩ ਅਮਾਨਤ ਕਿਰਾਇਆ ਤਖਤ ਸ੍ਰੀ ਦਮਦਮਾ ਸਾਹਿਬ | | | |
| ਤਲਵੰਡੀ ਸਾਬੋ, ਬਠਿੰਡਾ | ੧੫੭੭ | | ੬੮੨੮.੦੦ |
| ੯੪ ਅਮਾਨਤ ਮੁਲਾਜਮਾਂ | ੧੫੯੯ | ੨੮੦੩੨੩.੦੦ | ੨੯੭੦੯੮.੦੦ |
| ੯੫ ਅਮਾਨਤ ਸ਼੍ਰੋਮਣੀ ਕਮੇਟੀ | ੧੬੨੫ | ੧੯੦੮੬.੦੦ | ੧੯੦੮੬.੦੦ |
| ੯੬ ਪੇਸ਼ਗੀ ਜਨਰਲ | ੧੬੫੭ | ੫੫੨੪੦੮੪.੦੦ | ੭੨੬੦੧੯੫.੦੦ |
| ੯੭ ਪੇਸ਼ਗੀ ਹਥਿਆਰ | ੧੭੨੧ | | ੧੪੦੦.੦੦ |
| ੯੮ ਪੇਸ਼ਗੀ ਤਨਖਾਹ | ੧੭੩੨ | ੬੩੯੫੦੦.੦੦ | ੬੪੨੫੦੦.੦੦ |
| ੯੯ ਕਿਰਾ: ਦੁਕਾਨਾ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੧੭੯੭ | | ੨੦੪੫੦.੦੦ |
| ੧੦੦ ਅਮਾਨਤ ਠੇਕੇਦਾਰਾਂ (ਐਲੀਵੇਸ਼ਨ) | ੧੮੧੫ | ੫੩੦੯੦.੦੦ | |
| ੧੦੧ ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ | | | |
| (ਗੁਰਦੁਆਰਾ ਸ੍ਰੀ ਮੋਤੀ ਬਾਗ) ਪਟਿਆਲਾ | ੧੮੨੧ | | ੪੬੦.੦੦ |
| ੧੦੨ ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ ਸਾਹਿਬ | | | |
| ਸ੍ਰੀ ਅਨੰਦਪੁਰ | ੧੮੨੪ | | ੧੨੪੦.੦੦ |
| ੧੦੩ ਅਮਾਨਤ ਕਿਰਾਇਆ ਗੁ:ਸ੍ਰੀ ਲੱਧੇਵਾਲ ਸਾਹਿਬ | ੧੮੨੭ | | ੪੪੦.੦੦ |
| ੧੦੪ ਅਮਾਨਤ ਮੁਲਾਜਮਾਂ ਭਲਾਈ ਪ੍ਰਚਾਰਕ ਸਾਹਿਬਾਨ | ੧੮੩੦ | | ੧੦੦੦.੦੦ |
| ੧੦੫ ਪ੍ਰੋ: ਫੰਡ ਸਟਾਫ਼ | ੨੦੦੫ | ੧੮੬੨੭੮੪.੦੦ | ੧੭੯੪੯੦੮.੦੦ |
| ੧੦੬ ਕਰਜਾ ਪ੍ਰੋ: ਫੰਡ | ੨੦੩੩ | ੧੦੪੪੮੪.੦੦ | ੧੦੪੪੮੪.੦੦ |
| ੧੦੭ S.B A/c No.੬੫੦੩੮੬੦੦੪੯੦ SBP, | | | |
| ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੦੫੬ | ੧੩੨੦੦੦੦੦.੦੦ | ੧੨੬੫੮੧੩੫.੦੦ |
| ੧੦੮ S.B A/c No.੦੦੯੭੬੦੦੦/੦੦੦੭੦੧੨੭ | | | |
| PNB, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੧੦੭ | | ੧੫੨੩੫੧.੦੦ |
| ੧੦੯ S.B A/c No.੭੪੭੯੦੦੦/੦੦੦੦੮੭੩੨ | | | |
| PNB, ਸਰਾਂਏ, ਅੰਮ੍ਰਿਤਸਰ | ੨੧੨੪ | ੯੬੬੧੭੯.੦੦ | ੫੬੮੮੧੫.੦੦ |
| ੧੧੦ S.B A/c No.੧੩੧੩੧੦੦੦੦੧੭੯੬੬ HDFC, | | | |
| ਗੋਲਡਨ ਟੈਂਪਲ, ਅੰਮ੍ਰਿਤਸਰ | ੨੧੪੨ | ੯੨੩੧੯੧੯.੦੦ | ੩੯੯੭੪੭੫.੦੦ |

| | | | |
|---|---|---|---|
| ੧੧੧ S.B A/c No.੨੪੮੦ PSB, ਸਰਾਂਏ ਅੰਮ੍ਰਿਤਸਰ | ੨੧੭੬ | ੧੮੮੨੪੯੧੮.੦੦ | ੧੩੪੫੦੬੭੪.੦੦ |
| ੧੧੨ S.B A/c No.੭੨੬੪ PSB, ਚੌਂਕ ਪ੍ਰਾਗਦਾਸ ਅੰਮ੍ਰਿਤਸਰ | ੨੨੦੨ | | ੨੦੦੦੦੦.੦੦ |
| ੧੧੩ S.B A/c No.੨੩੩ PSB, ਗੜ੍ਹ ਰੋਡ, ਹਾਪੁੜ (ਯੂ.ਪੀ) | ੨੨੨੯ | | ੪੦੦੦੦੦.੦੦ |
| ੧੧੪ S.B A/c No.੨੦੧੬੫੭੧੭੯੮੫ Allahabad Bank, ਕਟੜਾ ਆਹਲੂਵਾਲੀਆ, ਅੰਮ੍ਰਿਤਸਰ | ੨੨੪੮ | | ੨੦੦੦੦੦੦.੦੦ |
| ੧੧੫ S.B A/c No.੨੪੦੦੦ Indian Overseas Bank, ਹਾਲ ਬਜਾਰ, ਅੰਮ੍ਰਿਤਸਰ | ੨੨੬੪ | | ੨੦੦੦੦੦.੦੦ |
| ੧੧੬ S.B A/c No.੨੧੯੨੧ Induslnd Bank, ਮਾਲ ਰੋਡ, ਅੰਮ੍ਰਿਤਸਰ | ੨੨੭੪ | | ੨੦੦੦੦੦.੦੦ |
| ੧੧੭ S.B A/c No.੦੦੬੬੦੧੦੦੩੨੩੩ ICICI Bank, ਮਾਲ ਰੋਡ, ਅੰਮ੍ਰਿਤਸਰ | ੨੨੮੪ | | ੫੦੦੦੦੦੦.੦੦ |
| ੧੧੮ S.B A/c No.੯੧੧੦੧੦੦੩੦੩੭੪੬੭੨ Axis Bank, ਕੋਰਟ ਰੋਡ, ਅੰਮ੍ਰਿਤਸਰ | ੨੨੯੦ | ੧੧੦੦੦੦.੦੦ | ੩੦੦੦੦੦੦.੦੦ |
| ੧੧੯ S.B A/c No.੭੫੦੧੦੧੦੧੧੦੦੧੭੨੪ ਵਿਜੈ ਬੈਂਕ ਮਾਲਵੀਆ ਰੋਡ | ੨੩੦੦ | | ੩੦੦੦੦੦.੦੦ |
| ੧੨੦ S.B A/c No ੦੮੧੧੬੫੫੬੪੨ ਕੋਟਿਕ ਮਹਿੰਦਰਾ ਬੈਂਕ ਮਾਲ ਰੋਡ | ੨੩੧੪ | | ੨੫੦੦੦੦੦.੦੦ |
| ੧੨੧ ਕਮਿਸ਼ਨ ਬੈਂਕਾਂ | ੨੩੯੧ | ੧੭੦.੦੦ | |
| ੧੨੨ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੩੯੭ | | ੪੦੧੦੫੭.੦੦ |
| ੧੨੩ ਜਮਾਨਤ ਵਿਦਿਆਰਥੀਆਂ | ੨੪੧੬ | ੮੮੦੦.੦੦ | |
| ੧੨੪ ਜਮਾਨਤਾਂ ਮੁਲਾਜਮਾਂ | ੨੪੩੭ | ੨੮੪੧੩.੦੦ | |
| | **ਜੋੜ** | ੯੦੫੧੦੨੯੩.੦੦ | ੮੯੩੫੦੫੬੫.੦੦ |
| | **ਹੱਥ ਦੀ ਬਾਕੀ** | ੩੭੭੮੦੩.੦੦ | ੧੫੩੭੫੩੧.੦੦ |
| | **ਕੁਲ ਜੋੜ** | ੯੦੮੮੮੦੯੬.੦੦ | ੯੦੮੮੮੦੯੬.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਐਡੀ. ਸਕੱਤਰ,

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਟਰੱਸਟ ਫੰਡ, ਮਹੀਨਾ ਜਨਵਰੀ ੨੦੧੭

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| **ਜਨਰਲ ਲੈਜਰ ਨੰ:੧** | | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੪ | | ੧੦੨੦੦੦ |
| ੨ | ਤਨਖਾਹ ਤੇ ਕਮਿਸ਼ਨ | ੨੧ | ੫੧੨੦੪੩ | |
| ੩ | ਸਫਰ ਖਰਚ ਫੁੱਟਕਲ | ੪੭੦ | ੧੫੦੦ | |
| ੪ | ਕੰਪਿਊਟਰ ਸਿੱਖ ਇਤਿਹਾਸ | ੫੦ | ੮੦੪੦ | |
| ੫ | ਟੈਲੀਫੂਨ | ੪੮ | ੧੮੨੮ | |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੬ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੫੬ | | ੬੩੯੦੦੦ |
| ੭ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੬੯ | | ੩੨੭੮੩੯ |
| ੮ | ਵਸੂਲਣ ਯੁਗ ਬਿੱਲ ਦੀਆ ਰਕਮਾ | | | |
| | ਗੁਰਬਾਣੀ ਤੇ ਗੁ:ਲਿਟਰੇਚਰ | ੯੧ | | ੬੦੮੯੦੮ |
| ੯ | ਤਨਖਾਹ ਤੇ ਕਮਿਸ਼ਨ | ੧੧੮ | ੫੦੭੫੦੬ | |
| ੧੦ | ਸਮਾਨ | ੧੨੩ | | ੬੭੬੦ |
| ੧੧ | ਛਪਾਈ ਗੁ:ਤੇ ਗੁ:ਲਿਟ:ਪਦਛੇਦ ਬੀੜ | | | |
| | ਪੁਰਾਤਨ ਇਤਿਹਾਸ ਗ੍ਰੰਥ | ੧੪੩ | ੯੩੦੭੯ | |
| ੧੨ | ਕਾਗਜ਼ | ੧੨੬ | ੩੭੩੫੫੫ | |
| ੧੩ | ਜਿਲਦਬੰਦੀ | ੧੩੭ | ੫੨੯੮੦੯ | ੮੦੯੭੭ |
| ੧੪ | ਤਨਖਾਹ ਜਿਲਦਬੰਦੀ ਵਿਭਾਗ | ੧੪੬ | ੨੬੭੨੪੭ | |
| ੧੫ | ਦਰਸ਼ਨ ਭੇਟਾ | ੧੫੩ | ੭੨੬੨੫ | |
| ੧੬ | ਫੁੱਟਕਲ ਤੇ ਗੱਡੀ ਸ੍ਰੀ ਪਾਵਨ ਸਰੂਪ | ੧੬੧ | ੧੭੯੨੬ | |
| ੧੭ | ਸਫਰ ਖਰਚ | ੧੭੧ | ੨੭੯੮੦ | |

| | | | |
|---|---|---|---|
| **ਧਰਮ ਅਰਥ ਅਤੇ ਪੰਥਕ ਭਲਾਈ ਫੰਡ** | | | |
| ੧੮ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੨੮੭ | | ੭੪੦੦੦ |
| ੧੯ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ (ਪੰਥਕ ਭਲਾਈ ਫੰਡ) | ੨੯੭ | | ੭੪੦੦੦ |
| ੨੦ ਬੱਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੧੩੨੮ | ੧੭੯੭੬੭੧ | ੪੮੦੦੦੦ |
| ੨੧ ਫੁੱਟਕਲ ਆਮਦਨ ਸੰਗਤਾਂ ਪਾਸੋਂ | ੩੪੦ | | ੨੦੨੧੦੪.੨੪ |
| ੨੨ ਧਰਮ ਅਰਥ ਫੰਡ (ਖਰਚ) | ੩੯੩ | ੧੧੫੦੦੦ | |
| **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੨੩ ਵੀਜ਼ਾ ਫੀਸ | ੨੫੩ | | ੧੨੦੦ |
| ੨੪ ਤਨਖਾਹ ਸਟਾਫ ਆਦਿ | ੨੬੪ | ੩੭੬੩੧੮ | ੪੭੧੮੩ |
| **ਭਾਈਚਾਰਕ ਸੁਧਾਰ ਫੰਡ** | | | |
| ੨੫ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੧੮੫ | | ੪੧੦੦੦ |
| ੨੬ ਤਨਖਾਹ ਸਟਾਫ ਆਦਿ | ੧੯੪ | ੧੮੮੧੦੫ | |
| **ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਸਰ ਰਲੀਫ ਫੰਡ** | | | |
| ੨੭ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੧੦੭੩ | | ੧੨੫੫੦੦੦ |
| ੨੮ ਮੁਲਾਜਮਾਂ ਪਾਸੋਂ ਸਹਾਇਤਾ | ੧੦੯੯ | | ੧੩੭੬੯੫੩ |
| ੨੯ ਸਫਰ ਖਰਚ | ੧੩੫੦ | ੫੩੫ | |
| ੩੦ ਬੱਚਤ ਹਿਸਾਬ ਨੰ: ੩੨੪੪੧ ਪੰਜਾਬ ਨੈਸ਼ਨਲ ਬੈਂਕ | ੧੪੫੫ | | ੨੫੧੫੦੦ |
| ੩੧ ਖਰਚ ਕੈਂਸਰ ਰਲੀਫ ਫੰਡ | ੧੨੩੧ | ੫੨੦੦੦੦ | |
| ੩੨ ਤਨਖਾਹ ਸਟਾਫ ਆਦਿ | ੧੧੨੨ | ੧੮੩੨੦੫ | |

**ਜਨਰਲ ਲੈਜਰ ਨੰ: ੨**

| | | | |
|---|---|---|---|
| **ਅਮਾਨਤਾਂ** | | | |
| ੩੩ ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੫੦੭ | ੧੮੯੨੮ | ੪੩੦੩੮ |
| ੩੪ ਅਮਾਨਤ ਗੁਰਦਵਾਰੇ | ੫੨੬ | | ੪੯੨੪੧ |
| ੩੫ ਅਮਾਨਤ ਮੁਲਾਜਮਾਂ ਤੇ ਜਨਰਲ | ੫੪੦ | ੧੦੫੬੬੩ | ੧੧੩੬ |
| ੩੬ ਅਮਾਨਤ ਐਲ.ਆਈ .ਸੀ | ੫੪੮ | | ੨੯੧੯ |
| ੩੭ ਅਮਾਨਤ ਕਲਰਕਾਂ/ਸੇਵਾਦਾਰਾਂ (ਭਲਾਈ ਫੰਡ) | ੫੬੪ | ੧੫੦ | ੫੦੮੭੧ |

| | | | |
|---|---|---|---|
| ੩੮ ਪੇਸ਼ਗੀ ਬੀਮਾ | ੫੯੧ | ੬੬੬੬ | ੫੬੨੮੭੩ |
| ੩੯ ਖਰਚ ਦਫਤਰ | ੫੯੬ | ੧੪੭੯੦੩੮ | |
| ੪੦ ਵਸੂਲਣਯੋਗ ਤਨਖਾਹ ਤ੍ਰੈ ਸ਼ਤਾਬਦੀ ਕਾਲਜ | ੯੯੮ | ੨੧੦੬੧੭ | ੧੫੫੬੯੩੭ |
| ੪੧ ਮਿਆਦੀ ਹਿਸਾਬ ਅਮਾਨਤਾਂ | ੬੦੭ | | ੧੦੪੫੨੭ |
| **ਜਮਾਨਤਾਂ** | | | |
| ੪੨ ਜਮਾਨਤ ਮੁਲਾਜਮਾਂ | ੬੩੭ | ੨੫੦੦੦ | ੪੦੦੦੦ |
| ੪੩ ਸੂਦ ਜਮਾਨਤਾਂ | ੧੫੬੨ | ੭੪੯੯੬.੪੩ | |
| ੪੪ ਜਮਾਨਤ ਠੇਕੇਦਾਰਾ | ੬੭੧ | ੪੮੦੦੦੦ | ੮੯੬੫ |
| ੪੫ ਪੇਸ਼ਗੀ ਜਨਰਲ | ੭੨੯ | ੪੮੮੫੧੦ | ੨੦੪੨੦੪ |
| ੪੬ ਪੇਸ਼ਗੀ ਤਨਖਾਹ | ੭੯੨ | ੨੭੬੮੦੦ | ੪੭੧੨੦੦ |
| ੪੭ ਬਚਤ ਹਿਸਾਬ ਨੰ:੨੧੨੨ | | | |
| ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੮੩੪ | ੪੩੦੫੨੧੮ | ੩੪੯੭੨੪੯.੧੯ |
| ੪੮ ਬਚਤ ਹਿਸਾਬ ਨੰ:੧੩੧੩੧੦੦੦੦੯੪੬੭੦ | | | |
| ਬੈਕ ਆਫ ਪੰਜਾਬ ਲਿ:ਗੋਲਡਨ ਟੈਂਪਲ | ੧੫੭੫ | ੨੩੬੯੨੮ | ੧੧੮੦੬੯੨ |
| ੪੯ ਬਚਤ ਹਿਸਾਬ ਨੰ:੩੦੩੫੮ | | | |
| (ਪੀ ਐਸ ਬੀ ਹਾਲ ਬਾਜ਼ਾਰ) | ੮੫੯ | ੮੬੦੭.੬੮ | |
| ੫੦ ਬੱਚਤ ਹਿਸਾਬ ਨੰ:੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੯੦੧ | ੧੭੪੦੨੮੫੮.੨੩ | ੫੨੦੧੮੦੮੨.੨ |
| ੫੧ ਆਨ ਲਾਈਨ ਡੋਨੇਸਨ ੦੨੬੩੧੭੭੦੦੦੦੦੧੩ | ੯੮੫ | ੩੬੫੦੦ | |
| ੫੨ ਬੱਚਤ ਹਿਸਾਬ ਨੰ: ੬੫੦੨੦੭੨੧੭੨੦ | | | |
| ਸਟੇਟ ਬੈਂਕ ਆਫ ਪਟਿਆਲਾ | | | |
| ਜੱਲਿਆ ਵਾਲਾ ਬਾਗ, ਅੰਮ੍ਰਿਤਸਰ (ATM) | ੧੫੦੬ | ੧੬੯੪੬੦੭੧ | ੬੪੮੯੪੯੮ |
| ੫੩ ਬਚਤ ਹਿਸਾਬ ਨੰ: ੧੭੪੭੭(੬੫੭੫੬੭੭੫) | | | |
| ਅਲਾਹਾਬਾਦ ਬੈਂਕ ਕਟੜਾ ਆਹਲੂਵਾਲੀਆ | ੯੯੫ | ੨੮੮੦੦੦੦ | |
| **ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ,** | | | |
| **ਸੈਕਸ਼ਨ ੮੫ ਦੇ ਗੁ: ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ** | | | |
| ੫੪ ਵਸੂਲੀ ਦਫ਼ਾ-੮੫ ਗੁ: ਸਾਹਿਬਾਨ ਤੋਂ ਗੁਰੈਚੁਇਟੀ ਤੇ | | | |
| ਤਨਖਾਹ ਰਿਆਇਤੀ ਛੁੱਟੀਆ ਦਾ ਫੰਡ | ੯੪੮ | | ੧੮੦੩੫੦੦੦ |

| | | | |
|---|---|---|---|
| ੫੫ ਗੁਰੈਚੁਇਟੀ ਤੇ ਛੁੱਟੀਆ ਦਾ ਸੇਵਾਫਲ ਮੁਲਾਜ਼ਮਾਂ | ੧੫੩੩ | ੯੩੪੬੯੮੪੪ | |
| ੫੬ ਟੈਕਸ ਡਿਡੈਕਸ਼ਨ ਐਟ ਸੋਰਸ(ਠੇਕੇਦਾਰਾ) | ੯੭੫ | ੪੭੫੭ | ੧੯੪੦ |
| **ਸ਼ਹੀਦੀ ਫੰਡ** | | | |
| ੫੭ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੧੦੦੯ | | ੩੫੩੭੦੦੦ |
| **ਪੌਵੀਡੈਂਟ ਫੰਡ** | | | |
| ੫੮ ਪ੍ਰੌਵੀਡੈਂਟ ਫੰਡ | ੭੨ | ੧੯੬੪੧੭੨.੨ | ੧੮੧੦੦੩੪੭.੫੫ |
| ੫੯ ਕਰਜਾ ਪ੍ਰੌਵੀਡੈਂਟ ਫੰਡ | ੧੧੨ | ੮੦੯੦੦ | ੫੫੧੬੧੩ |
| ੬੦ ਅਮਾਨਤ ਪ੍ਰੌਵੀਡੈਂਟ ਫੰਡ | ੧੫੭ | ੫੬੯੪੭੧੦ | ੫੬੯੪੭੧੦ |
| ੬੧ ਬਚਤ ਹਿਸਾਬ ਪ੍ਰੌਵੀਡੈਂਟ ਫੰਡ | | | |
| ਪੰਜਾਬ ਐਂਡ ਸਿੰਧ ਬੈਂਕ ਨਿਵਾਸ ਅਤੇ ਹਾਲ ਬਜਾਰ | ੨੦੧ | ੫੬੪੩.੫੫ | ੧੫੭੦੪.੯੧ |
| ੬੨ ਬੱਚਤ ਹਿਸਾਬ ਪ੍ਰੌਵੀਡੈਂਟ ਫੰਡ | | | |
| ਸਟੇਟ ਬੈਕ ਆਫ ਪਟਿਆਲਾ | ੨੭੫ | ੯੯੮ | ੫੯੯੮ |
| ੬੩ ਮਿਆਦੀ ਹਿਸਾਬ ਪ੍ਰੋ ਫੰਡ ਪੰਜਾਬ ਐਂਡ ਸਿੰਧ ਬੈਕ | | | |
| ਨਿਵਾਸ ਡਿਉ ਮਿਤੀ ੨੫.੦੧.੧੮ | ੩੨੨ | ੫੦੦੦੦੦੦੦ | |
| ਜੋੜ | | ੧੧੭੬੭੪੫੪੮.੦੯ | ੧੧੭੭੯੨੦੭੦.੦੯ |
| ਹੱਥ ਦੀ ਬਾਕੀ | | ੭੦੮੬੨੬ | ੫੯੧੧੦੪ |
| ਵੱਡਾ ਜੋੜ | | ੧੧੮੩੮੩੧੭੪.੦੯ | ੧੧੮੩੮੩੧੭੪.੦੯ |

ਸਹੀ/- ਸਹੀ/-

ਅਕਾਊਂਟੈਂਟ, ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਟਰੱਸਟ ਫੰਡ, ਮਹੀਨਾ ਫਰਵਰੀ ੨੦੧੭

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| **ਜਨਰਲ ਲੈਜਰ ਨੰ:੧** | | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੫ | | ੩੦੯੦੦੦ |
| ੨ | ਤਨਖਾਹ ਤੇ ਕਮਿਸ਼ਨ | ੨੧ | ੫੨੦੯੨੬ | |
| ੩ | ਸਫਰ ਖਰਚ ਫੁੱਟਕਲ | ੪੭੦ | ੩੩੫੦ | |
| ੪ | ਟੈਲੀਫੂਨ | ੪੮ | ੧੭੯੫ | |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੫ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੫੭ | | ੧੪੭੫੦੦੦ |
| ੬ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੭੦ | | ੩੬੦੩੦੦ |
| ੭ | ਵਸੂਲਣ ਯੁਗ ਬਿੱਲ ਦੀਆ ਰਕਮਾ | | | |
| | ਗੁਰਬਾਣੀ ਤੇ ਗੁ:ਲਿਟਰੇਚਰ | ੯੨ | | ੫੧੭੫੯੨ |
| ੮ | ਤਨਖਾਹ ਤੇ ਕਮਿਸ਼ਨ | ੧੧੮ | ੪੬੯੮੬੯੩ | |
| ੯ | ਛਪਾਈ ਗੁ:ਤੇ ਗੁ:ਲਿਟ:ਪਦਛੇਦ ਬੀੜ | | | |
| | ਪੁਰਾਤਨ ਇਤਿਹਾਸ ਗ੍ਰੰਥ | ੧੪੪ | ੭੫੫੭੮੩ | |
| ੧੦ | ਕਾਗਜ਼ | ੧੨੭ | ੧੪੭੦੯੯੭ | |
| ੧੧ | ਜਿਲਦਬੰਦੀ | ੧੩੭ | ੨੧੩੫੫੦ | ੧੫੦੦ |
| ੧੨ | ਤਨਖਾਹ ਜਿਲਦਬੰਦੀ ਵਿਭਾਗ | ੧੪੬ | ੨੬੭੨੪੭ | |
| ੧੩ | ਦਰਸ਼ਨ ਭੇਟਾ | ੧੫੪ | ੮੨੭੫੦ | |
| ੧੪ | ਫੁੱਟਕਲ ਤੇ ਗੱਡੀ ਸ੍ਰੀ ਪਾਵਨ ਸਰੂਪ | ੧੬੧ | ੪੩੯੩੬ | ੧੭੦੦੦ |
| ੧੫ | ਸਫਰ ਖਰਚ | ੧੭੧ | ੧੨੦੦ | |

| | | | |
|---|---|---|---|
| ੧੬ ਟੈਲੀਫੂਨ | ੧੭੯ | ੯੭੮ | |
| **ਧਰਮ ਅਰਥ ਅਤੇ ਪੰਥਕ ਭਲਾਈ ਫੰਡ** | | | |
| ੧੭ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੨੮੮ | | ੧੨੫੦੦੦ |
| ੧੮ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿ ਤੋਂ (ਪੰਥਕ ਭਲਾਈ ਫੰਡ) | ੨੯੬ | | ੧੦੬੦੦੦ |
| ੧੯ ਬੱਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੧੩੨੯ | ੧੦੦੦੦੦ | ੧੧੨੦੦੦੦ |
| ੨੦ ਫੁੱਟਕਲ ਆਮਦਨ ਸੰਗਤਾਂ ਪਾਸੋਂ | ੩੪੪ | ੪੦ | ੯੬੦੦੩.੮੭ |
| ੨੧ ਪੰਥਕ ਭਲਾਈ ਫੰਡ (ਖਰਚ) | ੩੫੫ | ੧੦੫੦੦ | |
| ੨੨ ਧਰਮ ਅਰਥ ਫੰਡ (ਖਰਚ) | ੩੯੫ | ੪੫੭੫੦੦ | |
| **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੨੩ ਵੀਜ਼ਾ ਫੀਸ | ੨੫੩ | | ੧੨੬੬੦੦ |
| ੨੪ ਤਨਖਾਹ ਸਟਾਫ ਆਦਿ | ੨੬੪ | ੩੩੦੧੩੫ | |
| ੨੫ ਸਫਰ ਖਰਚ, ਕਾਰ ਖਰਚ ਗੁ: ਸਾਹਿਬਾਨ | ੨੭੨ | ੧੧੨੦੮ | |
| **ਭਾਈਚਾਰਕ ਸੁਧਾਰ ਫੰਡ** | | | |
| ੨੬ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੧੮੬ | | ੧੦੬੦੦੦ |
| ੨੭ ਤਨਖਾਹ ਸਟਾਫ ਆਦਿ | ੧੯੪ | ੧੮੮੧੦੫ | |
| **ਜਨਰਲ ਪ੍ਰੌ:ਫੰਡ** | | | |
| ੨੮ ਬੱਚਤ ਹਿਸਾਬ ਨੰ:ਸ਼ ੧੧੫੭੯ (੬੩੮੨) ਸੈਂਟਰਲ ਕ ਅਪ: ਬੈਂਕ | ੨੦੭ | ੪੧੨੫.੮੬ | |
| **ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਸਰ ਰਲੀਫ ਫੰਡ** | | | |
| ੨੯ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੧੦੭੩ | | ੫੬੨੦੦੦ |
| ੩੦ ਮੁਲਾਜਮਾਂ ਪਾਸੋਂ ਸਹਾਇਤਾ | ੧੧੦੧ | | ੨੧੮੫੫੨ |
| ੩੧ ਸੰਗਤਾਂ ਪਾਸੋਂ ਸਹਾਇਤਾ | ੧੩੫੬ | | ੧੧੦੦ |
| ੩੨ ਬੱਚਤ ਹਿਸਾਬ ਨੰ: ੩੨੪੪੧ ਪੰਜਾਬ ਨੈਸ਼ਨਲ ਬੈਂਕ | ੧੪੫੫ | ੪੦੦੦੦ | |
| ੩੩ ਖਰਚ ਕੈਂਸਰ ਰਲੀਫ ਫੰਡ | ੧੨੩੨ | ੬੨੦੦੦੦ | |
| ੩੪ ਤਨਖਾਹ ਸਟਾਫ ਆਦਿ | ੧੧੨੨ | ੧੮੩੨੦੫ | |

## ਜਨਰਲ ਲੈਜਰ ਨੰ:੨

| | | | |
|---|---|---|---|
| **ਅਮਾਨਤਾਂ** | | | |
| ੩੫ ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੫੦੭ | | ੭੦੦੯੯੨ |
| ੩੬ ਅਮਾਨਤ ਗੁਰਦਵਾਰੇ | ੫੨੭ | | ੧੩੬੪੪ |
| ੩੭ ਅਮਾਨਤ ਮੁਲਾਜਮਾਂ ਤੇ ਜਨਰਲ | ੫੪੧ | | ੧੫੮੨੨ |
| ੩੮ ਅਮਾਨਤ ਐਲ.ਆਈ .ਸੀ | ੫੪੮ | ੨੦੨੩੨ | ੩੭੮੮ |
| ੩੯ ਅਮਾਨਤ ਕਲਰਕਾਂ/ਸੇਵਾਦਾਰਾਂ (ਭਲਾਈ ਫੰਡ) | ੫੬੪ | | ੮੫੩੮੧ |
| ੪੦ ਪੇਸ਼ਗੀ ਬੀਮਾ | ੫੯੧ | ੬੬੬੬ | ੧੦੩੮੮੮ |
| ੪੧ ਲੈਣ ਦੇਣ ਜਨਰਲ ਬੋਰਡ ਫੰਡ | ੫੭੪ | ੧੨੦੮੧੬ | |
| ੪੨ ਲੈਣ ਦੇਣ ਵਿਦਿਆ ਫੰਡ | ੫੮੦ | ੨੦੪੨੦੪੪ | ੨੦੪੨੦੪੪ |
| ੪੩ ਸੇਫ ਅਕਾਊਂਟ ਟਰੱਸਟ | ੫੮੫ | | ੧੦੦੦੦੦੦ |
| ੪੪ ਖਰਚ ਦਫਤਰ | ੫੯੬ | ੧੦੯੯੩੩੧ | ੧੧੮੦੩੦੬ |
| ੪੫ ਵਸੂਲਣਯੋਗ ਤਨਖਾਹ ਤ੍ਰੈ ਸ਼ਤਾਬਦੀ ਕਾਲਜ | ੯੯੮ | ੨੧੦੬੧੭ | ੭੫੩੦੮ |
| **ਜਮਾਨਤਾਂ** | | | |
| ੪੬ ਜਮਾਨਤ ਮੁਲਾਜਮਾਂ | ੬੪੧ | ੩੫੦੦੦ | ੩੭੫੦੦ |
| ੪੭ ਸੂਦ ਜਮਾਨਤਾਂ | ੧੫੬੩ | ੩੫੬੭੪.੩੫ | ੩੭੨੦.੪੮ |
| ੪੮ ਜਮਾਨਤ ਠੇਕੇਦਾਰਾ | ੬੭੨ | | ੧੩੮੨੦ |
| ੪੯ ਪੇਸ਼ਗੀ ਜਨਰਲ | ੭੩੧ | ੧੦੫੮੮੫੩ | ੮੦੫੦੧੦ |
| ੫੦ ਪੇਸ਼ਗੀ ਤਨਖਾਹ | ੧੫੮੮ | ੩੨੪੫੯੪ | ੫੨੩੪੬੦ |
| ੫੧ ਬਚਤ ਹਿਸਾਬ ਨੰ:੨੧੨੨ | | | |
| ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੮੩੭ | ੧੨੧੯੯੯੨੯ | ੩੧੪੫੬੦੩ |
| ੫੨ ਬਚਤ ਹਿਸਾਬ ਨੰ:੧੩੧੩੧੦੦੦੦੯੪੬੭੦ | | | |
| ਬੈਕ ਆਫ ਪੰਜਾਬ ਲਿ:ਗੋਲਡਨ ਟੈਂਪਲ | ੧੫੭੫ | ੬੦੦੦੦੦ | ੧੫੨੮੪੧੧ |
| ੫੩ ਬੱਚਤ ਹਿਸਾਬ ਨੰ:੨ | | | |
| ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੧੬੦੧ | ੧੬੦੬੬੮੭੫ | ੨੭੨੦੭੧੪.੬੩ |
| ੫੪ ਬੱਚਤ ਹਿਸਾਬ ਨੰ: ੬੫੦੨੦੭੨੧੭੨੦ ਸਟੇਟ ਬੈਂਕ ਆਫ ਪਟਿਆਲਾ | | | |
| ਜੱਲਿਆ ਵਾਲਾ ਬਾਗ, ਅੰਮ੍ਰਿਤਸਰ (ATM) | ੧੫੦੮ | ੩੮੮੭੬੫੪ | ੨੬੩੬੯੪੩ |

| | | | |
|---|---|---|---|
| ੫੫ ਬਚਤ ਹਿਸਾਬ ਨੰ: ੧੭੪੭੭(੬੫੭੫੬੭੭੫) | | | |
| ਅਲਾਹਾਬਾਦ ਬੈਂਕ ਕਟੜਾ ਆਹਲੂਵਾਲੀਆ | ੯੯੩ | ੨੦੭੨੮ | |
| **ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ ਗੁ: ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ** | | | |
| ੫੬ ਵਸੂਲੀ ਦਫ਼ਾ-੮੫ ਗੁ: ਸਾਹਿਬਾਨ ਤੋਂ ਗੁਰੈਚੁਇਟੀ ਤੇ ਤਨਖਾਹ ਰਿਆਇਤੀ ਛੁੱਟੀਆ ਦਾ ਫੰਡ | ੯੪੯ | | ੬੯੫੯੮੬੬ |
| ੫੭ ਗੁਰੈਚੁਇਟੀ ਤੇ ਛੁੱਟੀਆ ਦਾ ਸੇਵਾਫਲ ਮੁਲਾਜ਼ਮਾਂ | ੧੫੩੩ | ੨੬੪੮੫੩੭ | |
| ੫੮ ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾ) | ੯੭੬ | ੧੮੪੦ | ੨੯੬੪ |
| **ਸ਼ਹੀਦੀ ਫੰਡ** | | | |
| ੫੯ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੧੦੦੯ | | ੨੮੦੬੦੦੦ |
| **ਪ੍ਰੌਵੀਡੈਂਟ ਫੰਡ** | | | |
| ੬੦ ਪ੍ਰੌਵੀਡੈਂਟ ਫੰਡ | ੭੭ | ੧੯੭੫੩੮੬.੬੩ | ੧੬੯੦੮੪੪੩.੬੮ |
| ੬੧ ਕਰਜਾ ਪ੍ਰੌਵੀਡੈਂਟ ਫੰਡ | ੧੧੫ | ੧੧੪੭੦੦੦ | ੬੯੭੯੨੨ |
| ੬੨ ਅਮਾਨਤ ਪ੍ਰੌਵੀਡੈਂਟ ਫੰਡ | ੧੫੯ | ੫੧੭੨੭੭੯ | ੫੧੭੨੭੭੯ |
| ੬੩ ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਸੈਂਟਰਲ ਕੋ:ਅਪ:ਬੈਂਕ ਹਾਲ ਬਜ਼ਾਰ | ੨੧੩ | ੧੫੨੪.੬੮ | ੪੧੨੫.੮੬ |
| ੬੪ ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਸਟੇਟ ਬੈਕ ਆਫ ਪਟਿਆਲਾ | ੨੭੫ | ੧੫੧੭ | ੯੫੧੭ |
| ੬੫ ਬਚਤ ਹਿਸਾਬ ਪ੍ਰੌ:ਫੰਡ ਅਲਾਹਾਬਾਦ ਬੈਂਕ ਕਟੜਾ ਆਹਲੂਵਾਲੀਆ, ਅੰਮ੍ਰਿਤਸਰ | ੨੫੮ | ੩੨੨੮ | ੧੦੭੨੮ |
| ਜੋੜ | | ੫੪੪੫੬੮੪੯.੫੨ | ੫੪੩੫੦੩੪੮.੫੨ |
| ਹੱਥ ਦੀ ਬਾਕੀ | | ੬੦੨੧੨੫ | ੭੦੮੬੨੬ |
| ਵੱਡਾ ਜੋੜ | | ੫੫੦੫੮੯੭੪.੫੨ | ੫੫੦੫੮੯੭੪.੫੨ |

ਸਹੀ/- ਸਹੀ/-

ਅਕਾਊਂਟੈਂਟ, ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

***ਗੁਰਦੁਆਰਾ ਗਜ਼ਟ ਦੇ ਅੰਕ ਜੁਲਾਈ ੨੦੧੭ ਦੇ ਪੰਨਾ ਨੰ: ੬੭ ਦਾ ਬਾਕੀ***

| | |
|---|---|
| ੧੯ **ਖਰਚ ਗੱਡੀਆਂ (ਡੀਜ਼ਲ, ਮੁਰੰਮਤ ਆਦਿ)** | |
| ੳ ਖਰਚ ਗੱਡੀਆਂ (ਡੀਜ਼ਲ, ਮੁਰੰਮਤ ਆਦਿ) | ੩੦੦੦੦੦ |
| ਅ ਮੋਟਰਸਾਇਕਲ | |
| ੨੦ ਜਨਰੇਟਰ (ਤੇਲ, ਮੁਰੰਮਤ ਆਦਿ) | ੨੦੦੦੦੦ |
| ੨੧ **ਮੁਰੰਮਤਾਂ** | |
| ੳ ਮੁਰੰਮਤ ਸਮਾਨ | ੫੦੦੦੦ |
| ਅ ਮੁਰੰਮਤ ਇਮਾਰਤਾਂ | |
| ੨੨ ਨਿਵਾਸ ਖਰਚ | |
| ੨੩ **ਫੰਡਜ਼** | |
| ੳ ਧਾਰਮਿਕ ਫੰਡ ਧਰਮ ਪ੍ਰਚਾਰ ਕਮੇਟੀ | ੧੪੧੫੩੪੩ |
| ਅ ਦਸਵੰਧ ਸ਼੍ਰੋਮਣੀ ਗੁ: ਪ੍ਰ: ਕਮੇਟੀ | ੯੪੩੫੬੨ |
| ੲ ਵਿਦਿਆ ਫੰਡ ਸ਼੍ਰੋਮਣੀ ਗੁ: ਪ੍ਰ : ਕਮੇਟੀ | ੪੭੧੭੯੧ |
| ਸ ਗੁਰਬਾਣੀ ਅਤੇ ਗੁਰਮਤਿ ਲਿਟ: ਫੰਡ ਸ਼੍ਰੋਮਣੀ ਕਮੇਟੀ | ੮੨੦੦੦ |
| ਹ ਸਿੱਖ ਇਤਿਹਾਸ ਫੰਡ ਸ਼੍ਰੋਮਣੀ ਗੁ: ਪ੍ਰ: ਕਮੇਟੀ | ੩੩੦੦੦ |
| ਕ ਸ਼ਹੀਦੀ ਫੰਡ ਸ਼੍ਰੋਮਣੀ ਕਮੇਟੀ | ੫੦੦੦੦ |
| ਖ ਗਰੈਚੁਅਟੀ ਤੇ ਤਨ: ਰਿਆਇਤੀ ਛੁੱਟੀਆਂ (ਸ਼੍ਰੋਮਣੀ ਕਮੇਟੀ) | ੩੩੦੦੦੦ |
| ਗ ਸਹਾਇਤਾ ਸ਼੍ਰੋਮਣੀ ਗੁ: ਪ੍ਰ: ਕਮੇਟੀ ਕੁਦਰਤੀ ਆਫਤਾਂ ਤੇ ਕੈਂਸਰ ਰੀਲੀਫ ਫੰਡ ਅਤੇ ਕੈਂਸਰ ਪੀੜਿਤਾ | ੮੭੦੦੦ |
| ਘ ਧਰਮ ਅਰਥ ਸ਼੍ਰੋਮਣੀ ਕਮੇਟੀ | ੧੭੦੦੦ |
| ਙ ਪੰਥਕ ਭਲਾਈ ਫੰਡ ਸ਼੍ਰੋਮਣੀ ਕਮੇਟੀ | ੧੭੦੦੦ |
| ਚ ਭਾਈਚਾਰਕ ਸੁਧਾਂਰ ਫੰਡ ਸ਼੍ਰੋਮਣੀ ਗੁ: ਪ੍ਰ: ਕਮੇਟੀ | ੧੭੦੦੦ |
| ੨੪ ਧਰਮ ਅਰਥ ਲੋਕਲ | ੧੦੦੦ |
| ੨੫ ਬੀਮਾ ਮੁਲਾਜ਼ਮਾਂ | ੧੦੦੦੦੦ |
| ੨੬ ਗੁਰਦੁਆਰਾ ਸਾਹਿਬ ਤਾਜੇਵਾਲਾ | |
| **ਜੋੜ:** | **੧੨੪੦੦੦੦੦** |
| ੨੭ ਸਹਾਇਤਾ | |
| ੳ ਸਹਾਇਤਾ ਦਸ਼ਮੇਸ਼ ਸਕੂਲ | |
| **ਜੋੜ:** | **੦** |
| **੨੮ ਪੂੰਜੀਗਤ ਖਰਚੇ** | |
| ੳ ਸਮਾਨ ਜਨਰਲ | ੨੦੦੦੦੦ |
| ਅ ਇਮਾਰਤਾਂ, ਜਾਇਦਾਦ ਤੇ ਬੋਰ ਆਦਿ | |
| **ਜੋੜ:** | **੨੦੦੦੦੦** |
| **ਕੁੱਲ ਜੋੜ (ਰੁਟੀਨ + ਸਹਾਇਤਾ + ਪੂੰਜੀਗਤ ਖਰਚ ਆਦਿ)** | **੧੨੬੦੦੦੦੦** |